R.N.I Regd. No. PUNPUN/2023/88634
ਫ਼ੋਨ -01633-358364 (ਮੋ. 62803-56564)
ਬੁੱਧਵਾਰ 20 ਨਵੰਬਰ - 2024 ਸ੍ਰੀ ਮੁਕਤਸਰ ਸਾਹਿਬ
ਸਾਲ (Year) : 01
ਮੁੱਲ (Rate) : 04 ਰੁ.
ਪੰਨੇ (Pages) : 8

# ਪੰਜਾਬ ਦਾ ਖੁਲਾਸਾ

ਮੁੱਖ ਸੰਪਾਦਕ : ਮਨਪ੍ਰੀਤ ਸਿੰਘ    ਸ੍ਰੀ ਮੁਕਤਸਰ ਸਾਹਿਬ    Weekly PUNJAB DA KHULASA

www.punjabdakhulasa.com    www. facbook.com/punjabdakhulasa    E.mail.punjabdakhulasa1313@gmail.com

**ਪੱਤਰਕਾਰਾਂ ਦੀ ਲੋੜ**

40 ਮੁਕਤਿਆਂ ਦੀ ਪਵਿੱਤਰ ਧਰਤੀ ਸ੍ਰੀ ਮੁਕਤਸਰ ਸਾਹਿਬ ਤੋਂ ਪ੍ਰਕਾਸ਼ਿਤ ਹੋਏ ਨਵੇਂ ਅਖਬਾਰ

**ਪੰਜਾਬ ਦਾ ਖੁਲਾਸਾ**

ਨੂੰ ਵੱਖ-ਵੱਖ ਜਿਲ੍ਹਿਆਂ ਵਿਚੋਂ ਜਿਲ੍ਹਾ ਇੰਚਾਰਜ ਅਤੇ ਪੱਤਰਕਾਰਾਂ ਦੀ ਲੋੜ ਹੈ

ਸੰਪਰਕ
**62803-56564**

ਸੰਪਾਦਕ : ਅਸ਼ੋਕ ਭਾਰਦਵਾਜ
ਸਹਿ ਸੰਪਾਦਕ ਰਣਜੀਤ ਸਿੰਘ ਚੰਦੀ



## ਬੱਚਿਆਂ ਨੂੰ ਛੁਡਾਉਣ ਗਏ ਬੰਦੇ 'ਤੇ ਹੋ ਗਿਆ ਹਮਲਾ ; ਕੁੱਟ-ਕੁੱਟ ਮਾਰ 'ਤਾ 6 ਭੈਣਾਂ ਦਾ ਇਕਲੌਤਾ ਭਰਾ

ਪੰਜਾਬ ਦਾ ਖੁਲਾਸਾ

**ਅੰਮ੍ਰਿਤਸਰ, 19 ਨਵੰਬਰ** – ਪੰਜਾਬ ਦੇ ਨੌਜਵਾਨਾਂ ਵਿਚ ਗੁੱਸਾ ਇਨਾ ਕੁ ਜ਼ਿਆਦਾ ਵਧ ਗਿਆ ਹੈ ਨਿੱਕੀ-ਨਿੱਕੀ ਗੱਲ ਪਿੱਛੇ ਉਹ ਲੜਾਈ-ਝਗੜਾ ਕਰਨ ਨੂੰ ਤਿਆਰ ਹੋ ਜਾਂਦੇ ਹਨ। ਇਹੀ ਨਹੀਂ, ਗੱਲ ਜ਼ਰਾ ਵਧ ਜਾਵੇ ਤਾਂ ਮਿੰਟਾਂ-ਸਕਿੰਟਾਂ 'ਚ ਮੰਡੀਰ ਵੀ ਇਕੱਠੀ ਹੋ ਜਾਂਦੀ ਹੈ। ਪਰ ਇਸ ਦੋ ਪਲ ਦੇ ਗੁੱਸੇ ਦਾ ਅੰਜਾਮ ਕੀ ਹੋਵੇਗਾ, ਇਹ ਉਨ੍ਹਾਂ ਨੂੰ ਬਾਅਦ 'ਚ ਹੀ ਪਤਾ ਲੱਗਦਾ ਹੈ।

ਅਜਿਹਾ ਹੀ ਇਕ ਮਾਮਲਾ ਸਾਹਮਣੇ ਆਇਆ ਹੈ ਅੰਮ੍ਰਿਤਸਰ ਤੋਂ, ਜਿੱਥੋਂ ਦੇ ਤੇਜ ਨਗਰ ਇਲਾਕੇ ਵਿਚ ਦੇਰ ਰਾਤ ਇੱਕ ਐਕਟਿਵਾ ਤੇ ਮੋਟਰਸਾਈਕਲ ਸਵਾਰ ਨੌਜਵਾਨਾਂ ਦੀ ਟੱਕਰ ਹੋ ਗਈ ਤੇ ਵੇਖਦੇ ਹੀ ਵੇਖਦੇ ਲੜਾਈ-ਝਗੜਾ ਇਨ੍ਹਾਂ ਵਧ ਗਿਆ ਕਿ ਐਕਟਿਵਾ ਸਵਾਰ ਨੌਜਵਾਨਾਂ ਨੇ ਆਪਣੇ ਸਾਥੀਆਂ ਨੂੰ ਬੁਲਾ ਲਿਆ। ਸਾਥੀਆਂ ਨੇ ਆਉਂਦਿਆਂ ਹੀ ਮੋਟਰਸਾਈਕਲ ਸਵਾਰ ਨੌਜਵਾਨ ਨਾਲ ਕੁੱਟਮਾਰ ਕਰਨੀ ਸ਼ੁਰੂ ਕਰ ਦਿੱਤੀ।

ਇਹ ਸਭ ਦੇਖ ਕੇ ਮੋਟਰਸਾਇਕਲ ਸਵਾਰ ਨੌਜਵਾਨ ਦੇ ਪਿਤਾ ਉਸ ਨੂੰ ਬਚਾਉਣ ਲੱਗੇ ਤਾਂ ਉਨ੍ਹਾਂ ਨਾਲ ਵੀ ਨੌਜਵਾਨਾਂ ਨੇ ਕੁੱਟਮਾਰ ਕਰਨੀ ਸ਼ੁਰੂ ਕਰ ਦਿੱਤੀ। ਇਹ ਸਾਰੀ ਘਟਨਾ ਸੀ.ਸੀ.ਟੀ.ਵੀ. ਕੈਮਰੇ ਵਿੱਚ ਕੈਦ ਹੋ ਗਈ। ਇਸ ਕੁੱਟਮਾਰ ਕਾਰਨ ਮੋਟਰਸਾਈਕਲ ਸਵਾਰ ਨੌਜਵਾਨ ਦੇ ਪਿਤਾ ਦੀ ਮੌਕੇ 'ਤੇ ਹੀ ਮੌਤ ਹੋ ਗਈ।

ਦੱਸਿਆ ਜਾ ਰਿਹਾ ਹੈ ਕਿ ਜਿਸ ਵਿਅਕਤੀ ਦੀ ਮੌਤ ਹੋਈ ਹੈ, ਉਹ 6 ਭੈਣਾਂ ਦਾ ਇਕਲੌਤਾ ਭਰਾ ਸੀ ਤੇ ਇੱਕ ਅੰਮ੍ਰਿਤਧਾਰੀ ਸਿੱਖ ਸੀ। ਉੱਥੇ ਹੀ ਪੀੜਤ ਪਰਿਵਾਰ ਤੇ ਇਲਾਕਾ ਵਾਸੀਆਂ ਨੇ ਪੁਲਸ ਪ੍ਰਸ਼ਾਸਨ ਕੋਲੋਂ ਇਨਸਾਫ ਦੀ ਗੁਹਾਰ ਲਗਾਈ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਇਹ ਮਾਮਲਾ ਦੇਰ ਰਾਤ ਦਾ ਹੈ ਤੇ ਅਜੇ ਤੱਕ ਪੁਲਸ ਵੱਲੋਂ ਨਾ ਤਾਂ ਐੱਫ.ਆਈ.ਆਰ. ਦਰਜ ਕੀਤੀ ਗਈ ਹੈ ਤੇ ਨਾ ਹੀ ਮੁਲਜ਼ਮਾਂ ਨੂੰ ਕਾਬੂ ਕੀਤਾ ਗਿਆ ਹੈ।

ਮੌਕੇ 'ਤੇ ਪੁੱਜੇ ਪੁਲਸ ਅਧਿਕਾਰੀਆਂ ਨੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਦੇ ਸਿਵਲ ਹਸਪਤਾਲ ਜਮ੍ਹਾ ਕਰਵਾ ਦਿੱਤਾ ਹੈ। ਇਸ ਦੌਰਾਨ ਜਦੋਂ ਮੀਡੀਆ ਨੇ ਗੱਲਬਾਤ ਕਰਨ ਦੀ ਕੋਸ਼ਿਸ਼ ਕੀਤੀ ਤਾਂ ਪੁਲਿਸ ਅਧਿਕਾਰੀ ਭੱਜਦਾ ਹੋਇਆ ਨਜ਼ਰ ਆਇਆ ਉਸਦਾ ਕਹਿਣਾ ਸੀ ਕਿ ਸਾਡੇ ਉੱਚ ਅਧਿਕਾਰੀ ਹੀ ਇਸ ਦੇ ਬਾਰੇ ਗੱਲਬਾਤ ਕਰਨਗੇ। ਫਿਲਹਾਲ ਪੁਲਿਸ ਵੱਲੋਂ ਮਾਮਲਾ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# ਫਿਰ ਬਦਲੇ ਸੋਨੇ ਦੇ ਭਾਅ, ਦੋ ਦਿਨਾਂ 'ਚ 1500 ਰੁਪਏ ਮਹਿੰਗਾ ਹੋਇਆ

ਪੰਜਾਬ ਦਾ ਖੁਲਾਸਾ

**ਨਵੀਂ ਦਿੱਲੀ, 19 ਨਵੰਬਰ** – ਪਿਛਲੇ ਦੋ ਦਿਨਾਂ ਤੋਂ ਸੋਨੇ ਦੀਆਂ ਕੀਮਤਾਂ 'ਚ ਫਿਰ ਤੇਜ਼ੀ ਦੇਖਣ ਨੂੰ ਮਿਲ ਰਹੀ ਹੈ। ਭਾਰਤੀ ਬਾਜ਼ਾਰਾਂ ਦੇ ਨਾਲ-ਨਾਲ ਅਮਰੀਕੀ ਬਾਜ਼ਾਰਾਂ 'ਚ ਵੀ ਸੋਨਾ ਮਹਿੰਗਾ ਹੋ ਗਿਆ ਹੈ। ਸੋਮਵਾਰ ਅਤੇ ਮੰਗਲਵਾਰ ਸਵੇਰੇ 10 ਵਜੇ ਤੱਕ ਮਲਟੀ ਕਮੋਡਿਟੀ ਐਕਸਚੇਂਜ 'ਚ ਸੋਨੇ ਦੀਆਂ ਕੀਮਤਾਂ 'ਚ 1500 ਰੁਪਏ ਤੋਂ ਜ਼ਿਆਦਾ ਦਾ ਵਾਧਾ ਹੋਇਆ, ਜਦਕਿ ਚਾਂਦੀ ਦੀਆਂ ਕੀਮਤਾਂ ਵੀ 91 ਹਜ਼ਾਰ ਰੁਪਏ ਪ੍ਰਤੀ ਕਿਲੋਗ੍ਰਾਮ ਨੂੰ ਪਾਰ ਕਰ ਗਈਆਂ। ਇਸੇ ਤਰ੍ਹਾਂ ਨਿਊਯਾਰਕ ਦੇ ਕਾਮੈਕਸ ਬਜ਼ਾਰ 'ਚ ਸੋਨੇ ਦੀ ਕੀਮਤ 2600 ਡਾਲਰ ਪ੍ਰਤੀ ਔਂਸ ਨੂੰ ਪਾਰ ਕਰ ਗਈ ਹੈ।



### ਵਧਦੀਆਂ ਕੀਮਤਾਂ ਕਾਰਨ

ਮਾਹਿਰਾਂ ਮੁਤਾਬਕ ਭਾਰਤ 'ਚ ਸੋਨੇ ਦੀ ਮੰਗ ਵਧਣ ਦਾ ਮੁੱਖ ਕਾਰਨ ਵਿਆਹਾਂ ਦਾ ਸੀਜ਼ਨ ਹੈ, ਜਿਸ ਕਾਰਨ ਸਥਾਨਕ ਪੱਧਰ 'ਤੇ ਸੋਨੇ ਦੀ ਮੰਗ ਵਧੀ ਹੈ। ਇਸ ਤੋਂ ਇਲਾਵਾ ਕੌਮਾਂਤਰੀ ਬਾਜ਼ਾਰ 'ਚ ਡਾਲਰ ਇੰਡੈਕਸ 'ਤੇ ਦਬਾਅ ਕਾਰਨ ਵੀ ਸੋਨੇ ਦੀਆਂ ਕੀਮਤਾਂ 'ਚ ਤੇਜ਼ੀ ਦੇਖਣ ਨੂੰ ਮਿਲ ਰਹੀ ਹੈ, ਜਿਸ ਦਾ ਅਸਰ ਭਾਰਤੀ ਬਾਜ਼ਾਰਾਂ 'ਚ ਦੇਖਣ ਨੂੰ ਮਿਲ ਰਿਹਾ ਹੈ। ਮਾਹਿਰਾਂ ਦਾ ਕਹਿਣਾ ਹੈ ਕਿ ਆਉਣ ਵਾਲੇ ਦਿਨਾਂ 'ਚ ਡਾਲਰ ਇੰਡੈਕਸ ਅਤੇ ਸੋਨੇ ਦੀ ਮੰਗ 'ਚ ਉਤਰਾਅ-ਚੜ੍ਹਾਅ ਆ ਸਕਦੇ ਹਨ, ਜਿਸ ਕਾਰਨ ਸੋਨੇ ਦੀਆਂ ਕੀਮਤਾਂ 'ਚ ਅਸਥਿਰਤਾ ਬਣੀ ਰਹਿ ਸਕਦੀ ਹੈ। ਇਸ ਸਮੇਂ ਦਿੱਲੀ ਤੋਂ ਨਿਊਯਾਰਕ ਤੱਕ ਸੋਨੇ ਦੀ ਕੀਮਤ ਵਿਚ ਵਾਧਾ ਦੇਖਣ ਨੂੰ ਮਿਲ ਰਿਹਾ ਹੈ ਜੋ ਕਿ ਨਿਵੇਸ਼ਕਾਂ ਅਤੇ ਖ਼ਰੀਦਦਾਰਾਂ ਲਈ ਮਹੱਤਵਪੂਰਨ ਹੈ।

### ਸੋਨੇ-ਚਾਂਦੀ ਦੀਆਂ ਕੀਮਤਾਂ 'ਚ ਜ਼ਬਰਦਸਤ ਵਾਧਾ

ਮੰਗਲਵਾਰ ਸਵੇਰੇ 10:15 ਵਜੇ ਸੋਨਾ 327 ਰੁਪਏ ਦੇ ਵਾਧੇ ਨਾਲ 75,374 ਰੁਪਏ ਪ੍ਰਤੀ 10 ਗ੍ਰਾਮ 'ਤੇ ਕਾਰੋਬਾਰ ਕਰ ਰਿਹਾ ਸੀ, ਜਦਕਿ ਇਸੇ ਸੈਸ਼ਨ ਦੌਰਾਨ ਇਹ 75,450 ਰੁਪਏ ਦੇ ਉੱਚ ਪੱਧਰ 'ਤੇ ਪਹੁੰਚ ਗਿਆ ਸੀ। ਅੱਜ ਸਵੇਰੇ ਸੋਨਾ 75,200 ਰੁਪਏ 'ਤੇ ਖੁੱਲ੍ਹਿਆ ਸੀ, ਜਦੋਂ ਕਿ ਪਿਛਲੇ ਕਾਰੋਬਾਰੀ ਦਿਨ ਸੋਮਵਾਰ ਨੂੰ ਬਾਜ਼ਾਰ ਬੰਦ ਹੋਣ ਦੇ ਸਮੇਂ ਸੋਨਾ 75,047 ਰੁਪਏ 'ਤੇ ਸੀ। ਪਿਛਲੇ ਹਫਤੇ ਦੇ ਅੰਤ 'ਚ ਸੋਨਾ 73,946 ਰੁਪਏ 'ਤੇ ਸੀ, ਜਿਸ 'ਚ ਹੁਣ ਤੱਕ 1,504 ਰੁਪਏ ਦਾ ਵਾਧਾ ਹੋ ਚੁੱਕਾ ਹੈ। ਚਾਂਦੀ 91 ਹਜ਼ਾਰ ਦੇ ਪੱਧਰ ਨੂੰ ਪਾਰ ਕਰ ਗਈ

MCX 'ਤੇ ਚਾਂਦੀ ਦੀ ਕੀਮਤ 91 ਹਜ਼ਾਰ ਰੁਪਏ ਪ੍ਰਤੀ ਕਿਲੋਗ੍ਰਾਮ ਦੇ ਪੱਧਰ ਨੂੰ ਪਾਰ ਕਰ ਗਈ ਹੈ। ਮੰਗਲਵਾਰ ਸਵੇਰੇ 10:20 ਵਜੇ ਚਾਂਦੀ 473 ਰੁਪਏ ਦੇ ਵਾਧੇ ਨਾਲ 90,986 ਰੁਪਏ 'ਤੇ ਕਾਰੋਬਾਰ ਕਰ ਰਹੀ ਸੀ ਅਤੇ ਸੈਸ਼ਨ ਦੌਰਾਨ 91,100 ਰੁਪਏ ਦੇ ਉੱਚ ਪੱਧਰ ਨੂੰ ਵੀ ਛੂਹ ਗਈ ਸੀ। ਸੋਮਵਾਰ ਨੂੰ ਚਾਂਦੀ ਦੀ ਕੀਮਤ 90,513 ਰੁਪਏ ਸੀ, ਜਦੋਂ ਕਿ ਪਿਛਲੇ ਹਫਤੇ ਦੇ ਆਖਰੀ ਕਾਰੋਬਾਰੀ ਦਿਨ ਇਸ ਦੀ ਕੀਮਤ 88,421 ਰੁਪਏ ਸੀ, ਜਿਸ ਕਾਰਨ ਇਸ ਵਿੱਚ ਹੁਣ ਤੱਕ 2,679 ਰੁਪਏ ਦਾ ਵਾਧਾ ਹੋਇਆ ਹੈ।

ਵਿਦੇਸ਼ੀ ਬਾਜ਼ਾਰਾਂ 'ਚ ਵੀ ਸੋਨੇ-ਚਾਂਦੀ ਦੀਆਂ ਕੀਮਤਾਂ 'ਚ ਵਾਧਾ ਦੇਖਣ ਨੂੰ ਮਿਲ ਰਿਹਾ ਹੈ। ਕਾਮੈਕਸ ਬਾਜ਼ਾਰ 'ਚ ਸੋਨਾ 12 ਡਾਲਰ ਪ੍ਰਤੀ ਔਂਸ ਦੇ ਵਾਧੇ ਨਾਲ 2,627.30 ਡਾਲਰ 'ਤੇ ਕਾਰੋਬਾਰ ਕਰ ਰਿਹਾ ਹੈ ਅਤੇ ਸੋਨਾ ਹਾਜ਼ਰ 11.49 ਡਾਲਰ ਪ੍ਰਤੀ ਔਂਸ ਵਧ ਕੇ 2,623.32 ਡਾਲਰ 'ਤੇ ਕਾਰੋਬਾਰ ਕਰ ਰਿਹਾ ਹੈ। ਕਾਮੈਕਸ ਸਿਲਵਰ ਫਿਊਚਰ ਵੀ 0.66% ਵਧ ਕੇ 31.43 ਡਾਲਰ ਪ੍ਰਤੀ ਔਂਸ 'ਤੇ ਹੈ ਅਤੇ ਸਿਲਵਰ ਸਪੌਟ 0.58% ਦੇ ਵਾਧੇ ਨਾਲ 31.35 ਡਾਲਰ ਪ੍ਰਤੀ ਔਂਸ 'ਤੇ ਹੈ।

### ਡਾਲਰ ਸੂਚਕਾਂਕ ਵਿੱਚ ਗਿਰਾਵਟ ਅਤੇ ਸੋਨੇ ਦੀ ਮੰਗ ਵਧਣ ਦਾ ਪ੍ਰਭਾਵ

ਡਾਲਰ ਇੰਡੈਕਸ 'ਚ ਗਿਰਾਵਟ ਕਾਰਨ ਕੌਮਾਂਤਰੀ ਬਾਜ਼ਾਰ 'ਚ ਸੋਨੇ ਦੀਆਂ ਕੀਮਤਾਂ 'ਚ ਤੇਜ਼ੀ ਆਈ ਹੈ। ਡਾਲਰ ਇੰਡੈਕਸ ਇਸ ਸਮੇਂ 106.23 ਦੇ ਪੱਧਰ 'ਤੇ ਹੈ, ਜਦੋਂ ਕਿ ਇਹ ਕਾਰੋਬਾਰੀ ਸੈਸ਼ਨ ਦੌਰਾਨ 106.12 ਤੱਕ ਵੀ ਪਹੁੰਚ ਗਿਆ ਸੀ। ਭਾਰਤ 'ਚ ਵਿਆਹਾਂ ਦੇ ਸੀਜ਼ਨ ਕਾਰਨ ਸੋਨੇ ਦੀ ਸਥਾਨਕ ਮੰਗ ਵੀ ਵਧੀ ਹੈ, ਜੋ ਕੀਮਤਾਂ ਨੂੰ ਸਮਰਥਨ ਦੇ ਰਹੀ ਹੈ। ਮਾਹਿਰਾਂ ਮੁਤਾਬਕ ਆਉਣ ਵਾਲੇ ਦਿਨਾਂ 'ਚ ਸੋਨੇ ਦੀਆਂ ਕੀਮਤਾਂ 'ਚ ਉਤਰਾਅ-ਚੜ੍ਹਾਅ ਆ ਸਕਦੇ ਹਨ।

## ਸਿਲੰਡਰ 'ਚ ਹੋਇਆ ਵੱਡਾ ਧਮਾਕਾ, 3 ਬੱਚਿਆਂ ਸਣੇ ਪਰਿਵਾਰ ਦੇ 4 ਜੀਅ ਝੁਲਸੇ

ਪੰਜਾਬ ਦਾ ਖੁਲਾਸਾ

**ਜੌਨਪੁਰ, 19 ਨਵੰਬਰ** — ਉੱਤਰ ਪ੍ਰਦੇਸ਼ 'ਚ ਜੌਨਪੁਰ ਜ਼ਿਲ੍ਹੇ ਦੇ ਖੁਟਹਨ ਥਾਣਾ ਖੇਤਰ ਦੇ ਬਡਸਰਾ ਪਿੰਡ ਦੀ ਮੱਲ੍ਹਾ ਬਸਤੀ 'ਚ ਮੰਗਲਵਾਰ ਦੇਰ ਸ਼ਾਮ ਖਾਣਾ ਪਕਾਉਂਦੇ ਸਮੇਂ ਸਿਲੰਡਰ 'ਚ ਵੱਡਾ ਧਮਾਕਾ ਹੋ ਗਿਆ। ਇਸ ਘਟਨਾ ਵਿੱਚ ਇਕ ਹੀ ਪਰਿਵਾਰ ਦੇ ਤਿੰਨ ਬੱਚੇ ਅਤੇ ਇਕ ਨੌਜਵਾਨ ਗੰਭੀਰ ਰੂਪ 'ਚ ਝੁਲਸ ਗਏ। ਧਮਾਕਾ ਇੰਨਾ ਭਿਆਨਕ ਸੀ ਕਿ ਪਲਾਂ ਵਿੱਚ ਹੀ 13 ਰਿਹਾਇਸ਼ੀ ਸ਼ੈੱਡ ਅਤੇ ਉਨ੍ਹਾਂ ਵਿੱਚ ਰੱਖਿਆ ਸਾਰਾ ਸਾਮਾਨ ਸੜ ਕੇ ਸੁਆਹ ਹੋ ਗਿਆ। ਮੌਕੇ 'ਤੇ ਪਹੁੰਚੇ ਥਾਣਾ ਸਦਰ ਦੇ ਇੰਚਾਰਜ ਬ੍ਰਹਮ ਪ੍ਰਕਾਸ਼ ਸਿੰਘ ਨੇ ਪਿੰਡ ਵਾਸੀਆਂ ਦੀ ਮਦਦ ਨਾਲ ਜ਼ਖ਼ਮੀਆਂ ਨੂੰ ਹਸਪਤਾਲ ਪਹੁੰਚਾਇਆ।

ਪੁਲਸ ਅਨੁਸਾਰ ਜ਼ਿਲ੍ਹੇ ਦੇ ਪਿੰਡ ਬਡਸਰਾ ਦੇ ਰਹਿਣ ਵਾਲੇ ਬ੍ਰਿਜੇਸ਼ ਨਾਵਿਕ ਦੀ 13 ਸਾਲਾ ਧੀ ਸ਼ਾਮ ਵੇਲੇ ਸਟੋਵ 'ਤੇ ਖਾਣਾ ਬਣਾ ਰਹੀ ਸੀ ਉਦੋਂ ਹੀ ਸਟੋਵ 'ਚੋਂ ਨਿਕਲੀ ਚੰਗਿਆੜੀ ਕਾਰਨ ਸਿਲੰਡਰ ਨੂੰ ਅੱਗ ਲੱਗ ਗਈ। ਚਸ਼ਮਦੀਦਾਂ ਨੇ ਦੱਸਿਆ ਕਿ ਅੱਗ ਲੱਗਣ ਤੋਂ ਬਾਅਦ ਸਿਲੰਡਰ ਪੰਜਾਹ ਫੁੱਟ ਤੱਕ ਅਸਮਾਨ ਵਿੱਚ ਫਟ ਗਿਆ ਅਤੇ ਮਲਬਾ ਰਿਹਾਇਸ਼ੀ ਇਲਾਕੇ ਦੀਆਂ ਛੱਤਾਂ 'ਤੇ ਡਿੱਗ ਗਿਆ। ਜਿਸ ਕਾਰਨ ਸਾਰੀਆਂ ਛੱਤਾਂ ਨੂੰ ਨਾਲੋ-ਨਾਲ ਅੱਗ ਲੱਗ ਗਈ। ਇਸ ਅੱਗ ਵਿੱਚ ਘਰ ਵਿੱਚ ਮੌਜੂਦ ਤਿੰਨ ਬੱਚੇ ਪਾਇਲ (13), ਅਮਿਤ (7), ਰੀਆ (4) ਗੰਭੀਰ ਰੂਪ ਵਿੱਚ ਝੁਲਸ ਗਏ। ਬੱਚਿਆਂ ਨੂੰ ਬਚਾਉਣ ਦੀ ਕੋਸ਼ਿਸ਼ ਵਿੱਚ ਉਨ੍ਹਾਂ ਦਾ ਪਿਤਾ ਬ੍ਰਿਜੇਸ਼ ਵੀ ਝੁਲਸ ਗਿਆ। ਸਾਰਿਆਂ ਦਾ ਸੀ.ਐਚ.ਸੀ. ਬਦਲਾਪੁਰ ਵਿਖੇ ਇਲਾਜ ਕੀਤਾ ਜਾ ਰਿਹਾ ਹੈ।

## ਟਰੱਕ ਦੀ ਫੇਟ ਵੱਜਣ ਨਾਲ ਮੋਟਰਸਾਈਕਲ ਚਾਲਕ ਦੀ ਮੌਤ

ਪੰਜਾਬ ਦਾ ਖੁਲਾਸਾ



**ਨੂਰਪੁਰਬੇਦੀ, 19 ਨਵੰਬਰ (ਦਲਜੀਤ ਚਨੌਲੀ)**– ਪਿੰਡ ਰਾਏਪੁਰ ਮੁੰਨੇ ਲਾਗੇ ਇਕ ਟਰੱਕ ਦੀ ਫੇਟ ਵੱਜਣ ਨਾਲ 46 ਸਾਲਾ ਮੋਟਰਸਾਈਲਕ ਚਾਲਕ ਦੀ ਮੌਤ ਹੋ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਇਸ ਸਬੰਧੀ ਏ.ਐੱਸ.ਆਈ. ਸਮਸ਼ੇਰ ਸਿੰਘ ਨੇ ਦੱਸਿਆ ਕਿ ਪਰਮਜੀਤ ਪੁੱਤਰ ਜਗਤ ਰਾਮ, ਪਿੰਡ ਝਾਂਡੀਆਂ ਕਲਾਂ ਦੇ ਵੱਡੇ ਭਰਾ ਓਮ ਪ੍ਰਕਾਸ਼ ਵੱਲੋਂ ਦਰਜ ਕਰਵਾਏ ਬਿਆਨਾਂ ਅਨੁਸਾਰ ਉਹ ਪਿੰਡ ਬੜਵਾ ਵਿਖੇ ਇਕ ਵਿਆਹ ਸਮਾਗਮ ਤੋਂ ਵਾਪਿਸ ਆਪਣੇ ਪਿੰਡ ਜਾ ਰਹੇ ਸਨ ਇਸ ਦੌਰਾਨ ਉਸਦਾ ਭਰਾ ਪਰਮਜੀਤ ਅੱਗੇ ਆਪਣੇ ਮੋਟਰਸਾਈਕਲ 'ਤੇ ਜਦਕਿ ਉਹ ਉਸਦੇ ਪਿੱਛੇ ਆਪਣੇ ਮੋਟਰਸਾਈਕਲ 'ਤੇ ਜਾ ਰਿਹਾ ਸੀ ਕਿ ਸ਼ਾਮੀਂ ਕਰੀਬ 6 ਕੁ ਵਜੇ ਜਦੋਂ ਉਹ ਪਿੰਡ ਰਾਏਪੁਰ ਮੁੰਨੇ ਲਾਗੇ ਪਹੁੰਚੇ ਤਾਂ ਰੂਪਨਗਰ ਦੀ ਤਰਫੋਂ ਆ ਰਹੇ ਇਕ ਹਿਮਾਚਲ ਨੰਬਰੀ ਟਰੱਕ ਚਾਲਕ ਨੇ ਉਸਦੇ ਭਰਾ ਦੇ ਮੋਟਰਸਾਈਕਲ 'ਚ ਟੱਕਰ ਮਾਰ ਦਿੱਤੀ ਜਿਸਦੇ ਚੱਲਦਿਆਂ ਉਸਦਾ ਭਰਾ ਗੰਭੀਰ ਰੂਪ 'ਚ ਜਖਮੀਂ ਹੋ ਗਿਆ ਜਿਸਨੂੰ ਤੁਰੰਤ ਸਰਕਾਰੀ ਹਸਪਤਾਲ ਸਿੰਘਪੁਰ ਵਿਖੇ ਇਲਾਜ ਲਈ ਲਿਜਾਇਆ ਗਿਆ ਮਗਰ ਡਾਕਟਰਾਂ ਨੇ ਉਸਨੂੰ ਮਿ੍ਤਕ ਐਲਾਨ ਦਿੱਤਾ ਉਨ੍ਹਾਂ ਟਰੱਕ ਦਾ ਨੰਬਰ ਨੋਟ ਕਰਕੇ ਇਸਦੀ ਪੁਲਸ ਨੂੰ ਜਾਣਕਾਰੀ ਦਿੱਤੀ ਜਿਸਤੋਂ ਉਪਰੰਤ ਪੁਲਸ ਨੇ ਟਰੱਕ ਨੰਬਰ ਐੱਚ.ਪੀ.-62-ਏ-2179 ਨੂੰ ਕਬਜ਼ੇ 'ਚ ਲੈ ਕੇ ਫਰਾਰ ਹੋਏ ਉਸਦੇ ਨਾਮਲੂਮ ਚਾਲਕ ਦੇ ਖਿਲਾਫ ਵੱਖ-ਵੱਖ ਧਾਰਾਵਾਂ ਹੇਠ ਮਾਮਲਾ ਦਰਜ ਕਰਕੇ ਅਗਲੇਰੀ ਕਾਨੂੰਨੀ ਕਾਰਵਾਈ ਆਰੰਭ ਦਿੱਤੀ ਪੁਲਸ ਨੇ ਅੱਜ ਦੁਪਹਿਰ ਮਿ੍ਤਕ ਦਾ ਸ਼੍ਰੀ ਅਨੰਦਪੁਰ ਸਾਹਿਬ ਸਥਿਤ ਸਰਕਾਰੀ ਹਸਪਤਾਲ ਵਿਖੇ ਪੋਸਟਮਾਰਟਮ ਕਰਵਾ ਕੇ ਲਾਸ਼ ਨੂੰ ਵਾਰਿਸਾਂ ਹਵਾਲੇ ਕਰ ਦਿੱਤਾ ਮਿਤਕ ਆਪਣੇ ਪਿੱਛੇ ਵਿਧਵਾ ਪਤਨੀ ਤੋਂ ਇਲਾਵਾ 3 ਲੜਕੀਆਂ ਤੇ 1 ਲੜਕਾ ਛੱਡ ਗਿਆ ਹੈ ।

# ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਡੀ ਏ ਦੇਣ ਦੇ ਮਾਮਲੇ ਵਿੱਚ ਬਿਹਾਰ ਤੋਂ ਵੀ ਪਛੜ ਗਿਆ ਪੰਜਾਬ ਰਾਜ

ਪੰਜਾਬ ਦਾ ਖੁਲਾਸਾ

**ਕੇਂਦਰੀ ਪੈਟਰਨ ਅਨੁਸਾਰ ਬਣਦੇ ਹੋਰ 11 ਫੀਸਦੀ ਡੀ . ਏ. ਦੀਆਂ ਤਿੰਨ ਕਿਸ਼ਤਾਂ ਤੁਰੰਤ ਦਿੱਤੀਆਂ ਜਾਣ - ਪੰਜਾਬ ਪੈਨਸ਼ਨਰਜ਼ ਯੂਨੀਅਨ ਨੇ ਪੰਜਾਬ ਸਰਕਾਰ ਤੋਂ ਕੀਤੀ ਮੰਗ**

**ਜੈਤੋਂ, 19 ਨਵੰਬਰ (ਰਘੂਨੰਦਨ ਪਰਾਸ਼ਰ ):** ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਪੰਜਾਬ ਦੀ ਵਿੱਤੀ ਹਾਲਤ ਸੁਧਰਨ ਦਾ ਜੋ ਮਰਜ਼ੀ ਪ੍ਰਚਾਰ ਕਰੀ ਜਾਣ, ਪਰ ਪੰਜਾਬ ਦੀ ਅਸਲ ਸਥਿਤੀ ਇਹ ਹੈ ਕਿ ਇਸ ਸਰਕਾਰ ਦੀਆਂ ਫਜ਼ੂਲ ਖਰਚੀਆਂ ਕਾਰਨ, ਫੋਕੀ ਇਸ਼ਤਿਆਰਬਾਜੀ ਕਰਨ ਕਾਰਨ ਅਤੇ ਆਮ ਆਦਮੀ ਪਾਰਟੀ ਦੇ ਚੋਣ ਪ੍ਰਚਾਰ ਲਈ ਵੱਖ ਵੱਖ ਰਾਜਾਂ ਵਿੱਚ ਵਰਤੇ ਗਏ ਹੈਲੀਕਾਪਟਰ ਤੇ ਹਵਾਈ ਜ਼ਹਾਜ਼ਾਂ ਦੇ ਨਜ਼ਾਇਜ਼ ਝੂਟਿਆਂ ਕਾਰਨ ਪੰਜਾਬ ਸਿਰ ਦਿਨੋ ਦਿਨ ਕਰਜੇ ਦੀ ਪੰਡ ਹੋਰ ਭਾਰੂ ਹੋ ਰਹੀ ਹੈ। ਵਰਣਨ ਯੋਗ ਹੈ ਕਿ ਕੇਂਦਰ ਸਰਕਾਰ, ਚੰਡੀਗੜ੍ਹ ਪ੍ਰਸ਼ਾਸਨ, ਹਰਿਆਣਾ ਸਰਕਾਰ, ਰਾਜਸਥਾਨ ਸਰਕਾਰ , ਬਿਹਾਰ ਸਰਕਾਰ ਅਤੇ ਬਹੁਤ ਸਾਰੇ ਰਾਜਾਂ ਦੇ ਲੱਖਾਂ ਮੁਲਾਜ਼ਮ ਅਤੇ ਪੈਨਸ਼ਨਰ ਇਸ ਸਮੇਂ 53 ਫੀਸਦੀ ਮਹਿੰਗਾਈ ਭੱਤਾ ਲੈ ਰਹੇ ਹਨ ਤੇ ਪੰਜਾਬ ਸਰਕਾਰ ਨੇ ਰੋ ਪਿੱਟਕੇ ਆਪਣੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ 1 ਨਵੰਬਰ 2024 ਦੀ ਤਨਖਾਹ ਅਤੇ ਪੈਨਸ਼ਨ ਦੇ ਨਾਲ 38 ਫੀਸਦੀ ਤੋਂ 42 ਫੀਸਦੀ ਡੀ . ਏ .ਦਿੱਤਾ ਹੈ। ਵਿੱਤ ਵਿਭਾਗ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਪੱਤਰ ਅਨੁਸਾਰ ਇਸ ਡੀ .ਏ .ਦਾ 1ਜਨਵਰੀ 2023 ਤੋਂ 31 ਅਕਤੂਬਰ 2024 ਤੱਕ 22 ਮਹੀਨਿਆਂ ਦਾ ਬਣਦਾ ਬਕਾਇਆ ਵੀ ਉਸ ਖੂਹ ਖਾਤੇ ਵਿੱਚ ਸੁੱਟ ਦਿੱਤਾ ਹੈ ਜਿਸ ਖੂਹ ਖਾਤੇ ਵਿੱਚ ਅਕਾਲੀ ਭਾਜਪਾ ਗੱਠਜੋੜ ਸਰਕਾਰ ਸਮੇਂ ਦੇ 16 ਮਹੀਨਿਆਂ ਦਾ, ਕਾਂਗਰਸ ਪਾਰਟੀ ਦੇ ਰਾਜ ਭਾਗ ਸਮੇਂ ਦੇ 155 ਮਹੀਨਿਆਂ ਦਾ ਅਤੇ ਆਮ ਆਦਮੀ ਪਾਰਟੀ ਦੇ ਰਾਜ ਭਾਗ ਸਮੇਂ 96 ਮਹੀਨਿਆਂ ਦਾ ਭਾਵ ਕੁਲ 267 ਮਹੀਨਿਆਂ ਦਾ ਬਣਦਾ ਬਕਾਇਆ ਪਹਿਲਾਂ ਹੀ ਖੂਹ ਖਾਤੇ ਵਿੱਚ ਡਿੱਗਿਆ ਪਿਆ ਹੈ। ਪੰਜਾਬ ਦੇ ਲੱਖਾਂ ਮੁਲਾਜ਼ਮਾ ਅਤੇ ਪੈਨਸ਼ਨਰਾਂ ਨੂੰ ਇਸ ਬਣਦੇ ਬਕਾਏ ਦੇ ਮਿਲਣ ਦੀ ਕੋਈ ਸੰਭਾਵਨਾ ਵੀ ਨਜ਼ਰ ਨਹੀਂ ਆ ਰਹੀ। ਇਸ ਮਾਮਲੇ ਬਾਰੇ ਟਿੱਪਣੀ ਕਰਦੇ ਹੋਏ ਪੰਜਾਬ ਪੈਨਸ਼ਨਰਜ਼ ਯੂਨੀਅਨ (ਸਬੰਧਤ ਏਟਕ ਅਤੇ ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ 1680 ਸੈਕਟਰ 22 ਬੀ , ਚੰਡੀਗੜ੍ਹ) ਦੇ ਸੂਬਾਈ ਚੇਅਰਮੈਨ ਗੁਰਦੀਪ ਸਿੰਘ ਮੋਤੀ, ਵਰਕਿੰਗ ਚੇਅਰਮੈਨ ਅਵਤਾਰ ਸਿੰਘ ਗਗੜਾ, ਸਰਪ੍ਰਸਤ ਚਰਨ ਸਿੰਘ ਸਰਾਭਾ , ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ, ਜਨਰਲ ਸਕੱਤਰ ਪ੍ਰੇਮ ਚਾਵਲਾ, ਸੀਨੀਅਰ ਮੀਤ ਪ੍ਰਧਾਨ ਗੁਰਜੀਤ ਸਿੰਘ ਘੋੜੇਵਾਹ ਤੇ ਜਗਤਾਰ ਸਿੰਘ ਭੁੰਗਰਨੀ , ਮੁੱਖ ਜਥੇਬੰਦਕ ਸਕੱਤਰ ਅਵਤਾਰ ਸਿੰਘ ਤਾਰੀ, ਵਿੱਤ ਸਕੱਤਰ ਪ੍ਰਿਤਪਾਲ ਸਿੰਘ ਪੰਡੋਰੀ, ਪ੍ਰੈਸ ਸਕੱਤਰ ਭੁਪਿੰਦਰ ਸਿੰਘ ਸੇਖੋਂ ਅਤੇ ਕੁਲਵੰਤ ਸਿੰਘ ਚਾਨੀ ਨੇ ਮੌਜੂਦਾ ਹੁਕਮਰਾਨ ਪੰਜਾਬ ਸਰਕਾਰ ਤੇ ਦੋਸ਼ ਲਾਇਆ ਕਿ ਪਿਛਲੀਆਂ ਹੁਕਮਰਾਨ ਸਰਕਾਰਾਂ ਤੋਂ ਵੀ ਦੋ ਕਦਮ ਅੱਗੇ ਜਾ ਕੇ ਭਗਵੰਤ ਮਾਨ ਸਰਕਾਰ ਨੇ ਲਗਾਤਾਰ ਆਪਣੇ ਪੌਣੇ ਤਿੰਨ ਸਾਲ ਦੇ ਕਾਰਜਕਾਲ ਦੌਰਾਨ ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਵਤੀਰਾ ਅਪਣਾਇਆ ਹੋਇਆ ਹੈ ਅਤੇ ਪੰਜਾਬ ਦੀ ਉੱਚ ਅਫਸਰਸ਼ਾਹੀ ( ਸਾਰੇ ਆਈ. ਏ. ਐਸ .ਅਤੇ ਆਈ .ਪੀ .ਐਸ . ਅਫ਼ਸਰਾਂ ) ਨੂੰ ਪੰਜਾਬ ਸਰਕਾਰ 53 ਫੀਸਦੀ ਡੀ ਏ ਦੇ ਰਹੀ ਹੈ। ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਕੇਂਦਰੀ ਪੈਟਰਨ ਅਨੁਸਾਰ 11 ਫੀਸਦੀ ਦੀ ਦਰ ਨਾਲ ਬਕਾਇਆ ਪਈਆਂ ਡੀ ਏ ਦੀਆਂ ਤਿੰਨ ਕਿਸ਼ਤਾਂ ਤੁਰੰਤ ਦਿੱਤੀਆਂ ਜਾਣ।ਆਗੂਆਂ ਨੇ ਉਮੀਦ ਪ੍ਰਗਟ ਕੀਤੀ ਹੈ ਕਿ ਆਮ ਆਦਮੀ ਪਾਰਟੀ ਤੇ ਪੰਜਾਬ ਸਰਕਾਰ ਦੇ ਇਸ ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਵਤੀਰੇ ਦਾ ਜਵਾਬ 20 ਨਵੰਬਰ ਨੂੰ ਪੰਜਾਬ ਵਿਧਾਨ ਸਭਾ ਦੀਆਂ ਚਾਰ ਜਿਮਨੀ ਚੋਣਾਂ ਚੱਬੇਵਾਲ , ਡੇਰਾ ਬਾਬਾ ਨਾਨਕ, ਗਿੱਦੜਬਾਹਾ ਅਤੇ ਬਰਨਾਲਾ ਦੌਰਾਨ ਵੱਖ ਵੱਖ ਪਿੰਡਾਂ ਅਤੇ ਸ਼ਹਿਰਾਂ ਦੇ ਲੋਕ , ਮੁਲਾਜ਼ਮ ਅਤੇ ਪੈਨਸ਼ਨਰ ਜ਼ਰੂਰ ਦਿੰਦੇ ਹੋਏ ਪੰਜਾਬ ਸਰਕਾਰ ਨੂੰ ਸਬਕ ਸਿਖਾਉਣਗੇ। ਆਗੂਆਂ ਨੇ ਅੱਗੇ ਦੱਸਿਆ ਕਿ ਪੰਜਾਬ ਪੈਨਸ਼ਨਰਜ਼ ਯੂਨੀਅਨ ਦੀ ਸੂਬਾ ਕਮੇਟੀ ਦੀ ਮਿਤੀ 23 ਨਵੰਬਰ ਦਿਨ ਸ਼ਨੀਵਾਰ ਨੂੰ ਕਾਮਰੇਡ ਜਸਵੰਤ ਸਿੰਘ ਸਮਰਾ ਭਵਨ,ਨੇੜੇ ਬੱਸ ਸਟੈਂਡ ਜਲੰਧਰ ਵਿਖੇ ਹੋਣ ਵਾਲੀ ਮੀਟਿੰਗ ਵਿੱਚ ਸੰਘਰਸ ਦੀ ਅਗਲੀ ਰੂਪ ਰੇਖਾ ਉਲੀਕਣ ਸਬੰਧੀ ਅਤੇ 17 ਦਸੰਬਰ ਨੂੰ ਪੈਨਸ਼ਨਰ ਡੇਅ ਮਨਾਉਣ ਸਬੰਧੀ ਵਿਚਾਰ ਵਟਾਂਦਰਾ ਕੀਤਾ ਜਾਵੇਗਾ।

# ਸ਼੍ਰੀ ਅਨੰਦਪੁਰ ਸਾਹਿਬ ਪੁਲੀਸ ਨੇ ਪਿਸਤੌਲ ਦਿਖਾ ਕੇ ਗੱਡੀ ਖੋਹਣ ਵਾਲੇ ਵਿਅਕਤੀ ਨੂੰ ਕੀਤਾ ਗ੍ਰਿਫਤਾਰ

ਪੰਜਾਬ ਦਾ ਖੁਲਾਸਾ



**ਸ਼੍ਰੀ ਅਨੰਦਪੁਰ ਸਾਹਿਬ 19 ਨਵੰਬਰ (ਕੰਵਲ ਜੋਤ ਸਿੰਘ)** ਸਿਵਲ ਹਸਪਤਾਲ ਸ੍ਰੀ ਅਨੰਦਪੁਰ ਸਾਹਿਬ ਤੋਂ ਇਕ ਡਾਕਟਰੀ ਰੁੱਕਾ ਮੌਸੂਲ ਹੋਇਆ ਸੀ ਕਿ ਮਜਰੂਬ ਜਸਪ੍ਰੀਤ ਸਿੰਘ ਪੁੱਤਰ ਰੇਸ਼ਮ ਲਾਲ ਵਾਸੀ ਧਰਮਪੁਰਾ ਅਬਾਦੀ ਖੰਬਰਾ ਥਾਣਾ ਜਸਮੇਰ ਜਿਲਾ ਜਲੰਧਰ ਜਖਮੀ ਹਾਲਤ ਵਿੱਚ ਸਿਵਲ ਹਸਪਤਾਲ ਸ੍ਰੀ ਅਨੰਦਪੁਰ ਸਾਹਿਬ ਦਾਖਲ ਹੋਇਆ ਹੈ ਜਿਸ ਸਬੰਧੀ ਤਫਤੀਸ਼ੀ ਅਫਸਰ ਸ:ਥ ਪ੍ਰੀਤਮ ਸਿੰਘ 752/ਆਰ ਵਲੋ ਮਜਰੂਬ ਜਸਪ੍ਰੀਤ ਸਿੰਘ ਦਾ ਬਿਆਨ ਹਾਸਲ ਕੀਤਾ ਗਿਆ,ਜਿਸ ਨੇ ਆਪਣੇ ਬਿਆਨ ਵਿੱਚ ਤਹਿਰੀਰ ਕਰਾਇਆ ਕਿ ਉਹ ਜਲੰਧਰ ਵਿਖੇ ਟੈਕਸੀ ਡਰਾਈਵਰ ਹੈ,ਮਿਤੀ 17.11.2024 ਨੂੰ ਉਸ ਦੇ ਜਾਣਕਾਰ ਸਤਨਾਮ ਸਿੰਘ ਪੁੱਤਰ ਬਲਵੰਤ ਸਿੰਘ ਵਾਸੀ ਮਕਸੂਦਾ ਨੇੜੇ ਵੇਰਕਾ ਪਲਾਂਟ ਜਲੰਧਰ ਨੇ ਉਸ ਨੂੰ ਕਿਹਾ ਕਿ ਮਾਤਾ ਨੈਣਾ ਦੇਵੀ ਹਿਮਾਚਲ ਪ੍ਰਦੇਸ਼ (02 ਸਵਾਰੀਆਂ ਨੇ ਦਰਸ਼ਨ ਕਰਨ ਲਈ ਜਾਣਾ ਹੈ,ਜਿਸ ਤੇ ਦੱਸਣ ਮੁਤਾਬਿਕ ਉਸ ਵਲੋਂ ਇਕ ਨੌਜਵਾਨ ਲੜਕੇ ਅਤੇ ਇਕ ਨੌਜਵਾਨ ਲੜਕੀ ਨੂੰ ਜਲੰਧਰ ਬੱਸ ਸਟੈਂਡ ਦੇ ਗੇਟ ਨੰਬਰ 4 ਤੋ ਆਪਣੀ ਕਾਰ ਨੰਬਰ PB-015-3707 ਮਾਰਕਾ ਹੁੰਡੇਈ ਔਰਾ ਵਿੱਚ ਵਕਤ 9:30 PM ਦੇ ਮਾਤਾ ਨੈਣਾ ਦੇਵੀ ਜਾਣ ਲਈ ਕਾਰ ਦੀ ਪਿਛਲੀ ਸੀਟ ਤੇ ਬਿਠਾਇਆ ਸੀ,ਗੜਸ਼ੰਕਰ ਪਾਸ ਨੌਜਵਾਨ ਲੜਕਾ ਕਾਰ ਦੀ ਅਗਲੀ ਸੀਟ ਤੇ ਬੈਠ ਗਿਆ। ਜਦੋ ਉਹ ਪਿੰਡ ਰਾਮਪੁਰ-ਜੱਜਰ ਸਰਾਂ ਤੋਂ ਥੋੜਾ ਪਿੱਛੇ ਪੁੱਜੇ ਤਾਂ ਵਕਤ ਕਰੀਬ 12:30 AM ਤੇ ਕਾਰ ਵਿੱਚ ਬੈਠੇ ਲੜਕੇ ਨੇ ਕਾਰ ਚਾਲਕ ਦੇ ਖੱਬੇ ਪੱਟ ਤੇ ਦੋ ਵਾਰ ਚਾਕੂ ਦੇ ਵਾਰ ਕੀਤੇ ਅਤੇ ਕਾਰ ਚਾਲਕ ਨੂੰ ਦਰਵਾਜਾ ਖੋਲ ਕੇ ਧੱਕਾ ਮਾਰ ਕੇ ਬਾਹਰ ਸੁੱਟਣ ਲੱਗਾ ਤਾਂ ਕਾਰ ਚਾਲਕ ਹੈਂਡ ਬਰੇਕ ਲਗਾ ਕੇ ਕਾਰ ਤੋ ਬਾਹਰ ਉਤਰ ਗਿਆ ਸੀ ਜੋ ਨੌਜਵਾਨਾਂ ਲੜਕਾ ਲੜਕੀ ਪਿਸਟਲ ਦਿਖਾ ਕੇ ਮੌਕਾ ਤੇ ਕਾਰ ਭਜਾ ਕੇ ਲੈ ਗਏ ਸਨ । ਜਿਸ ਤੇ ਮੁਕੱਦਮਾ ਨੰਬਰ 142 ਮਿਤੀ 18.11.2024 ਅ/ਧ 109,309 (6), 118(1) BNS ? BE Arms Act ਥਾਣਾ ਸ੍ਰੀ ਅਨੰਦਪੁਰ ਸਾਹਿਬ ਬਰਖਿਲਾਫ ਨਾ ਮਾਲੂਮ ਨੌਜਵਾਨ ਲੜਕਾ ਅਤੇ ਲੜਕੀ ਦੇ ਦਰਜ ਰਜਿਸਟਰ ਹੋਇਆ ਸੀ । ਮੁਕੱਦਮਾ ਦਰਜ ਹੋਣ ਤੇ ਸੀਨੀਅਰ ਕਪਤਾਨ ਪੁਲਿਸ ਰੂਪਨਗਰ ਸ੍ਰੀ ਗੁਲਨੀਤ ਸਿੰਘ ਖੁਰਾਣਾ IPS ਜੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸ਼੍ਰੀ ਅਜੇ ਸਿੰਘ ਉਪ ਕਪਤਾਨ ਪੁਲਿਸ ਸ੍ਰੀ ਅਨੰਦਪੁਰ ਸਾਹਿਬ ਅਤੇ ਇੰਸ ਦਾਨਿਸ਼ਵੀਰ ਸਿੰਘ ਮੁੱਖ ਅਫਸਰ ਥਾਣਾ ਸ੍ਰੀ ਅਨੰਦਪੁਰ ਸਾਹਿਬ ਦੀ ਅਗਵਾਈ ਵਿੱਚ ਵੱਖ-ਵੱਖ ਪਾਰਟੀਆ ਦੋਸ਼ੀਆਨ ਦੀ ਤਲਾਸ ਲਈ ਭੇਜੀਆ ਗਈਆ ਸਨ। ਜਿਸ ਸਬੰਧੀ ਸੀ.ਸੀ.ਟੀ.ਵੀ ਫੁਟੇਜ ਅਤੇ ਮੋਬਾਇਲ ਨੰਬਰਾ ਦੀ ਲੋਕੇਸ਼ਨ ਦੇ ਆਧਾਰ ਤੇ ਦੋਸ਼ੀ ਲੜਕੇ ਰੋਹਿਤ ਕੁਮਾਰ ਪੁੱਤਰ ਸ਼ਾਮ ਲਾਲ ਵਾਸੀ ਨੇੜੇ ਬਾਬਾ ਦੀਪ ਸਿੰਘ ਗੁਰਦੁਆਰਾ ਪੱਟੀ ਰੋਡ ਪਿੰਡ ਭਿੱਖੀਵਿੰਡ ਥਾਣਾ ਭਿੱਖੀਵਿੰਡ ਜਿਲਾ ਤਰਨਤਾਰਨ ਨੂੰ ਸਰਕਾਰੀ ਹਸਪਤਾਲ ਪੱਟੀ ਜਿਲਾ ਤਰਨਤਾਰਨ ਤੋ ਸਮੇਤ ਖੋਹੀ ਹੋਈ ਕਾਰ ਨੰਬਰ PB-015-3707 ਮਾਰਕਾ ਹੁੰਡੇਈ ਔਰਾ ਦੇ ਗ੍ਰਿਫਤਾਰ ਕੀਤਾ ਗਿਆ। ਦੋਸ਼ੀ ਵਲੋਂ ਦੌਰਾਨੇ ਪੁੱਛਗਿੱਛ ਇਸ ਵਾਰਦਾਤ ਵਿੱਚ ਸ਼ਾਮਲ ਲੜਕੀ ਦਾ ਨਾਮ ਕਾਜਲ ਵਾਸੀ ਭੇਤਰ ਜਿਲਾ ਮੰਡੀ ਹਿਮਾਚਲ ਪ੍ਰਦੇਸ਼ ਦੱਸਿਆ। ਜਿਸ ਨੂੰ ਮੁਕੱਦਮਾ ਹਜਾ ਵਿੱਚ ਨਾਮਜਦ ਕੀਤਾ ਗਿਆ ਹੈ। ਦੋਸ਼ੀ ਰੋਹਿਤ ਕੁਮਾਰ ਨੂੰ ਅੱਜ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਦਿਨ ਦਾ ਪੁਲਿਸ ਰਿਮਾਂਡ ਹਾਸਲ ਕੀਤਾ ਹੈ। ਦੋਸ਼ਣ ਕਾਜਲ ਦੀ ਗ੍ਰਿਫਤਾਰੀ ਸਬੰਧੀ ਪੁਲਿਸ ਪਾਰਟੀ ਵਲੋ ਤਲਾਸ਼ ਜਾਰੀ ਹੈ।

## ਲੋਹੇ ਦਾ ਗੇਟ ਬੱਚੀ ਦੇ ਉੱਪਰ ਡਿੱਗਣ ਕਾਰਨ ਹੋਈ ਮੌਤ

ਪੰਜਾਬ ਦਾ ਖੁਲਾਸਾ



**ਮਾਛੀਵਾੜਾ ਸਾਹਿਬ, 19 ਨਵੰਬਰ (ਸੁੱਚਾ ਬੰਗੜ)** ਕਹਿੰਦੇ ਨੇ ਅਣਹੋਣੀ ਨੂੰ ਕੋਈ ਨਹੀਂ ਟਾਲ ਸਕਦਾ। ਪਰਮਾਤਮਾ ਦੀ ਲਿਖੀ ਅੱਗੇ ਇਨਸਾਨ ਦਾ ਕੋਈ ਬਸ ਨਹੀਂ ਚੱਲਣਾ। ਬਲਾਕ ਦੇ ਪਿੰਡ ਹਿਯਾਤਪੁਰ ਵਿਖੇ ਘਰ ਦੇ ਵਿਹੜੇ ਵਿਚ ਖੇਡਦੀ ਡੇਢ ਸਾਲਾ ਮਾਸੂਮ ਬੱਚੀ ਬਾਣੀ ਕੌਰ ਨਾਲ ਦਰਦਨਾਕ ਹਾਦਸਾ ਵਾਪਰ ਗਿਆ ਅਤੇ ਇੱਕ ਲੋਹੇ ਦਾ ਗੇਟ ਉਸ ਉੱਪਰ ਆ ਗਿਰਿਆ ਜਿਸ ਕਾਰਨ ਉਸਦੀ ਜਾਨ ਚਲੀ ਗਈ। ਬੱਚੀ ਦੀ ਦਾਦੀ ਗੁਰਦੇਵ ਕੌਰ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਕਿ ਉਸਦੇ ਲੜਕੇ ਦਰਸ਼ਨ ਸਿੰਘ ਦਾ ਕਰੀਬ 3 ਸਾਲ ਪਹਿਲਾਂ ਵਿਆਹ ਹੋਇਆ ਸੀ ਜਿਸ ਤੋਂ ਬੱਚੀ ਬਾਣੀ ਕੌਰ ਪੈਦਾ ਹੋਈ। ਬਾਣੀ ਕੌਰ ਦੇ ਜਨਮ ਤੋਂ ਕੁਝ ਸਮੇਂ ਬਾਅਦ ਹੀ ਦਰਸ਼ਨ ਸਿੰਘ ਦਾ ਆਪਣੀ ਪਤਨੀ ਨਾਲ ਤਲਾਕ ਹੋ ਗਿਆ ਅਤੇ ਉਹ ਵੱਖ ਰਹਿਣ ਲੱਗ ਪਈ। ਦਰਸ਼ਨ ਸਿੰਘ ਆਪ ਅਮਰੀਕਾ ਵਿਖੇ ਰੋਜ਼ਗਾਰ ਲਈ ਚਲਾ ਗਿਆ ਅਤੇ ਪੋਤਰੀ ਬਾਣੀ ਕੌਰ ਦਾ ਪਾਲਣ ਪੋਸ਼ਣ ਉਸਦੀ ਦਾਦੀ ਗੁਰਦੇਵ ਕੌਰ ਕਰ ਰਹੀ ਸੀ। ਥਾਣਾ ਮੁਖੀ ਪਵਿੱਤਰ ਸਿੰਘ ਨੇ ਦੱਸਿਆ ਕਿ ਗੁਰਦੇਵ ਕੌਰ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਕਿ ਘਰ ਵਿਚ ਮਿਸਤਰੀ ਲੱਗੇ ਹੋਏ ਸਨ ਜੋ ਕਿ ਟਾਈਲਾਂ ਲਗਾ ਰਹੇ ਸਨ। ਮਿਸਤਰੀਆਂ ਵਲੋਂ ਇੱਕ ਲੋਹੇ ਦਾ ਗੇਟ ਖੋਲ੍ਹ ਕੇ ਕੰਧ ਨਾਲ ਖੜ੍ਹਾ ਕੀਤਾ ਹੋਇਆ ਸੀ। ਬੱਚੀ ਬਾਣੀ ਕੌਰ ਘਰ ਵਿਚ ਖੇਡਦੀ ਹੋਈ ਉਸ ਲੋਹੇ ਦੇ ਗੇਟ ਉੱਪਰ ਚੜ੍ਹਨ ਦੀ ਕੋਸ਼ਿਸ਼ ਕਰਨ ਲੱਗੀ ਤਾਂ ਇਹ ਭਾਰੀ ਗੇਟ ਉਸ ਉੱਪਰ ਹੀ ਆ ਗਿਰਿਆ। ਜਦੋਂ ਦਾਦੀ ਤੇ ਘਰ ਵਿਚ ਲੱਗੇ ਮਿਸਤਰੀਆਂ ਨੇ ਲੋਹੇ ਦੇ ਗੇਟ ਹੇਠੋਂ ਬਾਣੀ ਕੌਰ ਨੂੰ ਕੱਢਿਆ ਅਤੇ ਹਸਪਤਾਲ ਲਿਆਂਦਾ ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਥਾਣਾ ਮੁਖੀ ਨੇ ਦੱਸਿਆ ਕਿ ਬੱਚੀ ਬਾਣੀ ਕੌਰ ਦਾ ਪੋਸਟ ਮਾਰਟਮ ਕਰਵਾਇਆ ਜਾ ਰਿਹਾ ਹੈ। ਇਸ ਹਾਦਸੇ ਦੀ ਸਾਰੀ ਘਟਨਾ ਘਰ 'ਚ ਲੱਗੇ ਸੀਸੀਟੀਵੀ ਕੈਮਰੇ ਵਿਚ ਵੀ ਕੈਦ ਹੋ ਗਈ।

## ਖਬਰ ਲੱਗਣ ਤੋ ਬਾਅਦ ਜਾਗਿਆ ਨਗਰ ਕੌਂਸਲ ਫਿਰੋਜ਼ਪੁਰ ਅਮਲਾ ਨਜਾਇਜ ਕਬਜਾਕਾਰਾਂ ਨੂੰ ਹੋਇਆ ਸਿੱਧਾ

**ਨਗਰ ਕੌਂਸਲ ਫਿਰੋਜ਼ਪੁਰ ਵੱਲੋਂ ਆਰਜੀ ਕਬਜ਼ਿਆਂ ਨੂੰ ਹਟਾਉਣ ਲਈ ਕੀਤੀ ਗਈ ਕਾਰਵਾਈ**
**ਨਜਾਇਜ਼ ਆਰਜੀ ਕਬਜ਼ਿਆਂ ਨੂੰ ਹਟਾਇਆ ਗਿਆ ਨਗਰ ਕੌਂਸਲ ਫਿਰੋਜ਼ਪੁਰ ਵੱਲੋਂ**
**ਟਰੈਫਿਕ ਵਿਵਸਥਾ ਵਿੱਚ ਵਿਘਨ ਪਾਉਣ ਵਾਲੀਆਂ ਦੁਕਾਨਦਾਰਾਂ ਵਿਰੁੱਧ ਕੀਤੀ ਕਾਰਵਾਈ**

ਪੰਜਾਬ ਦਾ ਖੁਲਾਸਾ



**ਫਿਰੋਜ਼ਪੁਰ 19 ਨਵੰਬਰ (ਅਸ਼ੋਕ ਭਾਰਦਵਾਜ)** ਪਿਛਲੇ ਦਿਨੀ ਸਾਡੇ ਆਦਾਰੇ ਵਲੋ ਸ਼ਹਿਰ ਦੀ ਟ੍ਰੈਫਿਕ ਚ ਵਿਘਨ ਪਾਉਣ ਵਾਲੇ ਨਜਾਇਜ ਕਬਜੇ ਹਟਵਾਉਣ ਲਈ ਖਬਰ ਨਸ਼ਰ ਕੀਤੀ ਗਈ ਜਿਸ ਤੇ ਕਾਰਵਾਈ ਕਰਦਿਆ ਨਗਰ ਕੌਂਸਲ ਫਿਰੋਜ਼ਪੁਰ ਵੱਲੋਂ ਮਾਨਯੋਗ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸ਼ਹਿਰ ਦੇ ਵੱਖ-ਵੱਖ ਸਥਾਨਾਂ ਦੇ ਟਰੈਫਿਕ ਵਿਵਸਥਾ ਵਿੱਚ ਵਿਘਨ ਪਾਉਣ ਵਾਲੇ ਦੁਕਾਨਦਾਰਾਂ ਵੱਲੋਂ ਇੱਕ ਵੱਡੀ ਕਾਰਵਾਈ ਕੀਤੀ ਗਈ। ਇਸ ਕਾਰਵਾਈ ਵਿੱਚ ਜੀਰਾ ਗੇਟ ਤੋਂ ਲੈ ਕੇ ਮੱਖੂ ਗੇਟ ਇਨਸਾਈਡ ਟੋਕਰੀ ਬਾਜ਼ਾਰ, ਬਾਗਦਾਦੀ ਗੇਟ ਅਤੇ ਆਸ ਪਾਸ ਕੇ ਦੁਕਾਨਦਾਰਾਂ ਵੱਲੋਂ ਆਪਣੀਆਂ ਦੁਕਾਨਾਂ ਦੇ ਬਾਹਰ ਰੱਖੇ ਗਏ ਨਜਾਇਜ਼ ਤੌਰ ਤੇ ਸਮਾਨ, ਨਜਾਇਜ ਥੜੇ, ਖਾਸ ਕਰਕੇ ਇਨਸਾਈਡ ਮੱਖੂ ਗੇਟ, ਲੋਹੇ ਦੇ ਸਮਾਨ ਆਦਿ ਨੂੰ ਬਾਹਰ ਰੱਖਿਆ ਜਾਂਦਾ ਸੀ । ਜਿਸ ਕਾਰਨ ਸ਼ਹਿਰ ਵਾਸੀਆਂ ਨੂੰ ਆਵਾਜਾਈ ਵਿੱਚ ਬਹੁਤ ਮੁਸ਼ਕਿਲ ਦਾ ਸਾਹਮਣਾ ਕਰਨਾ ਪੈਂਦਾ ਸੀ। ਨਗਰ ਕੌਂਸਲ ਫਿਰੋਜ਼ਪੁਰ ਦੇ ਕਾਰਜ ਅਫਸਰ ਸ਼੍ਰੀਮਤੀ ਪੂਨਮ ਭਟਨਾਗਰ ਵੱਲੋਂ ਗਠਿਤ ਕੀਤੀ ਟੀਮ ਵੱਲੋਂ ਨਾ ਕੇਵਲ ਸਿਰਫ ਸਮਾਨ ਜਪਤ ਕੀਤਾ ਬਲਕਿ 11 ਲੋਕਾਂ ਦੇ ਚਲਾਨ ਵੀ ਕੀਤੇ ਤੇ ਭਵਿੱਖ ਵਿੱਚ ਅਜਿਹਾ ਨਾ ਕਰਨ ਦੀ ਚੇਤਾਵਨੀ ਦਿੱਤੀ ਗਈ।

## ਔਰਤਾਂ ਤੇ ਦਿੱਤੇ ਵਿਵਾਦਤ ਟਿੱਪਣੀ ਮਾਮਲੇ ਵਿੱਚ ਸਾਬਕਾ ਮੁੱਖ ਮੰਤਰੀ ਸੰਸਦ ਮੈਂਬਰ ਚਰਨਜੀਤ ਚੰਨੀ ਨੇ ਮੰਗੀ ਮਾਫੀ

ਪੰਜਾਬ ਦਾ ਖੁਲਾਸਾ



**ਗਿੱਦੜਬਾਹਾ, 19 ਅਕਤੂਬਰ (ਲਖਵੀਰ ਸਿੰਘ ਧੂਲਕੋਟੀਆ)**– ਔਰਤਾਂ 'ਤੇ ਵਿਵਾਦਤ ਟਿੱਪਣੀ ਮਾਮਲੇ 'ਚ ਸਾਬਕਾ ਮੁੱਖ ਮੰਤਰੀ ਤੇ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਨੇ ਮਾਫ਼ੀ ਮੰਗੀ ਲਈ ਹੈ। ਉਹਨਾਂ ਨੇ ਕਿਹਾ ਕਿ ਜੇ ਕਿਸੇ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ ਤਾਂ ਮੈਂ ਮਾਫ਼ੀ ਮੰਗਦਾ ਹਾਂ। ਮੈਂ ਤਾਂ ਇਕ ਚੁਟਕਲਾ ਸੁਣਾਇਆ ਸੀ ਜਿਸ ਨੂੰ ਮੁਦਾ ਬਣਾ ਲਿਆ ਗਿਆ। ਜ਼ਿਕਰਯੋਗ ਹੈ ਕਿ ਜ਼ਿਕਰਯੋਗ ਹੈ ਕਿ ਸਾਬਕਾ ਮੁੱਖ ਮੰਤਰੀ ਅਤੇ ਜਲੰਧਰ ਤੋਂ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਗਿੱਦੜਬਾਹਾ ਵਿੱਚ ਔਰਤਾਂ ਬਾਰੇ ਦਿੱਤੇ ਬਿਆਨ ਨੂੰ ਲੈ ਕੇ ਵਿਵਾਦਾਂ ਵਿੱਚ ਘਿਰ ਗਏ ਸਨ। ਇੰਟਰਨੈੱਟ ਮੀਡੀਆ 'ਤੇ ਵੀਡੀਓ ਵਾਇਰਲ ਹੋਣ ਤੋਂ ਬਾਅਦ ਰਾਜ ਮਹਿਲਾ ਕਮਿਸ਼ਨ ਨੇ ਚੰਨੀ ਨੂੰ ਨੋਟਿਸ ਜਾਰੀ ਕਰ ਕੇ ਮੰਗਲਵਾਰ ਨੂੰ ਮੋਹਾਲੀ ਦਫਤਰ 'ਚ ਪੇਸ਼ ਹੋ ਕੇ ਸਪੱਸ਼ਟੀਕਰਨ ਦੇਣ ਲਈ ਕਿਹਾ ਹੈ। ਇਸ ਦੇ ਨਾਲ ਹੀ ਐਫਆਈਆਰ ਦਰਜ ਕਰਨ ਲਈ ਤਾੜਨਾ ਵੀ ਕੀਤੀ ਗਈ ਹੈ।ਚੰਨੀ ਐਤਵਾਰ ਨੂੰ ਗਿੱਦੜਬਾਹਾ ਵਿੱਚ ਕਾਂਗਰਸੀ ਉਮੀਦਵਾਰ ਅੰਮ੍ਰਿਤਾ ਵੜਿੰਗ ਦੇ ਹੱਕ ਵਿੱਚ ਜਨ ਸਭਾ ਨੂੰ ਸੰਬੋਧਨ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਨੇ ਇਕ ਕਹਾਣੀ ਸੁਣਾਉਂਦੇ ਹੋਏ ਔਰਤਾਂ ਨੂੰ ਲੈ ਕੇ ਵਿਵਾਦਿਤ ਬਿਆਨ ਦਿੱਤਾ ਸੀ। ਇਸ ਤੋਂ ਇਲਾਵਾ ਚੰਨੀ 'ਤੇ ਜੱਟ ਅਤੇ ਹਿੰਦੂ ਭਾਈਚਾਰੇ ਦੇ ਲੋਕਾਂ ਦੀਆਂ ਉਦਾਹਰਣਾਂ ਦੇ ਕੇ ਵਿਰੋਧੀ ਪਾਰਟੀ ਨੂੰ ਤਾਅਨੇ ਮਾਰਦੇ ਹੋਏ ਵਿਵਾਦਿਤ ਬਿਆਨ ਦੇ ਕੇ ਦੋ ਧਰਮਾਂ ਵਿਚਾਲੇ ਚੋਣਾਂ ਦੌਰਾਨ ਸ਼ਾਂਤੀ ਭੰਗ ਕਰਨ ਦਾ ਵੀ ਦੋਸ਼ ਹੈ। ਮਹਿਲਾ ਕਮਿਸ਼ਨ ਨੇ ਇਸ 'ਤੇ ਕਾਰਵਾਈ ਕਰਨ ਲਈ ਪੰਜਾਬ ਦੇ ਡੀਜੀਪੀ ਨੂੰ ਪੱਤਰ ਲਿਖਿਆ ਹੈ।ਕਮਿਸ਼ਨ ਦੀ ਚਿਤਾਵਨੀ, ਪੇਸ਼ ਨਾ ਹੋਣ 'ਤੇ ਦਰਜ ਹੋਵੇਗੀ ਐਫ ਆਈ ਆਰ ਰਾਜ ਮਹਿਲਾ ਕਮਿਸ਼ਨ ਰਾਜ ਲਾਲੀ ਗਿੱਲ ਨੇ ਜਾਰੀ ਨੋਟਿਸ ਵਿੱਚ ਕਿਹਾ ਸੀ ਕਿ ਚਰਨਜੀਤ ਸਿੰਘ ਚੰਨੀ ਨੇ ਔਰਤਾਂ ਪ੍ਰਤੀ ਬਹੁਤ ਹੀ ਸ਼ਰਮਨਾਕ ਬਿਆਨ ਦਿੱਤਾ ਹੈ। ਦੋ ਭਾਈਚਾਰਿਆਂ ਵਿੱਚ ਪਾੜਾ ਪੈਦਾ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ। ਜੇਕਰ ਚੰਨੀ 19 ਨਵੰਬਰ ਨੂੰ ਸਵੇਰੇ 11 ਵਜੇ ਆਪਣੇ ਦਫ਼ਤਰ ਵਿਚ ਹਾਜ਼ਰ ਨਹੀਂ ਹੁੰਦੇ ਅਤੇ ਆਪਣਾ ਸਪੱਸ਼ਟੀਕਰਨ ਦਿੰਦੇ ਹਨ ਤਾਂ ਸਮਝਿਆ ਜਾਵੇਗਾ ਕਿ ਤੁਸੀਂ ਆਪਣੇ ਬਚਾਅ ਵਿਚ ਕੁਝ ਨਹੀਂ ਕਹਿਣਾ ਚਾਹੁੰਦੇ ਅਤੇ ਤੁਹਾਡੇ ਵਿਰੁੱਧ ਐਫਆਈਆਰ ਦਰਜ ਕਰਨ ਲਈ ਡੀਜੀਪੀ ਪੰਜਾਬ ਨੂੰ ਪੱਤਰ ਲਿਖਿਆ ਜਾਵੇਗਾ। ਅੱਜ ਚਰਨਜੀਤ ਸਿੰਘ ਚੰਨੀ ਵੱਲੋਂ ਆਪਣੇ ਇਸ ਵਿਵਾਦਤ ਬਿਆਨ ਸਬੰਧੀ ਮਾਫੀ ਮੰਗ ਲਈ ਹੈ।



## ਮਾਤਾ ਤੁਲਸੀ ਦੇ ਵਿਆਹ ਮੌਕੇ ਮੰਦਿਰ ‘ਚ ਲੱਗੀਆਂ ਰਹੀਆਂ ਰੌਣਕਾਂ

ਪੰਜਾਬ ਦਾ ਖੁਲਾਸਾ

**ਬੱਸੀ ਪਠਾਣਾ, 19 ਨਵੰਬਰ (ਉਦੇ ਧੀਮਾਨ):** ਪ੍ਰਾਚੀਨ ਸ਼੍ਰੀ ਸ਼ਿਵ ਮੰਦਿਰ ਪਟਵਾਰਖਾਨਾ ਵਿਖੇ ਮੰਦਿਰ ਦੀ ਮਹਿਲਾਂ ਸੰਕੀਰਤਨ ਮੰਡਲੀ ਵੱਲੋ ਮਾਤਾ ਤੁਲਸੀ ਦੇ ਵਿਆਹ ਦਾ ਆਯੋਜਨ ਕੀਤਾ। ਪੰਡਿਤ ਰਜਿੰਦਰ ਭਨੋਟ ਨੇ ਮਾਤਾ ਤੁਲਸੀ ਅਤੇ ਠਾਕੁਰ ਜੀ ਦੇ ਵਿਆਹ ਨੂੰ ਵਿਧੀ ਪੂਰਵਕ ਕਰਵਾਇਆ। ਮਹਿਲਾਂ ਸੰਕੀਰਤਨ ਮੰਡਲੀ ਦੀਆਂ ਮਹਿਲਾਵਾਂ ਨੇ ਮੀਡਿਆ ਨਾਲ ਗਲਬਾਤ ਕਰਦਿਆਂ ਕਿਹਾ ਕਿ ਹਿੰਦੂ ਧਰਮ ‘ਚ ਤੁਲਸੀ ਦੇ ਪੌਦੇ ਨੂੰ ਪਵਿੱਤਰ ਮੰਨਿਆ ਜਾਂਦਾ ਹੈ। ਤੇ ਕਿਹਾ ਜਾਂਦਾ ਹੈ ਜਿਸ ਘਰ ‘ਚ ਤੁਲਸੀ ਦਾ ਪੌਦਾ ਲੱਗਿਆ ਹੁੰਦਾ ਹੈ।ਉਸ ਘਰ ‘ਚ ਹਮੇਸ਼ਾ ਬਰਕਤ ਹੁੰਦੀ ਹੈ ਅਤੇ ਘਰ ‘ਚ ਖ਼ੁਸ਼ੀਆ ਆਉਂਦੀਆਂ ਹਨ। ਧਰਮ ਗ੍ਰੰਥਾਂ ‘ਚ ਤੁਲਸੀ ਨੂੰ ਸੰਜੀਵਨੀ ਬੂਟੀ ਵੀ ਕਿਹਾ ਜਾਂਦਾ ਹੈ, ਕਿਉਂਕਿ ਤੁਲਸੀ ਦੇ ਪੌਦੇ ‘ਚ ਅਨੇਕਾਂ ਗੁਣ ਹੁੰਦੇ ਹਨ। ਤੁਲਸੀ ਦੀ ਘਰ-ਘਰ ਵਿਚ ਪੂਜਾ ਵੀ ਕੀਤੀ ਜਾਂਦੀ ਹੈ। ਮਾਨਤਾ ਹੈ ਕਿ ਤੁਲਸੀ ਅਤੇ ਵਿਸ਼ਨੂੰ ਦੇ ਸ਼ਾਲੀਗ੍ਰਾਮ ਰੂਪ ਦਾ ਵਿਆਹ ਕਰਵਾਉਣ ਵਾਲੇ ਨੂੰ ਕੰਨਿਆਦਾਨ ਦਾ ਪੁੰਨ ਮਿਲਦਾ ਹੈ। ਇਸ ਮੌਕੇ ਮਹਿਲਾ ਸੰਕੀਰਤਨ ਮੰਡਲੀ ਨੇ ਰਸਭਿੰਨਾ ਕੀਰਤਨ ਕਰਕੇ ਸੰਗਤ ਨੂੰ ਨਿਹਾਲ ਕੀਤਾ ਤੇ ਹਵਨ ਯੱਗ ਕਰਵਾਇਆ ਗਿਆ ਅੰਤ ਵਿੱਚ ਭੰਡਾਰੇ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਪ੍ਰੇਮ ਲਤਾ,ਸੁਨੀਤਾ ਦੇਵੀ,ਰਮਨ ਬਾਲਾ, ਪੁਸ਼ਪਾ ਦੇਵੀ, ਊਸ਼ਾ ਭਾਟੀਆ, ਹੀਨਾ ਗੌਤਮ, ਅੰਜੂ ਮਲਹੋਤਰਾ, ਮਮਤਾ, ਮਲਿਕਾ ਰਾਣੀ, ਸ਼ਮਾ ਧੀਮਾਨ, ਦਰਸ਼ਨਾਂ ਚਾਵਲਾ, ਯੋਗੇਸ਼ ਸ਼ਰਮਾ, ਚੰਦਨ ਸ਼ਰਮਾ ਆਦਿ ਹਾਜ਼ਰ ਸਨ।

# ਜ਼ੁਰਮ ‘ਤੇ ਬਾਜ ਅੱਖ ਰੱਖਣ ਲਈ ਸ਼ਹਿਰ ਅੰਦਰ ਲਗਾਏ ਜਾ ਰਹੇ ਹਨ ਸੀਸੀਟੀਵੀ ਕੈਮਰੇ : ਡਿਪਟੀ ਕਮਿਸ਼ਨਰ

### ਲੋਕਾਂ ਦੇ ਸਹਿਯੋਗ ਨਾਲ ਹੀ ਜ਼ੁਰਮ ਅਤੇ ਨਸ਼ਿਆਂ ਨੂੰ ਪਾਈ ਜਾ ਸਕਦੀ ਹੈ ਠੱਲ੍ਹ : ਡੀਆਈਜੀ ਬਠਿੰਡਾ ਰੇਂਜ

ਪੰਜਾਬ ਦਾ ਖੁਲਾਸਾ

**ਬਠਿੰਡਾ, 19 ਨਵੰਬਰ (ਸੱਤਪਾਲ ਮਾਨ) :** ਜੁਰਮ ‘ਤੇ ਬਾਜ ਅੱਖਰ ਰੱਖਣ ਲਈ ਸ਼ਹਿਰ ਅੰਦਰ 1 ਕਰੋੜ ਰੁਪਏ ਦੀ ਲਾਗਤ ਨਾਲ ਸੀਸੀਟੀਵੀ ਕੈਮਰੇ ਲਗਾਏ ਜਾ ਰਹੇ ਹਨ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਸਥਾਨਕ ਦਾਦੀ-ਪੋਤੀ ਪਾਰਕ ਵਿਖੇ ਪੁਲੀਸ ਵਿਭਾਗ ਵੱਲੋਂ ਕਰਵਾਏ ਗਏ ਸੰਪਰਕ ਪੁਲਿਸ ਪਬਲਿਕ ਪਾਰਟਨਸ਼ਿਪ ਪ੍ਰੋਗਰਾਮ ‘ਚ ਸ਼ਿਰਕਤ ਕਰਨ ਉਪਰੰਤ ਮੀਡੀਆਂ ਨਾਲ ਗੱਲਬਾਤ ਕਰਨ ਮੌਕੇ ਸਾਂਝੀ ਕੀਤੀ।

ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਿਵਲ ਤੇ ਪੁਲਿਸ ਪ੍ਰਸ਼ਾਸ਼ਨ ਵਲੋਂ ਸਾਂਝੇ ਤੌਰ ‘ਤੇ ਵਿਸ਼ੇਸ਼ ਪਹਿਲਕਦਮੀਆਂ ਕਰਕੇ ਲਗਾਤਾਰ ਆਮ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਲਗਾਤਾਰ ਜਾਣੂ ਕਰਵਾਇਆ ਜਾ ਰਿਹਾ ਹੈ।

ਇਸ ਮੌਕੇ ਉਨ੍ਹਾਂ ਮੀਡੀਆ ਦੇ ਸਵਾਲ ਦੇ ਜਵਾਬ ‘ਚ ਕਿਹਾ ਕਿ ਟਰੈਫਿਕ ਦੀ ਸਮੱਸਿਆ ਦੇ ਮੱਦੇਨਜ਼ਰ ਸ਼ਹਿਰ ਅੰਦਰ ਰਿਕਸ਼ੇ ਆਟੋ ਦੀ ਵਧ ਰਹੀ ਤਾਦਾਦ ਨੂੰ ਲੈ ਕੇ ਨਗਰ ਨਿਗਮ ਨਾਲ ਰਾਬਤਾ ਕਾਇਮ ਕਰਕੇ ਪੁਰਾਣੇ ਆਟੋਆਂ ਦੀ ਵੈਰੀਫਿਕੇਸ਼ਨ ਕਰਵਾ ਕੇ ਉਨ੍ਹਾਂ ਨੂੰ ਈ-ਰਿਕਸ਼ਾ ਵਿੱਚ ਤਬਦੀਲ ਕਰਨ ਦੀ ਯੋਜਨਾ ਬਣਾਈ ਜਾਵੇਗੀ ਤਾਂ ਜੋ ਇਸ ਨਾਲ ਜਿਥੇ ਸ਼ਹਿਰ ਅੰਦਰ ਵੱਧ ਰਹੇ ਪ੍ਰਦੂਸ਼ਣ ‘ਤੇ ਕਾਬੂ ਪਾਇਆ ਜਾ ਸਕੇਗਾ ਉਥੇ ਹੀ ਵਾਤਾਵਰਨ ਦੀ ਸ਼ੁੱਧਤਾ ਨੂੰ ਬਰਕਰਾਰ ਰੱਖਿਆ ਜਾਵੇਗਾ।



ਇਸ ਤੋਂ ਪਹਿਲਾਂ ਡਿਪਟੀ ਕਮਿਸ਼ਨਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ਼ਹਿਰ ਦੇ ਪਾਰਕਾਂ ਦੀ ਸਾਫ-ਸਫਾਈ ਲਈ ਨਗਰ ਨਿਗਮ ਨਾਲ ਰਾਬਤਾ ਕਾਇਮ ਕਰਕੇ ਇਨ੍ਹਾਂ ਦੀ ਸਫਾਈ ਨੂੰ ਨਿਰਵਿਘਨ ਕਰਨਾ ਯਕੀਨੀ ਬਣਾਇਆ ਜਾਵੇਗਾ। ਡਿਪਟੀ ਕਮਿਸ਼ਨਰ ਨੇ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਈਪੀ ਕੈਮਰੇ ਲਗਾਉਣ ਨੂੰ ਤਰਜੀਹ ਦੇਣ ਤਾਂ ਜੋ ਜੁਰਮ ‘ਤੇ ਕਾਬੂ ਪਾਇਆ ਜਾ ਸਕੇ। ਉਨ੍ਹਾਂ ਆਮ ਲੋਕਾਂ ਨੂੰ ਇਹ ਵੀ ਕਿਹਾ ਕਿ ਆਪਸੀ ਸਹਿਯੋਗ ਨਾਲ ਹੀ ਜ਼ੁਰਮ ਦੀ ਦੁਨੀਆਂ ‘ਤੇ ਰੋਕ ਲਗਾਈ ਜਾ ਸਕੇਗੀ।

ਇਸ ਦੌਰਾਨ ਡੀਆਈਜੀ ਬਠਿੰਡਾ ਰੇਂਜ ਸ ਹਰਚਰਨ ਸਿੰਘ ਭੁੱਲਰ ਨੇ ਸੰਬੋਧਨ ਕਰਿਦਆਂ ਕਿਹਾ ਕਿ ਆਮ ਲੋਕਾਂ ਦੇ ਸਹਿਯੋਗ ਨਾਲ ਹੀ ਜ਼ੁਰਮ ਤੇ ਨਸ਼ਿਆਂ ਨੂੰ ਠੱਲ੍ਹ ਪਾਈ ਜਾ ਸਕਦੀ ਹੈ। ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਸਹੀ ਜਾਣਕਾਰੀ ਪੁਲਿਸ ਨੂੰ ਦਿੱਤੀ ਜਾਵੇ ਤਾਂ ਜੋ ਉਨ੍ਹਾਂ ਵੱਲੋਂ ਦਿੱਤੀ ਗਈ ਦਰਖਾਸਤ ‘ਤੇ ਤੁਰੰਤ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਸਕੇ।

ਇਸ ਮੌਕੇ ਉਨ੍ਹਾਂ ਇਹ ਵੀ ਕਿਹਾ ਕਿ ਗਲੀ ਮੁਹੱਲੇ ਜਾਂ ਆਸ-ਪਾਸ ਦੇ ਖੇਤਰ ‘ਚ ਕਿਤੇ ਵੀ ਕੋਈ ਜ਼ੁਰਮ ਜਾਂ ਨਸ਼ਿਆਂ ਦੀ ਸਪਲਾਈ ਹੋ ਰਹੀ ਹੈ ਤਾਂ ਇਸ ਸਬੰਧੀ ਤੁਰੰਤ ਪੁਲਿਸ ਨੂੰ ਤਲਾਹ ਦਿੱਤੀ ਜਾਵੇ ਤਾਂ ਜੋ ਉਨ੍ਹਾਂ ‘ਤੇ ਬਣਦੀ ਕਾਰਵਾਈ ਅਮਲ ‘ਚ ਲਿਆਂਦੀ ਜਾ ਸਕੇ।

ਇਸ ਮੌਕੇ ਡੀਆਈਜੀ ਬਠਿੰਡਾ ਰੇਂਜ ਮੀਡੀਆਂ ਦੇ ਸਵਾਲਾਂ ਦਾ ਜਵਾਬ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਆਮ ਲੋਕਾਂ ਦੀ ਸੁਰੱਖਿਆ ਲਈ ਹਮੇਸ਼ਾ ਤਤਪਰ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਡੀਜੀਪੀ ਸ਼੍ਰੀ ਗੌਰਵ ਯਾਦਵ ਦੀ ਯੋਗ ਅਗਵਾਈ ਹੇਠ ਚਲਾਈ ਗਈ ‘ਸੰਪਰਕ ਮੁਹਿੰਮ’ ਦਾ ਮੁੱਖ ਮੰਤਵ ਆਮ ਲੋਕਾਂ ਦੀ ਸੁਰੱਖਿਆ ਨੂੰ ਬਰਕਰਾਰ ਰੱਖਣ ਤੋਂ ਇਲਾਵਾ ਜ਼ੁਰਮ ਤੇ ਨਸ਼ਿਆਂ ਨੂੰ ਨਕੇਲ ਪਾਉਣਾ ਹੈ। ਇਸ ਤੋਂ ਪਹਿਲਾਂ ਜ਼ਿਲ੍ਹਾ ਪੁਲਿਸ ਮੁਖੀ ਮੈਡਮ ਅਮਨੀਤ ਕੌਂਡਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੁਲਿਸ ਵੱਲੋਂ ਸ਼ਹਿਰ ਅੰਦਰ ਜ਼ੁਰਮ ਤੇ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਜ਼ੁਰਮ ਨੂੰ ਅੰਜਾਮ ਦੇਣ ਵਾਲੇ ਕਿਸੇ ਵੀ ਅਨਸਰ ਨੂੰ ਕਿਸੇ ਵੀ ਕੀਮਤ ‘ਤੇ ਬਖਸ਼ਿਆ ਨਹੀਂ ਜਾਵੇਗਾ। ਇਸ ਤੋਂ ਪਹਿਲਾਂ ਸਿਵਿਲ ਤੇ ਪੁਲਿਸ ਪ੍ਰਸ਼ਾਸਨ ਵੱਲੋਂ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਵੀ ਸੁਣਿਆ ਗਿਆ। ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਵਿਸ਼ਵਾਸ ਦਵਾਇਆ ਗਿਆ ਕਿ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਅਧਾਰ ‘ਤੇ ਨਿਪਟਾਰਾ ਕੀਤਾ ਜਾਵੇਗਾ। ਇਸ ਮੌਕੇ ਪੁਲਿਸ ਵਿਭਾਗ ਦੇ ਅਧਿਕਾਰੀਆਂ ਤੋਂ ਇਲਾਵਾ ਆਮ ਲੋਕ ਆਦਿ ਹਾਜ਼ਰ ਸਨ।

## ਪੰਚ ਸਾਹਿਬਾਨਾਂ ਦੇ ਸੋਹੁ ਚੁੱਕ ਸਮਾਗਮ ਦੇ ਪ੍ਰਬੰਧਕੀ ਢਾਂਚੇ ਦਾ ਪ੍ਰਬੰਧ ਕਰਨੇ ਵਾਲੇ ਅਮਲੇ ਵਲੋ ਖੁਦ ਦੇ ਡਿਊਟੀ ਪਾਸ ਤੇ ਪਹਿਚਾਣ ਵਲੋ ਨਹੀ ਲਗਾਈ ਗਈ ਫੋਟੋ

### ਪ੍ਰਸ਼ਾਸ਼ਨ ਦੀ ਨਲਾਇਕੀ ਸਮਝਿਆ ਜਾਵੇ ਜਾਂ ਲਾਪ੍ਰਵਾਹੀ, ਅਜਿਹੀ ਕੋਤਾਹੀ ਸ਼ਰਾਰਤੀ ਅਨਸਰਾਂ ਨੂੰ ਦਿੰਦੀ ਹੈ ਬੜ੍ਹਾਵਾ

ਪੰਜਾਬ ਦਾ ਖੁਲਾਸਾ

**ਫਿਰੋਜ਼ਪੁਰ 19 ਨਵੰਬਰ (ਅਸ਼ੋਕ ਭਾਰਦਵਾਜ)** ਪੰਜਾਬ ਸਰਕਾਰ ਵਲੋ ਨਵੇ ਚੁਣੇ ਪੰਚ ਸਾਹਿਬਾਨਾਂ ਦਾ ਸਹੁੰ ਚੁੱਕ ਸਮਾਗਮ ਪੂਰੇ ਪੰਜਾਬ ਭਰ ਵਿੱਚ ਰੱਖੇ ਗਏ ਸਨ ਜਿਸ ਦੇ ਤਹਿਤ ਜਿਲਾ ਫਿਰੋਜ਼ਪੁਰ ਦਾ ਇਹ ਸਮਾਗਮ ਫਿਰੋਜ਼ਪੁਰ ਛਾਉਣੀ ਦੇ ਮਨੋਹਰ ਲਾਲ ਸਕੂਲ ਦੇ ਗਰਾਉਂਡ ਵਿੱਚ ਰੱਖਿਆ ਗਿਆ। ਜਿਸ ਚ ਪੂਰੇ ਜਿਲੇ ਭਰ ਦੇ ਨਵੇ ਬਣੇ ਪੰਚਾਂ ਨੇ ਸ਼ਿਰਕਤ ਕੀਤੀ ਇਸ ਸਮਾਗਮ ਚ ਮੁੱਖ ਮਹਿਮਾਨ ਦੇ ਤੋਰ ਤੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆ ਪਹੁੰਚੇ। ਇਸ ਸਮਾਗਮ ਲਈ ਇੱਕ ਹਫਤਾ ਪਹਿਲਾਂ ਹੀ ਤਿਆਰੀਆਂ ਤੇ ਪ੍ਰਬੰਧਾਂ ਨੂੰ ਲੈ ਕੇ ਫਿਰੋਜ਼ਪੁਰ ਪ੍ਰਸ਼ਾਸ਼ਨ ਪੱਬਾਂ ਭਾਰ ਹੋਇਆ ਪਿਆ ਸੀ ਸਕਿਉਰਟੀ ਨੂੰ ਲੈ ਕੇ ਪੁਲਿਸ ਪ੍ਰਸ਼ਾਸ਼ਨ ਵਲੋ ਵੀ ਬੜੇ ਪੁਖਤਾ ਪ੍ਰਬੰਧ ਕੀਤੇ ਗਏ ਸਨ ਮਗਰ ਇਸ ਸਮਾਗਮ ਚ ਪ੍ਰਬੰਧਕੀ ਅਮਲੇ ਦੁਆਰਾ ਕੀਤੇ ਗਏ ਪ੍ਰਬੰਧਾਂ ਦੀ ਉਸ ਸਮੇ ਫੂਕ ਨਿਕਲਦੀ




ਦਿਖਾਈ ਦਿੱਤੀ ਗਈ ਜਦੋ ਕਿ ਪ੍ਰਬੰਧਕੀ ਅਮਲੇ ਵਲੋ ਡਿਊਟੀਆਂ ਪ੍ਰਤੀ ਡਿਊਟੀ ਪਾਸਾਂ ਦੀ ਵੰਡ ਨੇ ਸ਼ਸ਼ੋਪੰਜ ਚ ਪਾ ਦਿੱਤਾ। ਦੇਖਣ ਚ ਆਇਆ ਕਿ ਇਸ ਸਮਾਗਮ ਚ ਜਿੰਨਾਂ ਮੁਲਾਜਮਾਂ ਦੀਆਂ ਡਿਊਟੀਆਂ ਲਗਾਈਆ ਗਈਆਂ ਸਨ ਉਹਨਾਂ ਨੂੰ ਸਿਵਲ ਪ੍ਰਸ਼ਾਸ਼ਨ ਵਲੋ ਬਕਾਇਦਾ ਡਿਊਟੀ ਪਾਸ ਦਿੱਤੇ ਗਏ ਸਨ ਜਿਸ ਦੇ ਸਭ ਤੋ ਉਪਰ ਪ੍ਰਬੰਧਕੀ ਅਮਲਾ ਲਿਖਿਆ ਹੋਇਆ ਸੀ ਪਰ ਇਸ ਡਿਉਟੀ ਪਾਸ ਤੇ ਡਿਉਟੀ ਦੇਣ ਵਾਲੇ ਕਰਮਚਾਰੀਆ ਦੀ ਫੋਟੋ ਹੀ ਗਾਇਬ ਸੀ ਤੇ ਫੋਟੋ ਵਾਲੀ ਜਗਾ ਕਰਮਚਾਰੀ ਦੀ ਫੋਟੋ ਦੀ ਉਡੀਕ ਚ ਉਦਾ ਹੀ ਰਹਿ ਗਈ। ਇਸ ਨੂੰ ਪ੍ਰਸ਼ਾਸ਼ਨ ਦੀ ਨਲਾਇਕੀ ਸਮਝਿਆ ਜਾਵੇ ਜਾਂ ਲਾਪ੍ਰਵਾਹੀ ਕਿਉਕਿ ਇਸ ਸਮਾਗਮ ਚ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆ ਤੋ ਇਲਾਵਾ ਫਿਰੋਜ਼ਪੁਰ ਦਾ ਸਿਵਲ ਤੇ ਪੁਲਿਸ ਪ੍ਰਸ਼ਾਸ਼ਨ ਦੇ ਨਾਲ ਨਾਲ ਜਿਲੇ ਦੇ ਚਾਰੋ ਐਮ ਐਲ ਏ ਤੋ ਇਲਾਵਾ ਵੱਖ ਵੱਖ ਆਹੁਦਿਆ ਦੇ ਸਿਆਸੀ ਆਗੂ ਹਾਜਿਰ ਰਹੇ ਸਨ। ਪ੍ਰਸ਼ਾਸ਼ਨ ਦੀ ਇਸ ਨਲਾਇਕੀ ਨੇ ਸਮਾਗਮ ਲਈ ਕੀਤੇ ਪ੍ਰਬੰਧਾਂ ਦੀ ਪੋਲ ਖੋਲ ਕੇ ਰੱਖ ਦਿੱਤੀ। ਪ੍ਰਸ਼ਾਸ਼ਨ ਦੀ ਅਜਿਹੀ ਕੋਤਾਹੀ ਕਾਰਨ ਕੋਈ ਵੀ ਸ਼ਰਾਰਤੀ ਅਨਸਰ ਇਸ ਸਮਾਗਮ ਵਿੱਚ ਆ ਕੇ ਅਣਸੁਖਾਵੀ ਘਟਨਾ ਨੂੰ ਅੰਜਾਮ ਦੇ ਸਕਦਾ ਸੀ ਕਿਉਕਿ ਡਿਉਟੀ ਪਾਸ ਤੇ ਬਕਾਇਦਾ ਫੋਟੋ ਲਗਾਉਣ ਲਈ ਜਗਾ ਬਣਨ ਦੇ ਬਾਵਜੂਦ ਡਿਉਟੀ ਕਰਮਚਾਰੀ ਦੀ ਫੋਟੋ ਨਾ ਲਗਾਉਣਾ ਵੀ ਇੱਕ ਚਿੰਤਾ ਦਾ ਵਿਸ਼ਾ ਹੈ। ਸੋ ਹੁਣ ਦੇਖਣਾ ਇਹ ਹੋਵੇਗਾ ਕਿ ਅਜਿਹੀ ਕੋਤਾਹੀ ਕਰਨ ਵਾਲੇ ਅਮਲੇ ਖਿਲਾਫ ਕਾਰਵਾਈ ਕਰਨ ਲਈ ਕੋਣ ਜਿੰਮੇਵਾਰੀ ਲਵੇਗਾ।

### ਭਗਵਾਨ ਬਿਰਸਾ ਮੁੰਡਾ ਜੀ ਦਾ 149ਵਾਂ ਜਨਮ ਦਿਵਸ ਮਨਾਇਆ ਗਿਆ

## ਡਿਪਟੀ ਸੀ ਪੀ ਓ ਸ਼੍ਰੀ ਐਸ. ਪੀ ਮੰਡਲ ਅਤੇ ਅੰਬੇਡਕਰ ਸੋਸਾਇਟੀ ਦੇ ਜਨਰਲ ਸਕੱਤਰ, ਧਰਮ ਪਾਲ ਪੈਂਥਰ ਸਨਮਾਨਿਤ

ਪੰਜਾਬ ਦਾ ਖੁਲਾਸਾ

**ਕਪੂਰਥਲਾ, 19 ਨਵੰਬਰ ( ਕੌੜਾ)-** ਸੰਘਰਾ ਵੈਲਫੇਅਰ ਐਸੋਸੀਏਸ਼ਨ ਰੇਲ ਕੋਚ ਫੈਕਟਰੀ ਕਪੂਰਥਲਾ ਵੱਲੋਂ ਧਰਤੀ ਪੁੱਤਰ ਭਗਵਾਨ ਬਿਰਸਾ ਮੁੰਡਾ ਜੀ ਦਾ 149ਵਾਂ ਜਨਮ ਦਿਵਸ ਮਨਾਇਆ ਗਿਆ ਜਿਸ ਦੀ ਪ੍ਰਧਾਨਗੀ, ਡਿਪਟੀ ਸੀ ਪੀ ਓ ਸ਼੍ਰੀ ਐਸ.ਪੀ ਮੰਡਲ, ਸੰਘਰਾ ਦੇ ਸੰਸਥਾਪਕ ਸ਼੍ਰੀਮਤੀ ਬਿਬਆਨਾ ਏਕਾ, ਡਾ. ਬੀ. ਆਰ. ਅੰਬੇਡਕਰ ਸੋਸਾਇਟੀ ਰਜਿ. ਰੇਲ ਕੋਚ ਫ਼ੈਕਟਰੀ ਦੇ ਜਨਰਲ ਸਕੱਤਰ ਧਰਮ ਪਾਲ ਪੈਂਥਰ, ਬਾਮਸੇਫ ਦੇ ਪ੍ਰਧਾਨ ਅਤਰਵੀਰ ਸਿੰਘ, ਓਬੀਸੀ ਐਸੋਸੀਏਸ਼ਨ ਦੇ ਜ਼ੋਨਲ ਪ੍ਰਧਾਨ ਅਰਵਿੰਦ ਪ੍ਰਸ਼ਾਦ, ਐਸਸੀ/ਐਸਟੀ ਐਸੋਸੀਏਸ਼ਨ ਦੇ ਜ਼ੋਨਲ ਸਕੱਤਰ ਆਰ. ਸੀ. ਮੀਨਾ ਅਤੇ ਕਾਰਜਕਾਰੀ ਪ੍ਰਧਾਨ ਸੋਹਨ ਬੈਠਾ ਨੇ ਸਾਂਝੇ ਤੌਰ ਤੇ ਕੀਤੀ ? ਪ੍ਰਧਾਨਗੀ ਮੰਡਲ ਵੱਲੋਂ ਭਗਵਾਨ ਬਿਰਸਾ ਮੁੰਡਾ ਦੀ ਤਸਵੀਰ ‘ਤੇ ਫੁੱਲਾਂ ਦੀ ਮਾਲਾ ਭੇਂਟ ਕੀਤੀਆਂ ਗਈਆਂ ? ਸਮਾਗਮ ਦੀ ਸ਼ੁਰੂਆਤ ਮੈਡਮ ਬਿਮਲਾ ਪ੍ਰਭਾ ਬਰਾਲਾ ਅਤੇ ਉਨ੍ਹਾਂ ਦੀ ਟੀਮ ਨੇ ਬਿਰਸਾ ਮੁੰਡਾ ਜੀ ਦੇ ਜੀਵਨ ਨਾਲ ਸਬੰਧਤ ਇਨਕਲਾਬੀ ਗੀਤ ਗਾ ਕੇ ਕੀਤੀ।

ਮੰਚ ਸੰਚਾਲਨ ਦੀ ਭੂਮਿਕਾ ਅਲਬੀਸ਼ ਕਸ਼ਯਪ ਅਤੇ ਮੋਕੇਸ਼ ਕੁਮਾਰ ਸੋਏ ਨੇ ਬਾਖੂਬੀ ਨਿਭਾਈ ਅਤੇ ਕਿਹਾ ਕਿ ਭਗਵਾਨ ਬਿਰਸਾ ਮੁੰਡਾ ਦੇਸ਼ ਦੀ ਆਜ਼ਾਦੀ ਦੀ ਲੜਾਈ ਦੇ ਮਹਾਨ ਨਾਇਕ ਸਨ । ਉਨ੍ਹਾਂ ਨੇ ਦੇਸ਼ ਦੀ ਆਜ਼ਾਦੀ ਦੇ ਨਾਲ-ਨਾਲ ਆਦਿ ਵਾਸੀਆਂ ਦੀ ਆਜ਼ਾਦੀ ਲਈ ਵੀ ਸੰਘਰਸ਼ ਕੀਤਾ ।



ਡਿਪਟੀ ਚੀਫ਼ ਪ੍ਰਸੋਨਲ ਅਫ਼ਸਰ ਸ਼੍ਰੀ ਐਸ.ਪੀ.ਮੰਡਲ, ਸੰਘਰਾ ਦੀ ਸੰਸਥਾਪਕ ਸ਼੍ਰੀਮਤੀ ਬੀਬੀਆਨਾ ਏਕਾ ਨੇ ਭਗਵਾਨ ਬਿਰਸਾ ਮੁੰਡਾ ਜੀ ਦੇ ਜਨਮ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਅੱਜ ਦਾ ਦਿਨ ਭਾਰਤ ਵਾਸੀਆਂ ਲਈ ਬਹੁਤ ਹੀ ਮਾਣ ਦਾ ਦਿਨ ਹੈ। ਬਿਰਸਾ ਮੁੰਡਾ ਦੀ ਬਦੌਲਤ ਅੱਜ ਕਬਾਇਲੀ ਸਮਾਜ ਦੇ ਲੋਕਾਂ ਨੂੰ ਕੁਝ ਅਧਿਕਾਰ ਮਿਲੇ ਹਨ, ਜਿਨ੍ਹਾਂ ਨੂੰ ਬਚਾਉਣ ਲਈ ਉਹ ਲਗਾਤਾਰ ਸੰਘਰਸ਼ ਕਰਨ ਦੀ ਜ਼ਰੂਰਤ ਹੈ । ਇਸ ਤੋਂ ਇਲਾਵਾ ਸ਼੍ਰੀ ਧਰਮ ਪਾਲ ਪੈਂਥਰ, ਅਤਰਵੀਰ ਸਿੰਘ, ਅਰਵਿੰਦ ਪ੍ਰਸਾਦ ਨੇ ਕਿਹਾ ਕਿ ਜੋ ਲੋਕ ਆਪਣੇ ਮਹਾਪੁਰਖਾਂ ਦੇ ਇਤਿਹਾਸ ਨੂੰ ਭੁੱਲ ਜਾਂਦੇ ਹਨ, ਉਹ ਆਪਣੇ ਇਤਿਹਾਸ ਦਾ ਨਿਰਮਾਣ ਨਹੀਂ ਕਰ ਸਕਦੇ। ਧੰਨ ਹਨ ਉਹ ਲੋਕ ਹੈ ਜੋ ਆਪਣੇ ਮਹਾਪੁਰਖਾਂ ਦੀ ਵਿਚਾਰਧਾਰਾ ਨੂੰ ਜਿੰਦਾ ਰੱਖਦੇ ਹਨ। ਬਿਰਸਾ ਮੁੰਡਾ ਨੇ ਅੰਗਰੇਜ਼ ਹਾਕਮਾਂ ਦੀਆਂ ਨੀਤੀਆਂ ਵਿਰੁੱਧ ਆਦਿਵਾਸੀਆਂ ਨੂੰ ਇਕ ਮੰਚ ‘ਤੇ ਇਕੱਠਾ ਕੀਤਾ ਅਤੇ ਦੇਸ਼ ਦੇ ਪਾਣੀ, ਜ਼ਮੀਨ ਅਤੇ ਜੰਗਲਾਂ ਦੇ ਦੁਰਲੱਭ ਸਰੋਤਾਂ ਨੂੰ ਬਚਾਉਣ ਲਈ ਸੰਘਰਸ਼ ਕੀਤਾ। ਸਾਨੂੰ ਉਨ੍ਹਾਂ ਦੇ ਜੀਵਨ ਅਤੇ ਮਿਸ਼ਨ ਤੋਂ ਸਿੱਖ ਕੇ ਸਮਾਜ ਨੂੰ ਜਾਗਰੂਕ ਕਰਨਾ ਚਾਹੀਦਾ ਹੈ।

ਇਸ ਤੋਂ ਇਲਾਵਾ ਆਰ. ਸੀ. ਮੀਨਾ, ਸੋਹਨ ਬੈਠਾ, ਆਰ.ਕੇ.ਪਾਲ ਅਤੇ ਲਖਨ ਪਾਲ ਨੇ ਵੀ ਲੋਕਾਂ ਨੂੰ ਬਿਰਸਾ ਮੁੰਡਾ ਦੇ ਜੀਵਨ ਅਤੇ ਮਿਸ਼ਨ ਬਾਰੇ ਦੱਸਿਆ ਬੇਸ਼ੱਕ ਸਰਕਾਰਾਂ ਆਦਿਵਾਸੀਆਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਬਹੁਤ ਗੱਲਾਂ ਕਰ ਰਹੀਆਂ ਹਨ ਪਰ ਉਨ੍ਹਾਂ ਨੂੰ ਤਬਾਹ ਕੀਤਾ ਜਾ ਰਿਹਾ ਹੈ ਅਤੇ ਪਾਣੀ, ਜੰਗਲ ਅਤੇ ਜ਼ਮੀਨ ਸਰਮਾਏਦਾਰਾਂ ਨੂੰ ਵੇਚੀ ਜਾ ਰਹੀ ਹੈ। ਸੰਘਰਾ ਦੇ ਅਹੁਦੇਦਾਰਾਂ ਵੱਲੋਂ ਵਿਸ਼ੇਸ਼ ਤੌਰ ਤੇ ਡਿਪਟੀ ਸੀ ਪੀ ਓ ਸ਼੍ਰੀ ਐਸ. ਪੀ ਮੰਡਲ, ਅੰਬੇਡਕਰ ਸੋਸਾਇਟੀ ਦੇ ਜਨਰਲ ਸਕੱਤਰ, ਧਰਮ ਪਾਲ ਪੈਂਥਰ ਨੂੰ ਭਗਵਾਨ ਬਿਰਸਾ ਮੁੰਡਾ ਦੀ ਤਸਵੀਰ, ਸ਼ਾਲ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ ? ਸਮਾਗਮ ਨੂੰ ਸਫਲ ਬਣਾਉਣ ਲਈ ਦੇਸ ਰਾਜ, ਧਰਮਵੀਰ, ਬਿਲਕਨ ਕੁੰਡਲਾਨਾ, ਗੁਰੂਚਰਨ, ਮਨੀਸ਼ਾ, ਸੱਤਿਆ ਸਬਨਮ, ਪੂਜਾ ਹੇਮਬਰਮ, ਸ਼ਾਂਤੀ, ਵਿਵੇਕ, ਅਜੇ ਬੇਕ, ਵਾਲਟਰ ਲਾਕਰਾ, ਸਬਿਆਲ, ਐਲਿਜ਼ਾਵੇਥ ਤਿਰਕੀ, ਸੋਨਾਮੀ, ਕੰਚਨ ਕੁੰਡਲਾਨਾ ਅਤੇ ਮਨਮੋਹਨ ਸਿੰਘ ਲਗੂਰੀਆ ਆਦਿ ਨੇ ਅਹਿਮ ਭੂਮਿਕਾ ਨਿਭਾਈ।

## ਫ੍ਰੀ ਖੂਨ ਜਾਂਚ ਕੈਂਪ ਲਾਇਆ



ਪੰਜਾਬ ਦਾ ਖੁਲਾਸਾ

**ਬੱਸੀ ਪਠਾਣਾ, 19 ਨਵੰਬਰ (ਉਦੇ ਧੀਮਾਨ) :** ਬਹਾਵਲਪੁਰ ਬਰਾਦਰੀ ਮਹਾਸੰਘ ਬਸੀ ਪਠਾਣਾ ਵਲੋ ਬਾਬਾ ਬੁੱਧ ਦਾਸ ਜੀ ਦੀ ਯਾਦ ਨੂੰ ਸਮਰਪਿਤ 20ਵਾ ਫ੍ਰੀ ਖੂਨ ਜਾਚ ਕੈਂਪ ਮਹਾਸੰਘ ਦੇ ਪ੍ਰਧਾਨ ਉਮ ਪ੍ਰਕਾਸ਼ ਮੁਖੇਜਾ ਦੀ ਅਗਵਾਈ ਹੇਠ ਨਰਿੰਦਰ ਲੈਬੋਰੇਟਰੀ ਨੇੜੇ ਖਾਲਸਾ ਸਕੂਲ ਚੋਕ ਵਿਖੇ ਲਗਾਇਆ ਗਿਆ। ਕੈਂਪ ਦੌਰਾਨ 52 ਤੋ ਵੱਧ ਵਿਅਕਤੀਆ ਤੇ ਇਸਤਰੀਆ ਨੇ ਫ੍ਰੀ ਸੁਗਰ, ਐਚ ਬੀ, ਬੀ ਪੀ, ਬਲਡ ਗਰੁੱਪ ਆਦਿ ਟੈਸਟ ਕਰਵਾ ਕੇ ਕੈਂਪ ਦਾ ਲਾਭ ਉਠਾਇਆ। ਇਸ ਮੌਕੇ ਓਮ ਪ੍ਰਕਾਸ਼ ਮੁਖੇਜਾ ਨੇ ਦਸਿਆ ਕਿ ਮਹਾਸੰਘ ਵਲੋ ਸਮਾਜਿਕ, ਧਾਰਮਿਕ, ਸੋਸ਼ਲ ਕੰਮ ਕਰਵਾਏ ਜਾਦੇ ਹਨ ਤੇ ਮਹਾਸੰਘ ਵਲੋ ਫ੍ਰੀ ਬਹਾਵਲਪੁਰੀ ਸਿਲਾਈ ਸੈਂਟਰ ਵੀ ਚਲਾਇਆ ਜਾ ਰਿਹਾ ਹੈ। ਇਸ ਮੋਕੇ ਚੈਅਰਮੈਨ ਅਰਜੁਨ ਸੇਤੀਆ, ਸਰਪ੍ਰਸਤ ਮਦਨ ਲਾਲ ਟੁਲਾਨੀ,ਸਰਪ੍ਰਸਤ ਓਮ ਪ੍ਰਕਾਸ਼ ਥਰੇਜਾ, ਸਰਪ੍ਰਸਤ ਲੀਲਾ ਰਾਮ, ਸੀਨੀਅਰ ਵਾਈਸ ਚੇਅਰਮੈਨ ਕਿਸ਼ਨ ਅਰੋੜਾ, ਸੀਨੀਅਰ ਵਾਈਸ ਪ੍ਰਧਾਨ ਸ਼ੁਸੀਲ ਗਰੋਵਰ, ਨਰਿੰਦਰ ਕੁਮਾਰ ਲੈਬਾਟਰੀ ਵਾਲੇ,ਵਾਈਸ ਪ੍ਰਧਾਨ ਗੋਪਾਲ ਕ੍ਰਿਸ਼ਨ ਹਸੀਜਾ,ਹਰੀਸ਼ ਚਾਵਲਾ, ਕੇਵਲ ਕੁਮਾਰ,ਮਕੰਦੀ ਲਾਲ, ਨਰਵੀਰ ਧੀਮਾਨ ਜੋਨੀ,ਮਦਨ ਲਾਲ,ਰਿਕੂ ਚੁੱਘ,ਰਜਿੰਦਰ ਬੋਸ ਹਾਜ਼ਰ ਸਨ।

## ਕਿਸੇ ਵੀ ਐਮਰਜੈਂਸੀ ਹਾਲਾਤਾਂ ਨਾਲ ਨਜਿੱਠਣ ਲਈ ਫਰੀਦਕੋਟ ਪੁਲਿਸ ਵੱਲੋਂ ਕੇਂਦਰੀ ਮਾਡਰਨ ਜੇਲ੍ਹ, ਫਰੀਦਕੋਟ ਵਿਖੇ ਤਾਇਨਾਤ ਪੁਲਿਸ ਕਰਮਚਾਰੀਆਂ ਨੂੰ ਦਿੱਤੀ ਗਈ ਸਪੈਸ਼ਲ ਟ੍ਰੇਨਿੰਗ

ਪੰਜਾਬ ਦਾ ਖੁਲਾਸਾ

**ਫਰੀਦਕੋਟ 19 ਨਵੰਬਰ, (ਗੁਰਦੀਪ ਸਿੰਘ)-** ਡਾ. ਪ੍ਰਗਿਆ ਜੈਨ ਐਸ.ਐਸ.ਪੀ ਫਰੀਦਕੋਟ ਜੀ ਦੇ ਦਿਸ਼ਾ ਨਿਰਦੇਸ਼ਾ ਤਹਿਤ ਕਿਸੇ ਵੀ ਐਮਰਜੈਂਸੀ ਸਥਿਤੀ ਨਾਲ ਨਜਿੱਠਣ ਲਈ ਫਰੀਦਕੋਟ ਪੁਲਿਸ ਵੱਲੋਂ ਕੇਂਦਰੀ ਮਾਡਰਨ ਜੇਲ੍ਹ ਫ਼ਰੀਦਕੋਟ ਵਿਖੇ ਤਾਇਨਾਤ ਪੁਲਿਸ ਕਰਮਚਾਰੀਆਂ ਨੂੰ ਸਪੈਸ਼ਲ ਟ੍ਰੇਨਿੰਗ ਦਿੱਤੀ ਗਈ, ਤਾਂ ਕਿ ਕਿਸੇ ਵੀ ਤਰ੍ਹਾਂ ਦੀ ਐਮਰਜੈਂਸੀ ਸਥਿਤੀ ਉੱਪਰ ਪ੍ਰਭਾਵਸ਼ਾਲੀ ਢੰਗ ਨਾਲ ਕਾਬੂ ਪਾਇਆ ਜਾ ਸਕੇ। ਜਿਸ ਦੌਰਾਨ ਕੇਨ ਸ਼ੀਲਡ, ਹੈਲਮੇਟ, ਬਾਡੀ ਪ੍ਰੋਟੈਕਟਰ ਅਤੇ ਅਣਸੁਖਾਵੀਂ ਸਥਿਤੀਆਂ ਨਾਲ ਨਜਿੱਠਣ ਲਈ ਵਰਤੇ ਜਾਣ ਵਾਲੇ ਹੋਰ ਸਮਾਨ ਸਬੰਧੀ ਵੀ ਜਾਣਕਾਰੀ ਮੁਹੱਇਆਂ ਕਰਵਾਈ ਗਈ।

ਇਸ ਟ੍ਰੇਨਿੰਗ ਦੌਰਾਨ ਜੇਲ੍ਹ ਕਰਮਚਾਰੀਆਂ ਨੂੰ ਵੱਖ-ਵੱਖ ਸੁਰੱਖਿਆ ਤਕਨੀਕਾਂ ਬਾਰੇ ਵਿਸਥਾਰ ਵਿੱਚ ਸਿੱਖਿਆ ਦਿੱਤੀ ਗਈ, ਜਿਸ ਵਿੱਚ ਐਮਰਜੈਂਸੀ ਦੇ ਹਾਲਾਤਾਂ ਵਿੱਚ ਰਸਪਾਂਸ ਦੇ ਤਰੀਕੇ, ਭੀੜ ਪ੍ਰਬੰਧਨ ਅਤੇ ਸੰਚਾਰ ਸਾਧਨਾਂ ਦੀ ਸਹੀ ਵਰਤੋਂ ‘ਤੇ ਖ਼ਾਸ ਜ਼ੋਰ ਦਿੱਤਾ ਗਿਆ। ਉਨ੍ਹਾਂ ਨੂੰ ਨਵੇਂ ਸੁਰੱਖਿਆ ਉਪਕਰਣਾਂ, ਡਰੋਨ ਦੇ ਮਾਨੀਟਰਿੰਗ ਤਰੀਕਿਆਂ ਅਤੇ ਅਧੁਨਿਕ ਹਥਿਆਰਾਂ ਦੀ ਵਰਤੋਂ ਸਬੰਧੀ ਵੀ ਜਾਣਕਾਰੀ ਦਿੱਤੀ ਗਈ, ਤਾਂ ਜੋ ਕਿਸੇ ਵੀ ਤਰ੍ਹਾਂ ਦੀ ਅਣਚਾਹੀ ਘਟਨਾ ਦੌਰਾਨ ਸੁਰੱਖਿਆ ਪ੍ਰਬੰਧਾਂ ਨੂੰ ਯਕੀਨੀ ਬਣਾਇਆ ਜਾ ਸਕੇ।

ਇਸ ਉਪਰੰਤ ਜੇਲ੍ਹ ਪ੍ਰਸ਼ਾਸ਼ਨ ਵੱਲੋਂ ਐਸ.ਐਸ.ਪੀ ਫਰੀਦਕੋਟ ਡਾ. ਪ੍ਰਗਿਆ ਜੈਨ ਜੀ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਗਿਆ ਅਤੇ ਦੱਸਿਆਂ ਕਿ ਅਜਿਹੇ ਟ੍ਰੇਨਿੰਗ ਪ੍ਰੋਗਰਾਮਾ ਰਾਹੀ ਪੁਲਿਸ ਕਰਮਚਾਰੀਆਂ ਨੂੰ ਬਹੁਤ ਅਹਿਮ ਜਾਣਕਾਰੀ ਮਿਲਦੀ ਹੈ ਅਤੇ ਉਹ ਕਿਸੇ ਵੀ ਐਮਰਜੈਂਸੀ ਸਥਿਤੀ ਨਾਲ ਨਜਿੱਠਣ ਲਈ ਨਵੀਆਂ ਤਕਨੀਕਾਂ ਅਤੇ ਹਥਿਆਰਾਂ ਬਾਰੇ ਵੀ ਚੰਗੀ ਤਰ੍ਹਾ ਸੁਚੇਤ ਹੁੰਦੇ ਹਨ।

## ਭਾਰਤ ਵਿਕਾਸ ਪੀਸ਼ਦ ਬਸੀ ਪਠਾਣਾਂ ਵਲੋਂ ਕਰਵਾਏ ਗਏ ਮੁਕਾਬਲੇ

ਪੰਜਾਬ ਦਾ ਖੁਲਾਸਾ

**ਬੱਸੀ ਪਠਾਣਾ, 19 ਨਵੰਬਰ (ਉਦੇ ਧੀਮਾਨ):** ਭਾਰਤ ਵਿਕਾਸ ਪੀਸ਼ਦ ਬਸੀ ਪਠਾਨਾਂ ਵਲੋ ਪਧਾਨ ਮਨੋਜ ਕੁਮਾਰ ਭੰਡਾਰੀ ਦੀ ਪ੍ਰਧਾਨਗੀ ਅਤੇ ਸੰਸਕਾਰ ਪਮੁੱਖ ਬਲਦੇਵ ਕਿਸ਼ਨ, ਪੋਜੈਕਟ ਚੇਅਰਮੈਨ ਜੈ ਕਿਸ਼ਨ, ਨੀਲਮ ਸ਼ਰਮਾ ਅਤੇ ਸਾਹਿਲ ਰਬੜ ਦੀ ਦੇਖਰੇਖ ਹੇਠ ਸੰਤ ਨਾਮਦੇਵ ਕੰਨਿਆ ਮਹਾਵਿਦਿਆਲਾ ਵਿਖੇ ਭਾਰਤ ਨੂੰ ਜਾਨੋ ਦੇ ਅੰਤਰਗਤ ਕਵਿਜ਼ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਸਮਾਜਸੇਵੀ ਪਵਨ ਬਸੰਲ ਨੇ ਮੁੱਖ ਮਹਿਮਾਨ ਵਜੋਂ ਹਾਜ਼ਰ ਰਹੇ। ਪਵਨ ਬਸੰਲ ਵਲੋਂ ਦੀਪ ਜਗਾ ਕੇ ਪ੍ਰਤਿਯੋਗਤਾ ਦੀ ਸ਼ੁਰੂਆਤ ਕੀਤੀ ਗਈ। ਕਵਿਜ਼ ਮੁਕਾਬਲਿਆਂ ਵਿੱਚ ਜੂਨੀਅਰ ਅਤੇ ਸੀਨੀਅਰ ਵਰਗ ਦੇ 18 ਸਕੂਲਾਂ ਦੀਆਂ ਲਗਭੱਗ 29 ਟੀਮਾਂ ਨੇ ਹਿਸਾ ਲਿਆ। ਪ੍ਰਤਿਯੋਗਤਾ ਵਿੱਚ ਜੂਨੀਅਰ ਵਰਗ ਵਿੱਚ ਸੰਤ ਹਰਨਾਮ ਸਿੰਘ ਪਬਲਿਕ ਸਕੂਲ ਦੇ ਏਕਮਜੋਤ ਸਿੰਘ ਅਤੇ ਰਾਜਵੀਰ ਸਿੰਘ ਨੇ ਪਹਿਲਾ, ਬਰਾਈਟ ਕੈਰੀਅਰ ਪਬਲਿਕ ਸਕੂਲ ਨੇ ਦੂਜਾ ਅਤੇ ਗੁਰੂ ਤੇਗ ਬਹਾਦੁਰ ਮੋਡਲ ਸੀਨੀਅਰ ਸੈਕੰਡਰੀ ਸਕੂਲ ਨੰਦਪੁਰ ਕਲੌੜ ਦੀ ਹਰਦੀਪ ਕੋਰ ਨੇ ਤੀਜਾ ਸਥਾਨ ਹਾਸਿਲ ਕੀਤਾ ਉੱਥੇ ਹੀ ਸੀਨੀਅਰ ਵਰਗ ਵਿੱਚ ਬਰਾਈਟ ਕੈਰੀਅਰ ਪਬਲਿਕ ਸਕੂਲ ਦਮਹੇੜੀ ਦੀ ਜਸਮੀਨ ਕੋਰ ਅਤੇ ਚਰਨਪੀਕੋਰ ਨੇ ਪਹਿਲਾ ਸਥਾਨ, ਲਾਲਾ ਲਾਜਪਤ ਰਾਏ ਹਾਈ ਸਕੂਲ, ਬਸੀ ਪਠਾਨਾਂ ਦੇ ਪੂਨੀਤ ਕੁਮਾਰ ਅਤੇ ਪਲਕ ਨੇ ਦੂਜਾ ਅਤੇ ਹੋਲੀ ਹਾਰਟ ਪਬਲਿਕ ਸਕੂਲ ਬਸੀ ਪਠਾਨਾਂ ਦੀ ਗੁਰਲੀਨ ਕੋਰ ਅਤੇ ਸੁਖਜੋਤ ਕੋਰ ਨੇ ਤੀਜਾ ਸਥਾਨ ਹਾਸਿਲ ਕੀਤਾ।ਸਕੋਰ ਬੋਰਡ ਉੱਤੇ ਸਕੱਤਰ ਭਾਰਤ ਭੂਸ਼ਣ ਸਚਦੇਵਾ ਅਤੇ ਸਾਹੀਲ ਰਬੜ ਨੇ ਆਪਣੀ ਭੂਮਿਕਾ ਨਿਭਾਈ ਓਥੇ ਹੀ ਪਰਦੀਪ ਮਲਹੋਤਰਾ ਅਤੇ ਰਕੇਸ਼ ਗੁਪਤਾ ਨੇ ਟਾਇਮ ਕੀਪਰ ਦੀ ਭੂਮਿਕਾ ਨਿਭਾਈ।ਬਬਲਜੀਤ ਪਨੇਸਰ ਨੇ ਸੀਨੀਅਰ ਵਰਗ ਦੇ ਕਵਿਜ਼ ਮੁਕਾਬਲੇ ਵਿੱਚ ਆਪਣੀ ਭੂਮਿਕਾ ਨਿਭਾਈ। ਗਲਬਾਤ ਕਰਦਿਆਂ ਸੂਬਾ ਸੰਗਠਨ ਮੰਤਰੀ ਰਮੇਸ਼ ਮਲਹੋਤਰਾ ਅਤੇ ਪੀਸ਼ਦ ਪਧਾਨ ਮਨੋਜ ਕੁਮਾਰ ਭੰਡਾਰੀ ਨੇ ਕਿਹਾ ਕਿ ਦੋਨੋ ਜੇਤੂ ਟੀਮਾਂ 01-12-2024, ਦਿਨ ਐਤਵਾਰ ਨੂੰ ਸੰਗਰੂਰ ਵਿਖੇ ਹੋਣ ਜਾ ਰਹੀ ਸੂਬਾ ਪੱਧਰੀ ਮੁਕਾਬਲਿਆਂ ਵਿੱਚ ਹਿੱਸਾ ਲੈਣਗੀਆਂ। ਓਹਨਾਂ ਕਿਹਾ ਕਿ ਪੀਸ਼ਦ ਦਾ ਉਦੇਸ਼ ਪ੍ਰਤੀਯੋਗਤਾ ਰਾਂਹੀ ਵਿਦਿਆਰਥੀਆਂ ਨੂੰ ਭਾਰਤ ਦੇ ਪਤੀ ਜਾਗਰੂਕ ਕਰਵਾਉਣਾ ਹੈ ਜਿਸ ਨਾਲ ਭਵਿੱਖ ਵਿੱਚ ਉਹਨਾਂ ਨੂੰ ਸਹਾਇਤਾ ਮਿਲੇਗੀ। ਉਹਨਾਂ ਕਿਹਾ ਕਿ ਭਵਿੱਖ ਵਿੱਚ ਵੀ ਸਮਾਜ ਸੇਵਾ ਦੇ ਕੰਮ ਜਾਰੀ ਰਹਿਣਗੇ। ਮੁੱਖ ਮਹਿਮਾਨ ਪਵਨ ਬੰਸਲ ਵਲੋਂ ਜੇਤੂ ਟੀਮਾਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਪੀ ?ਸ਼ਦ ਵਲੋਂ ਮੁੱਖ ਮਹਿਮਾਨ ਨੂੰ ਸਨਮਾਨਿਤ ਕੀਤਾ ਗਿਆ। ਪਵਨ ਬਸੰਲ ਨੇ ਕਿਹਾ ਕਿ ਪੀਸ਼ਦ ਵਲੋਂ ਸੰਸਕਾਰ ਅਤੇ ਸੇਵਾ ਦੇ ਪੋਜੈਕਟ ਲਗਾਉਣਾ ਸ਼ਲਾਘਾਯੋਗ ਕਦਮ ਹੈ। ਪੀਸ਼ਦ ਸਮਾਜਸੇਵਾ ਦੇ ਕੰਮਾਂ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾ ਰਹੀ ਹੈ।



ਅੰਤ ਵਿੱਚ ਪਧਾਨ ਮਨੋਜ ਕੁਮਾਰ ਭੰਡਾਰੀ ਵਲੋਂ ਮੁੱਖ ਮਹਿਮਾਨ, ਸਾਰੇ ਸਕੂਲਾਂ ਦੇ ਅਧਿਆਪਕਾਂ, ਵਿਦਿਆਰਥੀਆਂ, ਕਾਲਜ ਪਿੰਸੀਪਲ ਅਤੇ ਪ੍ਰਬੰਧਕਾ ਅਤੇ ਪੀਸ਼ਦ ਮੈਬਰਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਸਕੱਤਰ ਭਾਰਤ ਭੂਸ਼ਣ ਸਚਦੇਵਾ, ਖਜਾਨਚੀ ਸੰਜੀਵ ਸੋਨੀ, ਸਹਿ ਸਕੱਤਰ ਰਹਿਤ ਹਸੀਜਾ, ਰਕੇਸ਼ ਗੁਪਤਾ, ਵਿਨੋਦ ਸ਼ਰਮਾ, ਬਬਲਜੀਤ ਪਨੇਸਰ, ਰਵਿੰਦਰ ਰਿੰਕੂ, ਪਰਦੀਪ ਮਲਹੋਤਰਾ, ਰਕੇਸ਼ ਸੋਨੀ, ਧਰਮਿੰਦਰ ਬਾਂਡਾ, ਕਿ ?ਸ਼ਨ ਲਾਲ,ਭਾਰਤ ਭੂਸ਼ਣ ਸ਼ਰਮਾ, ਮਨੋਜ ਸ਼ਰਮਾ, ਪੀਤਮ ਰਬੜ, ਵਿਕਾਸ ਬਾਂਸਲ ਆਦਿ ਮੈਂਬਰ ਹਾਜਰ ਰਹੇ।

## ਸਰਕਾਰੀ ਪੌਲੀਟੈਕਨਿਕ ਕਾਲਜ, ਬਠਿੰਡਾ ਵਿਖੇ ਅਗਨੀਪੱਥ ਆਊਟਰੀਚ ਪ੍ਰੋਗਰਾਮ ਕਰਵਾਇਆ ਗਿਆ

ਪੰਜਾਬ ਦਾ ਖੁਲਾਸਾ

**ਬਠਿੰਡਾ , 19 ਨਵੰਬਰ ( ਸੱਤਪਾਲ ਮਾਨ ) :** - ਸਰਕਾਰੀ ਪੌਲੀਟੈਕਨਿਕ ਕਾਲਜ, ਬਠਿੰਡਾ ਵੱਲੋਂ ਮਿਲਟਰੀ ਸਟੇਸ਼ਨ ਬਠਿੰਡਾ ਦੇ ਸਹਿਯੋਗ ਨਾਲ ਆਖਰੀ ਸਾਲ ਦੇ ਵਿਦਿਆਰਥੀਆਂ ਦੀ ਕੈਰੀਅਰ ਅਵੈਅਰਨੈੱਸ ਲਈ ਇੱਕ ਰੋਜ਼ਾ ਅਗਨੀਪੱਥ ਆਉਟਰੀਚ ਪ੍ਰੋਗਰਾਮ ਕਰਵਾਇਆ ਗਿਆ। ਇਸ ਪ੍ਰੋਗਰਾਮ ਦਾ ਮਕਸਦ ਕਾਲਜ ਦੇ ਵਿਦਿਆਰਥੀਆਂ ਨੂੰ ਭਾਰਤੀ ਸੈਨਾ ਦੀ ਅਗਨੀਪੱਥ ਸਕੀਮ ਬਾਰੇ ਜਾਗਰੂਕ ਕਰਨਾ ਸੀ। ਬਠਿੰਡਾ ਮਿਲਟਰੀ ਸਟੇਸ਼ਨ ਦੀ 7010 ਈ.ਐਮ.ਈ. ਬਟਾਲੀਅਨ ਵੱਲੋਂ ਕੈਪਟਨ ਪ੍ਰਿਯਕਾ ਵਰਮਾ ਦੀ ਅਗਵਾਈ ਹੇਠ ਇਹ ਪ੍ਰੋਗਰਾਮ ਕੀਤਾ ਗਿਆ। ਕੈਪਟਨ ਪ੍ਰਿਯਕਾ ਵਰਮਾ ਵੱਲੋਂ ਵਿਦਿਆਰਥੀਆਂ ਨੂੰ ਭਾਰਤੀ ਸੈਨਾ ਅਤੇ ਅਗਨੀਪੱਥ ਸਕੀਮ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਪੜ੍ਹਾਈ ਪੂਰੀ ਕਰਕੇ ਭਾਰਤੀ ਸੈਨਾ ਦਾ ਹਿੱਸਾ ਬਣ ਕੇ ਦੇਸ਼ ਪ੍ਰਤੀ ਆਪਣਾ ਬਣਦਾ ਫ਼ਰਜ ਨਿਭਾਉਣ। ਨਾਇਬ ਸੂਬੇਦਾਰ ਏ.ਐਸ. ਤਿਵਾੜੀ ਵੱਲੋਂ ਵਿਦਿਆਰਥੀਆਂ ਦੇ ਸਵਾਲਾ ਦੇ ਵਿਸਥਾਰਪੂਰਵਕ ਜੁਆਬ ਦਿੱਤੇ ਗਏ। ਇਸ ਮੌਕੇ ਪਹੁੰਚੇ ਅਗਨੀਵਰ ਗੌਤਮ ਵੱਲੋਂ ਆਪਣਾ ਤਜਰਬਾ ਸਾਂਝਾ ਕਰਦੇ ਹੋਏ ਵਿਦਿਆਰਥੀਆਂ ਨੂੰ ਭਾਰਤੀ ਸੈਨਾ ਵਿੱਚ ਬਤੌਰ ਅਗਨੀਵੀਰ ‘ਚ ਸ਼ਾਮਲ ਹੋਣ ਲਈ ਪ੍ਰੇਰਿਤ ਕੀਤਾ।



ਕਾਲਜ ਦੇ ਪ੍ਰਿੰਸੀਪਲ ਅਨੁਜਾ ਪੁਪਨੇ ਨੇ ਭਾਰਤੀ ਸੈਨਾ ਦੀ ਪਹੁੰਚੀ ਹੋਈ ਟੀਮ ਦਾ ਧੰਨਵਾਦ ਕਰਦੇ ਹੋਏ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਪੜ੍ਹਾਈ ਪੂਰੀ ਕਰਨ ਉਪਰੰਤ ਭਾਰਤੀ ਸੈਨਾ ਨੂੰ ਇੱਕ ਕਿੱਤੇ ਵਜੋਂ ਅਪਨਾ ਕੇ ਦੇਸ਼ ਦੀ ਸੇਵਾ ਵਿੱਚ ਆਪਣਾ ਬਣਦਾ ਯੋਗਦਾਨ ਪਾਉਣ। ਟ੍ਰੇਨਿੰਗ ਅਤੇ ਪਲੇਸਮੈਂਟ ਵਿਭਾਗ ਵੱਲੋਂ ਡਾ. ਸੁਸ਼ੀਣ ਕੁਮਾਰ ਸਿੰਗਲਾ ਦੀ ਅਗਵਾਈ ਹੇਠ ਇਸ ਪ੍ਰੋਗਰਾਮ ਦਾ ਅਯੋਜਨ ਕੀਤਾ ਗਿਆ। ਇਸ ਮੌਕੇ ਪ੍ਰਧਾਨ ਐਸ.ਆਰ.ਸੀ. ਸੁਖਵਿੰਦਰ ਪ੍ਰਤਾਪ ਰਾਣਾ ਤੋਂ ਇਲਾਵਾ ਵਿਭਾਗੀ ਟੀ.ਪੀ.ਓ. ਵੀ ਹਾਜ਼ਰ ਸਨ।

## ਡੇਰਾ ਬਾਬਾ ਬੁੱਧ ਦਾਸ ਵਿਖੇ ਮੱਘਰ ਮਹੀਨੇ ਦੀ ਸੰਗਰਾਂਦ ਮੌਕੇ ਧਾਰਮਿਕ ਸਮਾਗਮ ਕਰਵਾਇਆ

ਪੰਜਾਬ ਦਾ ਖੁਲਾਸਾ

**ਬੱਸੀ ਪਠਾਣਾ, 19 ਨਵੰਬਰ (ਉਦੇ ਧੀਮਾਨ):** ਪ੍ਰਸਿੱਧ ਡੇਰਾ ਬਾਬਾ ਬੁੱਧ ਦਾਸ ਜੀ ਵਿੱਖੇ ਮੱਘਰ ਮਹੀਨੇ ਦੀ ਸੰਗਰਾਂਦ ਮੌਕੇ ਡੇਰੇ ਦੇ ਮਹੰਤ ਡਾ.ਸਿਕੰਦਰ ਸਿੰਘ ਦੀ ਅਗਵਾਈ ਹੇਠ ਧਾਰਮਿਕ ਸਮਾਗਮ ਕਰਵਾਇਆ। ਸਮਾਗਮ ਦੌਰਾਨ ਡੇਰਾ ਮਹੰਤ ਡਾ.ਸਿਕੰਦਰ ਸਿੰਘ ਵੱਲੋ ਬਾਬਾ ਜੀ ਨੂੰ ਭੋਗ ਲਗਵਾਉਣ ਉਪਰੰਤ ਸਰਬੱਤ ਭੱਲੇ ਦੀ ਅਰਦਾਸ ਕੀਤੀ ਗਈ।ਉਨ੍ਹਾਂ ਕਿਹਾ ਸਾਨੂੰ ਸਾਰਿਆਂ ਨੂੰ ਸਭ ਧਰਮਾਂ ਦਾ ਸਤਿਕਾਰ ਕਰਦੇ ਹੋਏ ਆਪਸੀ ਭਾਈਚਾਰਕ ਸਾਂਝ ਨੂੰ ਕਾਇਮ ਕਰਨਾਂ ਚਾਹੀਦਾ ਹੈ। ਇਸ ਮੌਕੇ ਸੰਗਤਾਂ ਨੂੰ ਚਾਹ ਪਕੌੜੇ ਅਤੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ।ਇਸ ਮੌਕੇ ਡਾ.ਸਤ ਪ੍ਰਕਾਸ਼ ਡਾ.ਆਫ਼ਤਾਬ ਸਿੰਘ, ਬਾਜਵਾ,ਗੁਰਸੇਵਕ ਬਾਜਵਾ, ਗੁਰਪ੍ਰੀਤ ਸਿੰਘ,ਹਰਿੰਦਰ ਸਿੰਘ,ਤਿਰੋਕ



ਸ਼੍ਰੀਮਤੀ ਰੇਨੂੰ ਹੈਪੀ,ਡਾ.ਮੂਸਮ ਕਪਿਲ,ਕਰਨੈਲ ਸਿੰਘ ਭੂਮਛੇੜੀ,ਹਰਚੰਦ ਸਿੰਘ ਭੂਮਛੇੜੀ, ਅਮਰਿੰਦਰ ਸਿੰਘ ਭੁੱਲਰ, ਦੀਦਾਰ ਸਿੰਘ, ਐਡਵੋਕੇਟ ਅਨਿਲ ਗੁਪਤਾ,ਗੁਰਸ਼ੇਰ ਸਿੰਘ ਪਿੰਡ ਰਾਏਪੁਰ,ਰਿਕੂ ਬਾਜਵਾ,ਅੰਮ੍ਰਿਤ ਬਾਜਵਾ, ਕੁਲਵਿੰਦਰ ਸਿੰਘ,ਸੁਖਦੇਵ ਬਾਜਵਾ,ਰਜਿੰਦਰ ਭਨੋਟ, ਰਵਿੰਦਰ ਕੁਮਾਰ ਪੱਪੂ,ਸ਼ਾਮ ਲਾਲ,ਸਾਹਿਲ ਮਲਹੋਤਰਾ, ਰਿਕੀ ਸੁਰਜਨ, ਸੁੱਖੀ ਬੈਦਵਾਣ,ਜਸਪਾਲ ਸਿੰਘ,ਰਾਧਾ ਰਾਣੀ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## ਜੀਵਨ ਦਾਨ ਦਾ ਸੰਦੇਸ਼: ਆਧਾਰਸ਼ਿਲਾ ਸਕੂਲ ਦੇ ਵਿਦਿਆਰਥੀਆਂ ਨੇ ਬਲੱਡ ਗਰੁੱਪਾਂ ‘ਤੇ ਇੱਕ ਦਿਲਚਸਪ ਗਤੀਵਿਧੀ ਕੀਤੀ

ਪੰਜਾਬ ਦਾ ਖੁਲਾਸਾ

**ਪੱਟੀ ਸਦੀਕ, 19 ਨਵੰਬਰ (ਬਲਕਰਨ ਸਿੰਘ ਮਸ਼ਾਲ)-** ਆਧਾਰਸ਼ਿਲਾ ਸਕੂਲ, ਅਬੋਹਰ ਦੇ ਵਿਦਿਆਰਥੀਆਂ ਨੇ ਬਲੱਡ ਗਰੁੱਪਾਂ ‘ਤੇ ਅਧਾਰਿਤ ਇੱਕ ਸ਼ਾਨਦਾਰ ਗਤੀਵਿਧੀ ਵਿੱਚ ਭਾਗ ਲਿਆ। ਇਸ ਗਤੀਵਿਧੀ ਵਿੱਚ ਉਨ੍ਹਾਂ ਨੇ ਖੂਨਦਾਨ ਅਤੇ ਬਲੱਡ ਗਰੁੱਪ ਦੀ ਮਹੱਤਤਾ ਬਾਰੇ ਦੱਸਿਆ। ਵਿਦਿਆਰਥੀਆਂ ਨੇ ਦੱਸਿਆ ਕਿ ਖੂਨਦਾਨ ਜੀਵਨ ਬਚਾਉਣ ਦਾ ਸਭ ਤੋਂ ਸਰਲ ਅਤੇ ਕਾਰਗਰ ਤਰੀਕਾ ਹੈ। ਉਨ੍ਹਾਂ ਦੱਸਿਆ ਕਿ ਖੂਨਦਾਨ ਵਿੱਚ ਅਨੁਕੂਲਤਾ ਕਿੰਨੀ ਮਹੱਤਵਪੂਰਨ ਹੈ। ਇਹ ਵੀ ਦੱਸਿਆ ਗਿਆ ਕਿ ‘ਓ’ ਗਰੁੱਪ ਦੇ ਲੋਕ ਯੂਨੀਵਰਸਲ ਡੋਨਰ ਹਨ, ਜਦਕਿ ‘ਏਬੀ’ ਗਰੁੱਪ ਦੇ ਲੋਕ ਯੂਨੀਵਰਸਲ ਪ੍ਰਾਪਤਕਰਤਾ ਮੰਨੇ ਜਾਂਦੇ ਹਨ। ਇਸ ਗਤੀਵਿਧੀ ਰਾਹੀਂ ਬੱਚਿਆਂ ਨੇ ਨਾ ਸਿਰਫ਼ ਵਿਗਿਆਨ ਨੂੰ ਦਿਲਚਸਪ ਤਰੀਕੇ ਨਾਲ ਸਿੱਖਿਆ ਸਗੋਂ ਸਮਾਜ ਵਿੱਚ ਸਕਾਰਾਤਮਕ ਤਬਦੀਲੀ ਲਿਆਉਣ ਲਈ ਪ੍ਰੇਰਿਤ ਵੀ ਕੀਤਾ। ਬੱਚੇ ਇਸ ਵਿਦਿਅਕ ਅਨੁਭਵ ਨੂੰ ਸਾਰੀ ਉਮਰ ਯਾਦ ਰੱਖਣਗੇ।




ਮੁਦਰਕ, ਪ੍ਰਕਾਸ਼ਕ ਅਤੇ ਸਵਾਮੀ ਮਨਪ੍ਰੀਤ ਸਿੰਘ ਨੇ ਪੰਜਮਨਾ ਆਰਟ ਪ੍ਰੈਸ, ਨੇੜੇ ਪੀ.ਐਨ.ਬੀ. ਬੈਂਕ, ਅਬੋਹਰ ਰੋਡ, ਸ੍ਰੀ ਮੁਕਤਸਰ ਸਾਹਿਬ ਤੋਂ ਛਪਵਾ ਕੇ ਪੰਜਾਬ ਦਾ ਖੁਲਾਸਾ ਦਫਤਰ, ਹਾਊਸ ਨੰਬਰ 236/3, ਨਾਕਾ ਨੰ.2 ਦਰਬਾਰ ਸਾਹਿਬ, ਸ੍ਰੀ ਮੁਕਤਸਰ ਸਾਹਿਬ ਤੋਂ ਪ੍ਰਕਾਸ਼ਿਤ ਕੀਤਾ। ਸੰਪਾਦਕ ਮਨਪ੍ਰੀਤ ਸਿੰਘ

Owner, Publisher & Printer Manpreet Singh Printed at Panjmana Art Press Near PNB Bank, Abohar Road Sri Muktsar Sahib Published from House No 236/3 Naka No 2, Darbar Sahib Sri Muktsar Sahib. Editor Manpreet Singh

ਪੰਜਾਬ ਦਾ ਖੁਲਾਸਾ

ਬੁੱਧਵਾਰ, 20 ਨਵੰਬਰ 2024

# ਕੈਬਨਿਟ ਮੰਤਰੀ ਮਹਿੰਦਰ ਭਗਤ ਨੇ ਜਲੰਧਰ ਦੀਆਂ ਨਵੀਆਂ ਚੁਣੀਆਂ ਪੰਚਾਇਤਾਂ ਦੇ 5443 ਮੈਂਬਰਾਂ ਨੂੰ ਚੁਕਾਈ ਸਹੁੰ

✤ ਪੰਜਾਬ ਦਾ ਖੁਲਾਸਾ



**ਜਲੰਧਰ 19 ਨਵੰਬਰ (ਅਮ੍ਰਿਤਪਾਲ ਸਿੰਘ)**ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮਹਿੰਦਰ ਭਗਤ ਨੇ ਅੱਜ ਪਿੰਡ ਜੰਡਿਆਲਾ ਦੇ ਖੇਡ ਸਟੇਡੀਅਮ ਵਿਖੇ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਨਵੇਂ ਚੁਣੇ ਗਏ ਪੰਚਾਂ ਨੂੰ ਅਹੁਦੇ ਦੀ ਸਹੁੰ ਚੁਕਾਈ। ਸਮਾਗਮ ਦੌਰਾਨ ਜ਼ਿਲ੍ਹੇ ਦੀਆਂ ਨਵੀਆਂ ਚੁਣੀਆਂ ਗਈਆਂ 890 ਗ੍ਰਾਮ ਪੰਚਾਇਤਾਂ ਵਿੱਚੋਂ 5443 ਪੰਚਾਂ ਨੂੰ ਕੈਬਨਿਟ ਮੰਤਰੀ ਵੱਲੋਂ ਅਹੁਦੇ ਦੀ ਸਹੁੰ ਚੁਕਾਈ ਗਈ।ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪੰਚਾਇਤੀ ਚੋਣਾਂ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਕਰਵਾਉਣ ਵਿੱਚ ਨਵੀਂ ਮਿਸਾਲ ਕਾਇਮ ਕੀਤੀ ਹੈ, ਕਿਉਂਕਿ ਇਹ ਪੰਚਾਇਤੀ ਚੋਣਾਂ ਪਿੰਡਾਂ ਨੂੰ ਸਿਆਸੀ ਧੜੇਬੰਦੀ ਦੇ ਪਰਛਾਵੇਂ ਤੋਂ ਦੂਰ ਰੱਖਣ ਲਈ ਸਿਆਸੀ ਪਾਰਟੀ ਦੇ ਚੋਣ ਨਿਸ਼ਾਨ ਤੋਂ ਬਿਨ੍ਹਾਂ ਕਰਵਾਈਆਂ ਗਈਆਂ ਸਨ। ਇਸ ਕਦਮ ਨਾਲ ਲੋਕਾਂ ਵਿੱਚ ਆਪਸੀ ਭਾਈਚਾਰਕ ਸਾਂਝ ਹੋਰ ਮਜ਼ਬੂਤ ਹੋਵੇਗੀ। ਇਸ ਮੌਕੇ ਉਨ੍ਹਾਂ ਨਾਲ ਪੰਜਾਬ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ, ਪੰਜਾਬ ਰਾਜ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਅਬਦੁਲ ਬਾਰੀ ਸਲਮਾਨੀ, ਪੰਜਾਬ ਐਗਰੀ ਐਕਸਪੋਰਟ ਕਾਰਪੋਰੇਸ਼ਨ ਲਿਮਟਿਡ ਦੇ ਚੇਅਰਮੈਨ ਮੰਗਲ ਸਿੰਘ ਬੱਸੀ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅੰਮ੍ਰਿਤਪਾਲ ਸਿੰਘ ਅਤੇ ਸੀਨੀਅਰ 'ਆਪ' ਆਗੂ ਸਟੀਫਨ ਕਲੇਰ ਵੀ ਮੌਜੂਦ ਸਨ।ਕੈਬਨਿਟ ਮੰਤਰੀ ਨੇ ਨਵੇਂ ਚੁਣੇ ਗਏ ਪੰਚਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਪਾਰਦਰਸ਼ਤਾ ਲਿਆਉਣ ਲਈ ਆਪੋ-ਆਪਣੇ ਪਿੰਡਾਂ ਵਿੱਚ ਗ੍ਰਾਮ ਪੰਚਾਇਤਾਂ ਦੀਆਂ ਮੀਟਿੰਗਾ ਕਰਕੇ ਪੰਚਾਇਤੀ ਫੈਸਲਿਆਂ ਵਿੱਚ ਲੋਕਾਂ ਦੀ ਵੱਧ ਤੋਂ ਵੱਧ ਭਾਗੀਦਾਰੀ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਪੰਚ ਆਪਣੀ ਡਿਊਟੀ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਅ ਕੇ ਆਮ ਆਦਮੀ ਅਤੇ ਆਪਣੇ ਪਿੰਡਾਂ ਦੀ ਤਕਦੀਰ ਬਦਲ ਸਕਦੇ ਹਨ। ਉਨ੍ਹਾਂ ਇਹ ਵੀ ਜ਼ਿਕਰ ਕੀਤਾ ਕਿ ਜ਼ਿਲ੍ਹੇ ਦੀਆਂ 195 ਪੰਚਾਇਤਾਂ ਸਰਬਸੰਮਤੀ ਨਾਲ ਚੁਣੀਆਂ ਗਈਆਂ ਹਨ, ਜਿਸ ਨਾਲ ਲੋਕਤੰਤਰ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤੀ ਮਿਲੀ ਹੈ। ਸ਼੍ਰੀ ਮਹਿੰਦਰ ਭਗਤ ਨੇ ਇਨ੍ਹਾਂ ਪੰਚਾਇਤ ਮੈਂਬਰਾਂ ਨੂੰ ਵੀ ਹਾਰਦਿਕ ਵਧਾਈ ਦਿੱਤੀ। ਸ਼੍ਰੀ ਭਗਤ ਨੇ ਇਹ ਵੀ ਦੱਸਿਆ ਕਿ ਸੂਬੇ ਦੇ ਮੁੱਖ ਮੰਤਰੀ ਅਤੇ ਕਈ ਮੰਤਰੀਆਂ ਨੇ ਆਪਣੇ ਸਿਆਸੀ ਜੀਵਨ ਦੀ ਸ਼ੁਰੂਆਤ ਪੰਚਾਇਤੀ ਚੋਣਾਂ ਤੋਂ ਕੀਤੀ ਹੈ ਅਤੇ ਨਵੀਆਂ ਬੁਲੰਦੀਆਂ ਹਾਸਲ ਕੀਤੀਆਂ।ਉਨ੍ਹਾਂ ਨਵੇਂ ਚੁਣੇ ਗਏ ਪੰਚਾਇਤ ਮੈਂਬਰਾਂ ਨੂੰ ਪਿੰਡਾਂ ਦੇ ਵਿਕਾਸ ਲਈ ਫੰਡਾਂ ਦੀ ਸੁਚੱਜੀ ਵਰਤੋਂ ਯਕੀਨੀ ਬਣਾਉਣ, ਖਾਸ ਕਰ ਪੰਚਾਇਤੀ ਫੈਸਲਿਆਂ ਵਿੱਚ ਪਾਰਦਰਸ਼ਤਾ ਲਈ ਗ੍ਰਾਮ ਸਭਾ ਦੀਆਂ ਮੀਟਿੰਗਾਂ ਕਰਵਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਉਨ੍ਹਾਂ ਦੇ ਨਾਲ ਖੜ੍ਹੀ ਹੈ ਅਤੇ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ। ਉਨ੍ਹਾਂ ਪੰਚਾਇਤ ਮੈਂਬਰਾਂ ਨੂੰ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਸਰਗਰਮ ਭੂਮਿਕਾ ਨਿਭਾਉਣ ਦੀ ਅਪੀਲ ਵੀ ਕੀਤੀ, ਤਾਂ ਜੋ ਪੰਜਾਬ ਨੂੰ ਇੱਕ ਵਾਰ ਫਿਰ ਰੰਗਲਾ ਬਣਾਇਆ ਜਾ ਸਕੇ। ਕੈਬਨਿਟ ਮੰਤਰੀ ਨੇ ਸੂਬੇ ਵਿੱਚ 'ਆਪ' ਸਰਕਾਰ ਦੀਆਂ ਲੋਕ ਪੱਖੀ ਪਹਿਲਕਦਮੀਆਂ 'ਤੇ ਵੀ ਚਾਨਣਾ ਪਾਇਆ।ਇਸ ਤੋਂ ਪਹਿਲਾਂ ਹਲਕਾ ਵਿਧਾਇਕ ਨਕੋਦਰ ਇੰਦਰਜੀਤ ਕੌਰ ਮਾਨ ਨੇ ਨਵੇਂ ਚੁਣੇ ਗਏ ਪੰਚਾਇਤ ਮੈਂਬਰਾਂ ਨੂੰ ਸਹੁੰ ਚੁੱਕ ਸਮਾਗਮ ਦੀ ਮੁਬਾਰਕਬਾਦ ਦਿੱਤੀ। ਉਨ੍ਹਾਂ ਕਿਹਾ ਕਿ ਉਹ ਆਪਣੇ ਵਿਧਾਨ ਸਭਾ ਹਲਕੇ ਦੀਆਂ ਪੰਚਾਇਤਾਂ ਨਾਲ ਨਿੱਜੀ ਤੌਰ 'ਤੇ ਗੱਲਬਾਤ ਕਰਕੇ ਉਨ੍ਹਾਂ ਦੇ ਕੰਮਕਾਜ ਵਿੱਚ ਮਦਦ ਕਰਨਗੇ।

ਇਸ ਮੌਕੇ ਸੀਨੀਅਰ ਆਪ ਆਗੂ ਤੇ ਹਲਕਾ ਇੰਚਾਰਜ ਜਲੰਧਰ ਛਾਉਣੀ ਰਾਜਵਿੰਦਰ ਕੌਰ ਥਿਆੜਾ, ਪਵਨ ਕੁਮਾਰ ਟੀਨੂੰ, ਹਲਕਾ ਇੰਚਾਰਜ ਆਦਮਪੁਰ ਜੀਤ ਲਾਲ ਭੱਟੀ, ਹਲਕਾ ਇੰਚਾਰਜ ਸ਼ਾਹਕੋਟ ਪਰਮਿੰਦਰ ਸਿੰਘ ਪੰਡੋਰੀ ਅਤੇ ਹਲਕਾ ਇੰਚਾਰਜ ਫਿਲੌਰ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਵੀ ਸੰਬੋਧਨ ਕੀਤਾ।ਇਸ ਦੌਰਾਨ ਜ਼ਿਲ੍ਹਾ ਪ੍ਰਸ਼ਾਸਨ ਜਲੰਧਰ ਵੱਲੋਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਹੇਠ ਵਧੀਕ ਡਿਪਟੀ ਕਮਿਸ਼ਨਰ ਮੇਜਰ ਡਾ. ਅਮਿਤ ਮਹਾਜਨ ਤੇ ਬੁੱਧੀਰਾਜ ਸਿੰਘ, ਐਸ.ਡੀ.ਐਮਜ਼ ਅਮਨਪਾਲ ਸਿੰਘ, ਲਾਲ ਵਿਸ਼ਵਾਸ ਬੈਂਸ ਨੇ ਮੁੱਖ ਮਹਿਮਾਨ ਨੂੰ ਯਾਦਗਾਰੀ ਚਿੰਨ੍ਹ ਵੀ ਭੇਟ ਕੀਤਾ।

# ਸਿਹਤ ਵਿਭਾਗ ਨੇ ਵਿਸ਼ਵ ਸ਼ੂਗਰ ਦਿਵਸ ਦੇ ਮੌਕੇ ਤੇ ਜਾਗਰੂਕਤਾ ਪੋਸਟਰ ਕੀਤਾ ਜਾਰੀ

✤ ਪੰਜਾਬ ਦਾ ਖੁਲਾਸਾ



**ਫਤਿਹਗੜ੍ਹ ਸਾਹਿਬ 19 ਨਵੰਬਰ- ( ਜੇ ਐਸ ਖੰਨਾ)** ਮਾਨਸਿਕ ਤਨਾਅ, ਸਿਗਰਟਨੋਸ਼ੀ, ਸ਼ਰਾਬ ਦਾ ਸੇਵਨ, ਸੰਤੁਲਿਤ ਭੋਜਨ ਦੀ ਘਾਟ, ਸਰੀਰਕ ਕੰਮ ਦੀ ਘਾਟ, ਮੋਟਾਪਾ ਆਦਿ ਸ਼ੂਗਰ ਹੋਣ ਦੇ ਮੁੱਖ ਕਾਰਨ ਹਨ ,ਪਰ ਆਪਣੀ ਜੀਵਨ ਸ਼ੈਲੀ ਵਿੱਚ ਬਦਲਾ ਕਰਕੇ ਸ਼ੂਗਰ ਹੋਣ ਤੋਂ ਬਚਿਆ ਜਾ ਸਕਦਾ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਸਿਵਲ ਸਰਜਨ ਫਤਿਹਗੜ੍ਹ ਸਾਹਿਬ ਡਾ. ਦਵਿੰਦਰਜੀਤ ਕੌਰ ਨੇ ਸ਼ੂਗਰ ਦੀ ਬਿਮਾਰੀ ਨੂੰ ਰੋਕਣ ਸਬੰਧੀ ਜਾਗਰੂਕਤਾ ਪੋਸਟਰ ਜਾਰੀ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਖਾਨਦਾਨ ਵਿੱਚ ਪਹਿਲਾਂ ਤੋਂ ਹੀ ਮੌਜੂਦ ਸ਼ੂਗਰ ਦਾ ਮਰੀਜ਼ ਵੀ ਇਸ ਦਾ ਮੁੱਖ ਕਾਰਨ ਹੈ। ਡਾ. ਦਵਿੰਦਰਜੀਤ ਕੌਰ ਨੇ ਸ਼ੂਗਰ ਦੇ ਲੱਛਣਾਂ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਹੁਤ ਜਿਆਦਾ ਭੁੱਖ,ਪਿਆਸ ਲੱਗਣਾ ,ਪਿਸ਼ਾਬ ਜਿਆਦਾ ਆਉਣਾ, ਹਰ ਵੇਲੇ ਥਕਾਵਟ ਮਹਿਸੂਸ ਕਰਨਾ, ਧੁੰਦਲੀ ਤੇ ਕਮਜ਼ੋਰ ਨਜ਼ਰ, ਜ਼ਖਮ ਭਰਨ ਵਿੱਚ ਜਿਆਦਾ ਸਮਾਂ ਲੱਗਣਾ, ਹੱਥਾਂ ਪੈਰਾਂ ਵਿੱਚ ਝੁਣਝੁਣਾਹਟ ਜਾਂ ਸੁੰਨ ਹੋਣਾ,ਅਚਾਨਕ ਵਜ਼ਨ ਦਾ ਘਟਣਾ ਆਦਿ ਸ਼ੂਗਰ ਦੇ ਮੁੱਖ ਲੱਛਣ ਹੁੰਦੇ ਹਨ। ਉਹਨਾਂ ਕਿਹਾ ਕਿ ਅਜਿਹੇ ਲੱਛਣ ਹੋਣ ਤੇ ਤੁਰੰਤ ਸਾਨੂੰ ਸਰਕਾਰੀ ਸਿਹਤ ਸੰਸਥਾ ਨਾਲ ਸੰਪਰਕ ਕਰਨਾ ਚਾਹੀਦਾ ਹੈ ,ਸਰਕਾਰ ਵੱਲੋਂ ਹਸਪਤਾਲਾਂ ਵਿੱਚ ਇਸ ਦਾ ਟੈਸਟ ਅਤੇ ਇਲਾਜ ਮੁਫਤ ਕੀਤਾ ਜਾਂਦਾ ਹੈ। ਇਸ ਮੌਕੇ ਤੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਸਰਿਤਾ ਨੇ ਕਿਹਾ ਕਿ ਸਾਨੂੰ ਆਪਣੇ ਰੋਜ਼ਾਨਾ ਭੋਜਨ ਵਿੱਚ ਹਰੀਆਂ ਸਬਜ਼ੀਆਂ, ਸਲਾਦ, ਫਲਾਂ ਦਾ ਸੇਵਨ ਕਰਨਾ ਚਾਹੀਦਾ ਹੈ ਅਤੇ ਆਟੇ ਨੂੰ ਬਿਨਾਂ ਛਾਣੇ ਵਰਤਿਆ ਜਾਵੇ, ਸ਼ੂਗਰ ਦੇ ਮਰੀਜ਼ ਨੂੰ ਖਾਣਾ ਥੋੜਾ ਥੋੜਾ ਕਰਕੇ ਕਈ ਵਾਰੀ ਖਾਣਾ ਚਾਹੀਦਾ ਹੈ।ਹਰ ਰੋਜ਼ ਸੈਰ /ਕਸਰਤ ਕਰਨੀ ਚਾਹੀਦੀ, ਯੋਗਾ ਤੇ ਧਿਆਨ ਕਰਕੇ ਮਾਨਸਿਕ ਤਨਾਵ ਨੂੰ ਘਟਾਇਆ ਜਾਵੇ, ਘੱਟੋ ਘੱਟ ਛੇ ਤੋਂ ਸੱਤ ਘੰਟੇ ਦੀ ਨੀਂਦ ਲਈ ਜਾਵੇ, ਸ਼ੂਗਰ ਦੇ ਮਰੀਜ਼ ਨੂੰ ਰੋਜਾਨਾ ਸਮੇਂ ਸਿਰ ਆਪਣੀ ਦਵਾਈ ਦਾ ਸੇਵਨ ਕਰਨਾ ਅਤੇ ਵਾਰ-ਵਾਰ ਸ਼ੂਗਰ ਦੀ ਜਾਂਚ ਕਰਾਉਂਦੇ ਰਹਿਣਾ ਚਾਹੀਦਾ ਹੈ, ਜਿਆਦਾ ਮਿੱਠੇ ਦੀ ਵਰਤੋਂ ਨਾ ਕੀਤੀ ਜਾਵੇ ਅਤੇ ਡਾਕਟਰ ਵੱਲੋਂ ਸੁਝਾਈਆਂ ਸਾਵਧਾਨੀਆਂ ਰੱਖ ਕੇ ਅਸੀਂ ਸ਼ੂਗਰ ਨੂੰ ਕੰਟਰੋਲ ਵਿੱਚ ਰੱਖ ਸਕਦੇ ਹਾਂ। ਇਸ ਮੌਕੇ ਤੇ ਜ਼ਿਲਾ ਪ੍ਰੋਗਰਾਮ ਮੈਨੇਜਰ ਡਾ. ਕਸੀਤਿਜ ਸੀਮਾ ,ਜਿਲਾ ਸਮੂਹ ਸਿੱਖਿਆ ਤੇ ਸੂਚਨਾ ਅਫਸਰ ਬਲਜਿੰਦਰ ਸਿੰਘ, ਜਸਵਿੰਦਰ ਕੌਰ, ਗਗਨਦੀਪ ਸਿੰਘ, ਮਾਨਵ ਸ਼ਾਹ, ਧਰਮ ਸਿੰਘ, ਮਨਬੀਰ ਸਿੰਘ ਅਤੇ ਆਮ ਲੋਕ ਹਾਜ਼ਰ ਸਨ।

**ਜੀਵਨ ਸ਼ੈਲੀ ਵਿੱਚ ਬਦਲਾਅ ਕਰਕੇ ਸ਼ੂਗਰ ਹੋਣ ਤੋਂ ਬਚਿਆ ਜਾ ਸਕਦਾ ਹੈ - ਸਿਵਲ ਸਰਜਨ**

## ਜਲੰਧਰ ਤੋਂ ਸਾਂਸਦ ਮੈਂਬਰ ਚਰਨਜੀਤ ਸਿੰਘ ਚੰਨੀ ਮਹਿਲਾ ਕਮਿਸ਼ਨ ਅੱਗੇ ਭਲਕੇ ਹੋਣਗੇ ਪੇਸ਼

✤ ਪੰਜਾਬ ਦਾ ਖੁਲਾਸਾ



ਜਲੰਧਰ 19 ਨਵੰਬਰ (ਅਮ੍ਰਿਤਪਾਲ ਸਿੰਘ): ਗਿੱਦੜਬਾਹਾ ਸੀਟ ਤੋਂ ਕਾਂਗਰਸੀ ਉਮੀਦਵਾਰ ਅੰਮ੍ਰਿਤਾ ਵੜਿੰਗ ਦੇ ਪ੍ਰਚਾਰ ਦੌਰਾਨ ਔਰਤਾਂ ਅਤੇ ਬ੍ਰਾਹਮਣ ਅਤੇ ਜਾਟ ਭਾਈਚਾਰੇ 'ਤੇ ਟਿੱਪਣੀ ਕਰਨ 'ਤੇ ਜਲੰਧਰ ਦੇ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਨੂੰ ਮਹਿਲਾ ਕਮਿਸ਼ਨ ਨੇ ਨੋਟਿਸ ਜਾਰੀ ਕੀਤਾ ਸੀ। ਜਿਸ ਵਿੱਚ ਮਹਿਲਾ ਕਮਿਸ਼ਨ ਨੇ ਸੰਸਦ ਮੈਂਬਰ ਚਰਨਜੀਤ ਚੰਨੀ ਨੂੰ ਅੱਜ ਸਵੇਰੇ 11 ਵਜੇ ਤੱਕ ਨਿੱਜੀ ਤੌਰ 'ਤੇ ਪੇਸ਼ ਹੋਣ ਦੇ ਹੁਕਮ ਦਿੱਤੇ ਸਨ।ਐਫਆਈਆਰ ਦਰਜ ਕਰਨ ਤੋਂ ਪਹਿਲਾਂ ਕਮਿਸ਼ਨ ਨੇ ਚੰਨੀ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਹੈ। ਇਸ ਦੇ ਲਈ ਚੰਨੀ ਮੰਗਲਵਾਰ ਯਾਨੀ ਕਿ ਅੱਜ ਚੰਡੀਗੜ੍ਹ ਸਥਿਤ ਮਹਿਲਾ ਕਮਿਸ਼ਨ ਦੇ ਦਫ਼ਤਰ ਵਿੱਚ ਖੁਦ ਪਹੁੰਚਣਾ ਹੋਵੇਗਾ। ਜੇਕਰ ਉਹ ਨਹੀਂ ਪਹੁੰਚਦਾ ਤਾਂ ਕਮਿਸ਼ਨ ਉਸ ਵਿਰੁੱਧ ਅਗਲੀ ਕਾਰਵਾਈ ਕਰੇਗਾ।

## ਆੱਲ ਇੰਡੀਆ ਅਰੋੜਾ ਖੱਤਰੀ ਪੰਜਾਬੀ ਕਮਿਊਨਿਟੀ ਨੇ ਸਮਾਜ ਸੇਵੀ ਅਤੇ ਪੱਤਰਕਾਰ ਸੂਰਜਵੰਸ਼ੀ ਹਰਸਿਮਰਨ ਸਿੰਘ ਕਪੂਰ ਨੂੰ ਸ਼੍ਰੀ ਮੁਕਤਸਰ ਸਾਹਿਬ ਦਾ ਜਿਲਾ ਪ੍ਰਧਾਨ ਬਣਾਇਆ

✤ ਪੰਜਾਬ ਦਾ ਖੁਲਾਸਾ



**ਸ਼੍ਰੀ ਮੁਕਤਸਰ ਸਾਹਿਬ, 19 ਨਵੰਬਰ ( ਮਨਪ੍ਰੀਤ ਮੋਨੂੰ )** ਅੱਜ ਅਖਿਲ ਭਾਰਤੀ ਸੰਗਠਨ ਆੱਲ ਇੰਡੀਆ ਅਰੋੜਾ ਖੱਤਰੀ ਪੰਜਾਬੀ ਕਮਿਊਨਿਟੀ ਦੇ ਰਾਸ਼ਟਰੀ ਪ੍ਰਧਾਨ ਸੂਰਜਵੰਸ਼ੀ ਕਮਲ ਹਾਂਡਾ ਨੇ ਸੰਗਠਨ ਦੇ ਰਾਜਸਥਾਨ ਦੇ ਸ਼੍ਰੀਗੰਗਾਨਗਰ ਕਾਲੀ ਪ੍ਰਧਾਨ ਸੂਰਜ ਰਾਸ਼ਟਰੀ ਰਜਨੇਸ਼ ਬਹਿਲ ਦੀ ਅਨੁਸ਼ੰਸਾ ਅਤੇ ਰਾਸ਼ਟਰੀ ਸੂਰਜ ਰਾਸ਼ਟਰੀ ਉਪ ਪ੍ਰਧਾਨ ਸਾਹਿਬਦਯਾਲ ਵਧਵਾ ਦੇ ਅਨੁਮੋਦਨ 'ਤੇ ਸ਼੍ਰੀ ਮੁਕਤਸਰ ਸਾਹਿਬ ਨਿਵਾਸੀ ਮਾਲਵੇ ਦੀ ਧਮਕ ਪੰਜਾਬੀ ਨਿਊਜ਼ ਪੇਪਰ ਦੇ ਸੰਪਾਦਕ ਅਤੇ ਚਾਲੀ ਮੁਕਤੇ ਵੈਲਫੇ ਸੁਸਾਇਟੀ ਐਨ.ਜੀ.ਓਦੇ ਪ੍ਰਧਾਨ ਸੂਰਜਵੰਸ਼ੀ ਹਰਸਿਮਰਨ ਸਿੰਘ ਕਪੂਰ ਨੂੰ ਸ਼੍ਰੀ ਮੁਕਤਸਰ ਸਾਹਿਬ ਦੇ ਜਿਲਾ ਪ੍ਰਧਾਨ ਦੀ ਮਹੱਤਵਪੂਰਨ ਜਿੰਮੇਵਾਰੀ ਦਿੱਤੀ। ਨਵੇਂ ਚੁਣੇ ਜਿਲਾ ਪ੍ਰਧਾਨ ਨੂੰ ਸ਼੍ਰੀ ਮੁਕਤਸਰ ਸਾਹਿਬ ਜਿਲੇ ਦੇ ਅੰਦਰ ਆਉਂਦੇ ਚਾਰੇ ਵਿਧਾਨਸਭਾ ਹਲਕੇ ਲੰਬੀ, ਗਿੱਦੜਬਾਹਾ, ਮਲੋਟ, ਸ਼੍ਰੀ ਮੁਕਤਸਰ ਸਾਹਿਬ ਵਿੱਚ ਮਹਿਲਾ ਅਤੇ ਨੌਜਵਾਨ ਵਿਧਾਨਸਭਾ ਪ੍ਰਧਾਨ ਅਤੇ ਕਾਰਜਕਾਰੀਆਂ ਦੀ ਜਿੰਮੇਵਾਰੀ ਵੀ ਕੇਂਦਰੀ ਅਗਵਾਈ, ਮੁਕਤਸਰ ਜਿਲੇ ਦੇ ਵਿਸ਼ੇਸ਼ ਮੈਂਬਰਾਂ ਨਾਲ ਸਲਾਹ ਮਸ਼ਵਰਾ ਕਰਕੇ ਦਿੱਤੀ ਗਈ। ਨਵੇ ਚੁਣੇ ਜਿਲਾ ਪ੍ਰਧਾਨ ਸੂਰਜਵੰਸ਼ੀ ਹਰਸਿਮਰਨ ਸਿੰਘ ਕਪੂਰ ਨੇ ਸੰਗਠਨ ਦੇ ਰਾਸ਼ਟਰੀ ਪ੍ਰਧਾਨ ਸੂਰਜਵੰਸ਼ੀ ਕਮਲ ਹਾਂਡਾ, ਰਾਸ਼ਟਰੀ ਉਪ ਪ੍ਰਧਾਨ ਸੂਰਜਵੰਸ਼ੀ ਸਾਹਿਬ ਦਯਾਲ ਵਧਵਾ, ਰਾਸ਼ਟਰੀ ਜਨਰਲ ਸਕੱਤਰ ਸੂਰਜਵੰਸ਼ੀ ਜਯੋਤੀ ਕਮਲ ਹਾਂਡਾ, ਸੂਰਜਵੰਸ਼ੀ ਰਜਨੇਸ਼ ਬਹਿਲ ਦਾ ਧੰਨਵਾਦ ਕਰਦਿਆਂ ਅਤੇ ਉਹਨਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਜੋ ਭਰੋਸਾ ਉਹਨਾਂ ਤੇ ਕਰਦੇ ਹਨ ਉਹ ਉਸ ਭਰੋਸੇ ਨੂੰ ਟੁੱਟਣ ਨਹੀਂ ਦੇਣਗੇ। ਨਵਨਿਯੁਕਤ ਜਿਲ੍ਹਾ ਪ੍ਰਧਾਨ ਸੂਰਜ ਰਾਸ਼ਟਰੀ ਹਰਸਿਮਰਨ ਸਿੰਘ ਕਪੂਰ ਨੇ ਸੰਗਠਨ ਦੇ ਰਾਸ਼ਟਰੀ ਪ੍ਰਧਾਨ ਸੂਰਜ ਰਾਸ਼ਟਰੀ ਕਮਲ ਹਾਂਡਾ, ਰਾਸ਼ਟਰੀ ਸੂਰਜ ਰਾਸ਼ਟਰੀ ਸਾਹਿਬ ਦਯਾਲ ਵਧਵਾ, ਰਾਸ਼ਟਰੀ ਮਹਾਰਾਸ਼ਟਰ ਸੂਰਜ ਜਨੇਸ਼ ਜੋਤਿ ਕਮਲ ਹੰਡਾ, ਸੂਰਜ ਜਨੇਸ਼ ਬਹਿਲ ਦਾ ਧੰਨਵਾਦ ਜਤਾਯਾ ਅਤੇ ਉਨ੍ਹਾਂ 'ਤੇ ਭਰੋਸਾ ਕੀਤਾ ਕਿ ਜੋ ਭਰੋਸਾ ਉਨ੍ਹਾਂ ਨੂੰ ਦਿੱਤਾ ਗਿਆ ਹੈ। ਕੋਈ ਟੁੱਟਣਾ ਨਹੀਂ ਦੂੰਗਾ ਅਤੇ ਉਮੀਦ ਤੋਂ ਵੱਧ ਕਾਰਜ ਕਰਕੇ ਦਿਖਾਊਂਗਾ। ਸ਼੍ਰੀ ਮੁਕਤਸਰ ਸਾਹਿਬ ਜਿਲਾ ਪ੍ਰਧਾਨ ਦੀ ਨਿਯੁਕਤੀ ਦਾ ਸੂਰਜਵੰਸ਼ੀ ਓਮ ਪ੍ਰਕਾਸ਼ ਚੁੰਘ, ਸੂਰਜਵੰਸ਼ੀ ਅੰਕੁਸ਼ ਫੁਟੇਲਾ, ਸੂਰਜਵੰਸ਼ੀ ਰਾਜੇਸ਼ ਠਕਰਾਲ, ਸੂਰਜਵੰਸ਼ੀ ਪੂਜਾ ਲੂਥਰਾ. ਡਾ.ਰਾਜੇਸ਼ ਅਰੋੜਾ, ਸੂਰਜਵੰਸ਼ੀ ਡਾਕਟਰ ਹਰੀਸ਼ ਰਹੇਜਾ, ਸੂਰਜਵੰਸ਼ੀ ਨਰਿੰਦਰ ਭਟੇਜਾ, ਸੂਰਜਵੰਸ਼ੀ ਰਜਨੇਸ਼ ਬਹਿਲ, ਸੂਰਜਵੰਸ਼ੀ ਕੁਲਦੀਪ ਕਟਾਰੀਆਂ, ਸੂਰਜਵੰਸ਼ੀ ਰਜਨੀ ਕਾਲੜਾ, ਸੂਰਜਵੰਸ਼ੀ ਸੰਜੈ ਅਰੋੜਾ, ਸੂਰਜਵੰਸ਼ੀ ਪਾਰਸ ਬਾਘਲਾ, ਸੂਰਜਵੰਸ਼ੀ ਸਮਰਜੀਤ ਸਿੰਘ ਮਰਵਾਹ, ਸੂਰਜਵੰਸ਼ੀ ਕੰਵਲਜੀਤ ਸਿੰਘ ਭਾਟੀਆ, ਸੂਰਜਵੰਸ਼ੀ ਤੇਜਵੀਰ ਸਿੰਘ ਸੋਈ, ਸੂਰਜਵੰਸ਼ੀ ਰਾਜੀਵ ਹਾਂਡਾ, ਸੂਰਜਵੰਸ਼ੀ ਡਾ.ਸੰਜੈ ਮੁੰਜਾਲ, ਸੂਰਜਵੰਸ਼ੀ ਰਾਮਚੰਦਰ ਧੀਂਗੜਾ, ਸੂਰਜਵੰਸ਼ੀ ਕ੍ਰਿਸ਼ਨ ਹਾਂਡਾ, ਸੂਰਜਵੰਸ਼ੀ ਸੰਜੈ ਨੇ ਸੁਆਗਤ ਕੀਤਾ ਅਤੇ ਸੂਰਜਵੰਸ਼ੀ ਹਰਸਿਮਰਨ ਸਿੰਘ ਕਪੂਰ ਨੂੰ ਵਧਾਈ ਦਿੱਤੀ ਅਤੇ ਸੰਗਠਨ ਦੇ ਲਈ ਚੰਗਾ ਕਾਰਜ ਕਰਨ ਦੀਆਂ ਸ਼ੁੱਭਕਾਮਨਾਵਾਂ ਦਿੱਤੀਆ।

## ਅਮਰੀਕਾ ਦੇ ਉੱਘੇ ਕਾਰੋਬਾਰੀ ਨੱਥਾ ਸਿੰਘ ਢਿੱਲੋਂ ਨੂੰ ਰੈਸਲਿੰਗ ਐਸੋਸੀਏਸ਼ਨ ਵੱਲੋਂ ਕੀਤਾ ਸਨਮਾਨਿਤ

✤ ਪੰਜਾਬ ਦਾ ਖੁਲਾਸਾ



**ਫਤੂ ਢੀਂਗਾ,19 ਨਵੰਬਰ (ਅਮਨਦੀਪ ਕੌਰ)-** ਰੈਸਲਿੰਗ ਐਸੋਸੀਏਸ਼ਨ ਕਪੂਰਥਲਾ ਵੱਲੋਂ ਪ੍ਰਧਾਨ ਕੁਲਵੰਤ ਸਿੰਘ ਸ਼ਾਹ ਯੂ ਐਸ ਏ ਦੀ ਅਗਵਾਈ ਹੇਠ ਸੁਲਤਾਨਪੁਰ ਲੋਧੀ ਦੀ ਪਵਿੱਤਰ ਧਰਤੀ ਉੱਪਰ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਗਏ ਪਹਿਲੇ ਪੰਜਾਬ ਕੇਸਰੀ ਕੁਸ਼ਤੀ ਦੰਗਲ ਵਿੱਚ ਵੱਡਾ ਯੋਗਦਾਨ ਪਾਉਣ ਵਾਲੇ ਹਲਕਾ ਸੁਲਤਾਨਪੁਰ ਲੋਧੀ ਦੇ ਪਿੰਡ ਤਾਸ਼ਪੁਰ ਦੇ ਜੰਮਪਲ ਅਤੇ ਅਮਰੀਕਾ ਦੇ ਉੱਘੇ ਕਾਰੋਬਾਰੀ ਨੱਥਾ ਸਿੰਘ ਢਿੱਲੋਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਗੱਲਬਾਤ ਕਰਦਿਆਂ ਨੱਥਾ ਸਿੰਘ ਢਿੱਲੋਂ ਨੇ ਦੱਸਿਆ ਕਿ ਅਮਰੀਕਾ ਵਿੱਚ ਵਸਦੇ ਹੋਣ ਦੇ ਬਾਵਜੂਦ ਵੀ ਆਪਣੇ ਵਤਨ ਦੀ ਸੁੱਖ ਮੰਗਦੇ ਹਾਂ। ਅਸੀਂ ਹਮੇਸ਼ਾ ਅਮਰੀਕਾ ਵਿੱਚ ਬੈਠੇ ਵੀ ਆਪਣੇ ਵਤਨ ਦੀ ਚੜ੍ਹਦੀ ਕਲਾ ਦੀ ਅਰਦਾਸ ਕਰਦੇ ਹਾਂ ਕਿ ਸਾਡੇ ਵਤਨ ਦੇ ਲੋਕ ਖ਼ੂਬ ਤਰੱਕੀਆਂ ਕਰਨ ਅਤੇ ਮਾੜੀਆਂ ਅਲਾਮਤਾਂ ਤੋਂ ਬਚੇ ਰਹਿਣ। ਉਨ੍ਹਾਂ ਨੇ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਖੇਡਾਂ ਵਾਲੇ ਪਾਸੇ ਲਾਉਣ ਲਈ ਰੈਸਲਿੰਗ ਐਸੋਸੀਏਸ਼ਨ ਕਪੂਰਥਲਾ ਵੱਲੋਂ ਜੋ ਉਪਰਾਲਾ ਕੀਤਾ ਹੈ ਅਸੀਂ ਉਸ ਦੀ ਸ਼ਲਾਘਾ ਕਰਦੇ ਹਾਂ। ਉਨ੍ਹਾਂ ਨੇ ਐਲਾਨ ਕੀਤਾ ਕਿ ਉਹ ਹਰ ਸਾਲ ਕੁਸ਼ਤੀ ਦੰਗਲ ਵਿੱਚ ਵੱਧ ਚੜ੍ਹ ਕੇ ਹਿੱਸਾ ਪਾਉਣਗੇ।ਇਸ ਮੌਕੇ ਉਨ੍ਹਾਂ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਆਪਣੇ ਮਾਪਿਆਂ ਅਤੇ ਦੇਸ਼ ਦਾ ਨਾਂ ਉੱਚਾ ਕਰਨ।ਇਸ ਮੌਕੇ ਰੈਸਲਿੰਗ ਐਸੋਸੀਏਸ਼ਨ ਕਪੂਰਥਲਾ ਦੇ ਪ੍ਰਧਾਨ ਕੁਲਵੰਤ ਸਿੰਘ ਸ਼ਾਹ ਯੂ ਐਸ ਏ ਨੇ ਸਮਾਜ ਸੇਵਕ ਅਤੇ ਕਾਰੋਬਾਰੀ ਨੱਥਾ ਸਿੰਘ ਢਿੱਲੋਂ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕਰਦਿਆਂ ਕਿਹਾ ਕਿ ਉਹ ਹਮੇਸ਼ਾ ਚੰਗੇ ਕੰਮਾਂ ਲਈ ਦਿਲ ਖੋਲ੍ਹ ਕੇ ਸਹਿਯੋਗ ਦਿੰਦੇ ਹਨ। ਆਪਣੀ ਸਖ਼ਤ ਮਿਹਨਤ ਸਦਕਾ ਹੀ ਅੱਜ ਤਾਸ਼ਪੁਰ ਵਾਲੇ ਢਿੱਲੋਂ ਭਰਾਵਾਂ ਦਾ ਅਮਰੀਕਾ ਵਿੱਚ ਵੱਡਾ ਕਾਰੋਬਾਰ ਹੈ।ਇਹ ਐਸੋਸੀਏਸ਼ਨ ਦੇ ਜਨਰਲ ਸਕੱਤਰ ਪਿਆਰਾ ਸਿੰਘ ਪਾਜੀਆਂ, ਉੱਘੇ ਪਹਿਲਵਾਨ ਮਲਕੀਤ ਸਿੰਘ ਕਾਂਜਲੀ,ਬਲਕਾਰ ਸਿੰਘ ਹਰਨਾਮ ਪੁਰ, ਬਲਵਿੰਦਰ ਸਿੰਘ ਡੇਰਾ ਨੰਦ ਸਿੰਘ,ਦਿਨੇਸ਼ ਧੀਰ, ਸਰਪੰਚ ਸੁਖਵਿੰਦਰ ਸਿੰਘ ਸੌਂਦ, ਚਰਨਜੀਤ ਸਿੰਘ ਮੋਮੀ, ਕੁਲਦੀਪ ਸਿੰਘ ਡਡਵਿੰਡੀ, ਮਾਸਟਰ ਬਿਕਰਮਜੀਤ ਸਿੰਘ, ਪ੍ਰੋ ਮੱਖਣ ਸਿੰਘ ਹਕੀਮਪੁਰ, ਮਿੱਠਾ ਦਰੀਏਵਾਲ,ਕੋਚ ਸਰੂਪ ਸਿੰਘ ਆਦਿ ਹਾਜ਼ਰ ਸਨ।

## ਵੋਟ ਬਨਾਉਣ ਤੇ ਸੁਧਾਈ ਆਦਿ ਲਈ 23,24 ਨਵੰਬਰ ਨੂੰ ਬੀ ਐਲ ਓ ਬੂਥਾਂ ਉਪਰ ਬੈਠਣਗੇ : ਸੁੱਖੀ

✤ ਪੰਜਾਬ ਦਾ ਖੁਲਾਸਾ



**ਸ਼੍ਰੀ ਮੁਕਤਸਰ ਸਾਹਿਬ, 19 ਨਵੰਬਰ ( ਮਨਪ੍ਰੀਤ ਮੋਨੂੰ )** ਜਿਲਾ ਚੋਣ ਅਫ਼ਸਰ ਕਮ ਡਿਪਟੀ ਕਮਿਸ਼ਨਰ ਰਾਜੇਸ਼ ਤ੍ਰਿਪਾਠੀ ਦੇ ਦਿਸ਼ਾ ਨਿਰਦੇਸ਼ਾਂ ਤੇ ਰਿਟਰਨਿੰਗ ਅਫ਼ਸਰ ਕਮ ਐਸ ਡੀ ਐਮ ਮੈਡਮ ਬਲਜੀਤ ਕੌਰ ਦੀ ਅਗਵਾਈ ਹੇਠ ਹਲਕਾ 086 ਮੁਕਤਸਰ ਦੇ ਸਾਰੇ ਬੀ ਐਲ ਓ ਸਹਿਬਾਨ ਆਪੋ ਆਪਣੇ ਬੂਥਾਂ'ਤੇ 23-24 ਨਵੰਬਰ ਨੂੰ ਬੈਠਣਗੇ। ਇਹ ਪ੍ਰਗਟਾਵਾ ਬੀ ਐਲ ਓ ਯੂਨੀਅਨ ਦੇ ਪ੍ਰਧਾਨ ਨਵਦੀਪ ਸਿੰਘ ਸੁੱਖੀ ਨੇ ਕੀਤਾ। ਉਨਾਂ ਕਿਹਾ ਕਿ ਕੋਈ ਵੀ ਵਿਅਕਤੀ ਜਿਸਦੀ ਉਮਰ 18 ਸਾਲ ਤੋਂ ਵੱਧ ਹੈ ਤੇ ਉਹ ਵੋਟਰ ਬਣਨ ਦੀਆਂ ਸ਼ਰਤਾਂ ਪੂਰੀਆਂ ਕਰਦਾ ਹੈ ਤਾਂ ਉਹ 23 ਤੇ 24 ਨਵੰਬਰ ਨੂੰ ਆਪਣੇ ਬੂਥ ਭਾਵ ਜਿੱਥੇ ਉਹ ਵੋਟ ਪਾਉਣ ਜਾਂਦੇ ਹਨ,ਉੱਥੇ ਪੁੱਜਣ। ਇਸ ਤੋਂ ਬਿਨਾਂ ਵਿਆਹ, ਮੌਤ ਦੀ ਸੂਰਤ ਵਿੱਚ ਵੋਟ ਕਟਵਾਉਣ ਤੇ ਜੇ ਕਿਸੇ ਨੇ ਕੋਈ ਸੋਧ ਕਰਵਾਉਣੀ ਹੈ,ਕਰਵਾ ਸਕਦਾ ਹੈ। ਉਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਨਾਂ ਦੋ ਦਿਨਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ।

# ਅਫਸਰਾਂ ਦੀ ਹਾਜ਼ਰੀ 'ਚ ਲੋਕਾਂ ਨੇ ਫਰੋਲੇ ਪੁਲਿਸ ਦੇ ਪੋਤੜੇ

✤ ਪੰਜਾਬ ਦਾ ਖੁਲਾਸਾ

**ਰਾਮਾਂ ਮੰਡੀ 19 ਨਵੰਬਰ (ਅਸ਼ੋਕ) :** ਬਠਿੰਡਾ ਪੁਲਿਸ ਵੱਲੋਂ ਸਟਰੀਟ ਕ੍ਰਾਈਮ ਦੀ ਰੋਕਥਾਮ ਸਬੰਧੀ ਕੀਤੀ ਮੀਟਿੰਗ ਦੌਰਾਨ ਬਹੁਤੇ ਲੋਕਾਂ ਨੇ ਪੁਲੀਸ ਦੇ ਪੋਤੜੇ ਫਰੋਲ ਦਿੱਤੇ। ਡੀਆਈਜੀ ਬਠਿੰਡਾ ਰੇਂਜ ਹਰਚਰਨ ਸਿੰਘ ਭੁੱਲਰ, ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਅਤੇ ਐਸਐਸਪੀ ਅਮਨੀਤ ਕੌਂਡਲ ਦੀ ਹਾਜ਼ਰੀ 'ਚ ਲੋਕਾਂ ਨੇ ਪੁਲਿਸ ਨੂੰ ਚੰਗੇ ਰਗੜੇ ਲਾਏ । ਇਕੱਲੇ ਸ਼ਹਿਰੀਆਂ ਨੇ ਹੀ ਪੁਲਿਸ ਖਿਲਾਫ ਭੜਾਸ ਨਹੀਂ ਕੱਢੀ ਬਲਕਿ ਅਧਿਕਾਰੀਆਂ ਨੇ ਵੀ ਲੋਕਾਂ ਨੂੰ ਫਰਜ਼ਾਂ ਬਾਰੇ ਸ਼ੀਸ਼ਾ ਦਿਖਾਇਆ। ਇਸ ਮੌਕੇ ਸ਼ਹਿਰ ਵਿਚਲੀ ਟਰੈਫਿਕ ਦਾ ਮੁੱਦਾ ਵੀ ਉੱਠਿਆ ਅਤੇ ਗੰਦਗੀ ਦੀ ਸਮੱਸਿਆ ਵੀ ਉੱਠੀ। ਇਸ ਮੌਕੇ ਲੋਕਾਂ ਨੇ ਕਿਹਾ ਕਿ ਕੋਈ ਦਿਨ ਵੀ ਅਜਿਹਾ ਨਹੀਂ ਲੰਘਦਾ ਜਦੋਂ ਕੋਈ ਵਾਰਦਾਤ ਨਾਂ ਹੋਈ ਹੋਵੇ। ਉਨ੍ਹਾਂ ਕਿਹਾ ਕਿ ਦੇਰ ਸ਼ਾਮ ਨੂੰ ਤਾਂ ਸ਼ਰਾਰਤੀ ਅਨਸਰਾਂ ਵੱਲੋਂ ਖੁੱਲ੍ਹੇਆਮ ਸ਼ਰਾਬ ਪੀਣ ਅਤੇ ਹੁੱਲੜਬਾਜੀ ਕਰਨ ਕਾਰਨ ਆਮ ਲੋਕਾਂ ਨੂੰ ਲੰਘਣਾ ਮੁਹਾਲ ਹੋ ਜਾਂਦਾ ਹੈ।

ਬਠਿੰਡਾ ਵਾਸੀਆਂ ਦੀਆਂ ਸ਼ਿਕਾਇਤਾਂ ਸੁਣਨ ਵਾਸਤੇ ਸੋਮਵਾਰ ਨੂੰ ਪੁਲਿਸ ਅਧਿਕਾਰੀਆਂ ਵੱਲੋਂ ਸ਼ਹਿਰ ਦੇ ਦਾਦੀ ਪੋਤੀ ਪਾਰਕ ਵਿੱਚ ਮੀਟਿੰਗ ਕੀਤੀ ਗਈ ਜੋ ਕਿ ਦੇਰ ਸ਼ਾਮ ਤੱਕ ਚੱਲੀ । ਅਧਿਕਾਰੀਆਂ ਕੋਲ ਫਰਿਆਦ ਕਰਨ ਵਾਲਿਆਂ ਨੇ ਪੁਲਿਸ ਖ਼ਿਲਾਫ਼ ਖਰੀਆਂ ਖਰੀਆਂ ਸੁਣਾਈਆਂ ਅਤੇ ਕਿਹਾ ਕਿ ਵਾਰਦਾਤ ਹੋਣ ਪਿੱਛੋਂ ਜਦੋਂ ਲੋਕ ਥਾਣੇ ਜਾਂਦੇ ਹਨ ਤਾਂ ਪੁਲਿਸ ਐਫਆਈਆਰ ਤੱਕ ਦਰਜ ਨਹੀਂ ਕਰਦੀ ਹੈ। ਮਾਡਲ ਟਾਊਨ ਫੇਜ਼ ਤਿੰਨ ਵਾਸੀ ਰਜਿੰਦਰਪਾਲ ਸ਼ਰਮਾ ਨੇ ਕਿਹਾ ਕਿ ਅਪਰਾਧੀਆਂ ਵੱਲੋਂ ਝਪਟਮਾਰ ਕੇ ਕੀਮਤੀ ਵਸਤਾਂ ਖੋਹਣਾ ਵੱਡੀ ਸਮੱਸਿਆ ਹੈ। ਨਸ਼ੇੜੀ ਕਿਸਮ ਦੇ ਨੌਜਵਾਨ ਅਜਿਹੀਆਂ ਵਾਰਦਾਤਾਂ ਕਰਦੇ ਹਨ ਜਿੰਨ੍ਹਾਂ ਨੂੰ ਫੜਨ ਤੋਂ ਬਾਅਦ ਕਈ ਵਾਰ ਪੁਲਿਸ ਹਵਾਲੇ ਕੀਤਾ ਗਿਆ ਪਰ ਉਨ੍ਹਾਂ ਨੂੰ ਛੱਡ ਦਿੱਤਾ ਜਾਂਦਾ ਹੈ। ਸੰਦੀਪ ਗਰਗ ਨਾਮੀ ਵਿਅਕਤੀ ਨੇ ਦੱਸਿਆ ਕਿ ਪੁਲਿਸ ਚੋਰੀ ਅਤੇ ਸਨੈਚਿੰਗ ਦੇ ਮਾਮਲੇ ਵਿੱਚ ਮੁਕੱਦਮਾ ਦਰਜ ਕਰਨ ਤੋਂ ਆਨਾਕਾਨੀ ਕਰਦੀ ਹੈ।

ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਘਰ ਤੋਂ ਚੋਰੀ ਹੋਏ ਸਾਈਕਲ ਦੀ ਪੁਲਿਸ ਨੇ ਸ਼ਕਾਇਤ ਤਾਂ ਲੈ ਲਈ ਪਰ ਐਫਆਈਆਰ ਦਰਜ ਨਹੀਂ ਕੀਤੀ। ਇਸ ਘਰ ਚੋਂ ਏਸੀ ਦੀਆਂ ਪਾਈਪਾਂ ਚੋਰੀ ਹੋ ਗਈਆਂ ਜਿਸ ਦਾ ਵੀ ਕੋਈ ਥਹੁ ਪਤਾ ਨਹੀਂ ਲੱਗਿਆ ਹੈ। ਰਾਜ ਕੁਮਾਰ ਸ਼ਰਮਾ ਨੇ ਕਿਹਾ ਕਿ ਪੂਰੇ ਸ਼ਹਿਰ ਦੀ ਸਥਿਤੀ ਬਦ ਤੋਂ ਬਦਤਰ ਬਣੀ ਹੋਈ ਹੈ। ਉਨ੍ਹਾਂ ਪੁਲਿਸ ਅਧਿਕਾਰੀਆਂ ਨੂੰ ਜਾਣੂੰ ਕਰਵਾਇਆ ਕਿ ਭੱਟੀ ਰੋਡ ਤੇ ਪੁਰਾਣੇ ਪ੍ਰੈਗਮਾ ਹਸਪਤਾਲ ਦੇ ਪਿੱਛੇ ਬਣਿਆ ਪਾਰਕ ਇਸ ਪਾਸੇ ਵੱਸਦੇ ਲੋਕਾਂ ਦੇ ਸੈਰ ਕਰਨ ਜਾਂ ਫਿਰ ਬੈਠਣ ਲਈ ਬਣਾਇਆ ਸੀ ਜੋ ਨਸ਼ੇੜੀਆਂ ਦਾ ਅੱਡਾ ਬਣਿਆ ਹੋਇਆ ਹੈ ਅਤੇ ਇਹ ਅਪਰਾਧਿਕ ਵਾਰਦਾਤਾਂ ਨੂੰ ਅੰਜਾਮ ਦਿੰਦੇ ਹਨ। ਉਨ੍ਹਾਂ ਕਿਹਾ ਕਿ ਇਸ ਤਰਫ ਪੁਲਿਸ ਦੀ ਪਿਕਟ ਵੀ ਬਣੀ ਹੋਈ ਹੈ ਜਿਸ ਦਾ ਲੋਕਾਂ ਨੂੰ ਕੋਈ ਫਾਇਦਾ ਨਹੀਂ ਹੋਇਆ ਹੈ।

ਭਾਗੂ ਰੋਡ ਨਿਵਾਸੀ ਮਹਿਲਾ ਬਲਬੀਰ ਕੌਰ ਨੇ ਅਫਸਰਾਂ ਨੂੰ ਦੱਸਿਆ ਕਿ ਉਸ ਦੇ ਲੜਕੇ ਦਾ 31 ਅਕਤੂਬਰ ਨੂੰ ਪੜੋਸ 'ਚ ਰਹਿਣ ਵਾਲੇ ਵਿਅਕਤੀ ਨਾਲ ਝਗੜਾ ਹੋਇਆ ਸੀ ਜਿਸ ਦੌਰਾਨ ਉਸ ਦੇ ਪੁੱਤਰ ਦੇ ਨੱਕ ਦੀ ਹੱਡੀ ਪੰਜ ਥਾਵਾਂ ਤੋਂ ਤੋੜ ਦਿੱਤੀ ਗਈ ਅਤੇ ਇਲਾਜ ਲਈ ਸਰਕਾਰੀ ਹਸਪਤਾਲ 'ਚ ਦਾਖਲ ਕਰਵਾਉਣਾ ਪਿਆ। ਉਨ੍ਹਾਂ ਦੱਸਿਆ ਕਿ ਇਸ ਮਾਮਲੇ 'ਚ ਪੁਲਿਸ ਨੇ ਅਜੇ ਤੱਕ ਕੋਈ ਕਾਰਵਾਈ ਨਹੀਂ ਕੀਤੀ ਹੈ। ਅਸ਼ੋਕ ਕੁਮਾਰ ਨੇ ਕਿਹਾ ਕਿ ਹਾਲਾਤ ਐਨੇ ਜਿਆਦਾ ਖਰਾਬ ਹਨ ਕਿ ਔਰਤਾਂ ਦਾ ਪਾਰਕ 'ਚ ਆਉਣ ਤਾਂ ਦੂਰ ਘਰਾਂ ਵਿੱਚੋਂ ਬਾਹਰ ਨਿਕਲਣਾ ਵੀ ਮੁਸ਼ਕਿਲ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਦੋ ਮੋਬਾਇਲ ਖੋਹੇ ਗਏ ਅਤੇ ਕੁੱਝ ਦਿਨ ਪਹਿਲਾਂ ਪ੍ਰੀਤ ਨਗਰ ਕੋਲ ਲਿਫਟ ਲੈਣ ਬਹਾਨੇ ਇੱਕ ਨੌਜਵਾਨ ਦਾ ਮੋਟਰਸਾਈਕਲ ਦੋ ਮੁੰਡਿਆਂ ਨੇ ਖੋਹ ਲਿਆ ਸੀ। ਉਨ੍ਹਾਂ ਕਿਹਾ ਕਿ ਇੰਨ੍ਹਾਂ ਵਾਰਦਾਤਾਂ ਸਬੰਧੀ ਪੁਲਿਸ ਨੇ ਕੋਈ ਕਾਰਵਾਈ ਨਹੀਂ ਕੀਤੀ ਹੈ।

ਆਪਣੇ ਫਰਜ਼ ਪਛਾਨਣ ਲੋਕ: ਡੀਆਈਜੀ

ਇਸ ਮੌਕੇ ਡੀਆਈਜੀ ਹਰਚਰਨ ਸਿੰਘ ਭੁੱਲਰ ਨੇ ਕਿਹਾ ਕਿ ਮੀਟਿੰਗ ਦੌਰਾਨ ਸਾਹਮਣੇ ਆਈਆਂ ਸਮੱਸਿਆਵਾਂ ਪਹਿਲ ਦੇ ਅਧਾਰ ਤੇ ਹੱਲ ਕੀਤੀਆਂ ਜਾਣਗੀਆਂ । ਉਨ੍ਹਾਂ ਹਰ ਵਾਰਦਾਤ ਸਬੰਧੀ ਪੁਲਿਸ ਕੇਸ ਦਰਜ ਕਰਨ ਦਾ ਭਰੋਸਾ ਵੀ ਦਿਵਾਇਆ। ਉਨ੍ਹਾਂ ਕਿਹਾ ਕਿ ਜੇਕਰ ਥਾਣਾ ਪੱਧਰ ਤੇ ਕੋਈ ਕਾਰਵਾਈ ਨਹੀਂ ਹੁੰਦੀ ਤਾਂ ਐਸਐਸਪੀ ਜਾਂ ਫਿਰ ਉਨ੍ਹਾਂ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਨਸ਼ਾ ਕਰਨ ਵਾਲੇ ਬੱਚਿਆਂ ਨੂੰ ਇਸ ਦਲਦਲ ਚੋਂ ਬਾਹਰ ਕੱਢਣ ਲਈ ਕੈਂਪ ਲਾਏ ਜਾਣਗੇ। ਉਨ੍ਹਾਂ ਨਸ਼ਿਆਂ ਦੇ ਖਾਤਮੇ ਲਈ ਸਾਂਝੇ ਯਤਨਾਂ ਦੀ ਲੋੜ ਤੇ ਵੀ ਜੋਰ ਦਿੱਤਾ। ਉਨ੍ਹਾਂ ਲੋਕਾਂ ਨੂੰ ਆਪਣੇ ਅਧਿਕਾਰਾਂ ਦੇ ਨਾਲ ਨਾਲ ਫਰਜ਼ ਪਛਾਨਣ ਦੀ ਨਸੀਹਤ ਵੀ ਦਿੱਤੀ।

ਪੁਲਿਸ ਜੁਰਮਾਂ ਖਿਲਾਫ ਵਚਨਬੱਧ

ਐਸਐਸਪੀ ਅਮਨੀਤ ਕੌਂਡਲ ਦਾ ਕਹਿਣਾ ਸੀ ਕਿ ਪੁਲਿਸ ਹਰ ਸ਼ਕਾਇਤ ਦਾ ਗੰਭੀਰਤਾ ਨਾਲ ਨਿਪਟਾਰਾ ਕਰੇਗੀ। ਉਨ੍ਹਾਂ ਕਿਹਾ ਕਿ ਸਟਰੀਟ ਕ੍ਰਾਈਮ ਨੂੰ ਨੱਥ ਪਾਉਣ ਲਈ ਪਾਰਕਾਂ ਅਤੇ ਸੰਵੇਦਨਸ਼ੀਲ ਇਲਾਕਿਆਂ ਵਿੱਚ ਗਸ਼ਤ ਵਧਾਈ ਜਾਏਗੀ। ਉਨ੍ਹਾਂ ਕਿਹਾ ਕਿ ਪੁਲਿਸ ਜੁਰਮ ਤੇ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਵਿਸ਼ੇਸ਼ ਉਪਰਾਲੇ ਕਰ ਰਹੀ ਹੈ ਅਤੇ ਅਪਰਾਧੀਆਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ।

ਨਸ਼ਿਆਂ ਖਿਲਾਫ ਮੁਹਿਮ ਜਾਰੀ

ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਦਾ ਕਹਿਣਾ ਸੀ ਕਿ ਆਮ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂੰ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪ੍ਰਦੂਸ਼ਣ ਘਟਾਉਣ ਲਈ ਆਟੋ ਰਿਕਸ਼ਿਆਂ ਨੂੰ ਈ ਰਿਕਸ਼ਿਆਂ ਵਿੱਚ ਤਬਦੀਲ ਕਰਨ ਦੀ ਯੋਜਨਾ ਵੀ ਬਣਾਈ ਜਾਏਗੀ। ਉਨ੍ਹਾਂ ਕਿਹਾ ਕਿ ਨਗਰ ਨਿਗਮ ਨੂੰ ਸਫਾਈ ਯਕੀਨੀ ਬਨਾਉਣ ਲਈ ਵੀ ਕਿਹਾ ਜਾਏਗਾ। ਉਨ੍ਹਾਂ ਲੋਕਾਂ ਨੂੰ ਆਈਪੀ ਕੈਮਰੇ ਲਾਉਣ ਦੀ ਸਲਾਹ ਵੀ ਦਿੱਤੀ।

## ਬੱਚਤ ਭਵਨ ਵਿਖੇ ਪੈਨਸ਼ਨ ਅਦਾਲਤ ਦਾ ਆਯੋਜਨ 21 ਨਵੰਬਰ ਨੂੰ

**ਪੈਨਸ਼ਨਰਾਂ ਦੀਆਂ ਸ਼ਿਕਾਇਤਾਂ ਦਾ ਮੌਕੇ 'ਤੇ ਕੀਤਾ ਜਾਵੇਗਾ ਨਿਪਟਾਰਾ - ਡੀ.ਸੀ ਜਤਿੰਦਰ ਜੋਰਵਾਲ**

✤ ਪੰਜਾਬ ਦਾ ਖੁਲਾਸਾ




**ਲੁਧਿਆਣਾ, 19 ਨਵੰਬਰ (ਜਸਵਿੰਦਰ ਸਿੰਘ ਡਾਂਗੀਆ)** - ਪੈਨਸ਼ਨਰਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਸਬੰਧੀ 21 ਨਵੰਬਰ ਦਿਨ ਵੀਰਵਾਰ ਨੂੰ ਸਵੇਰੇ 11 ਵਜੇ ਸਥਾਨਕ ਬੱਚਤ ਭਵਨ ਵਿਖੇ ਪੈਨਸ਼ਨ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ।ਇਸ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਆਈ.ਏ.ਐਸ ਨੇ ਦੱਸਿਆ ਕਿ ਮਹਾਂਲੇਖਾਕਾਰ, ਅਕਾਊਂਟੈਂਟ ਜਨਰਲ (ਏ.ਐਡ.ਈ.), ਪੰਜਾਬ ਵਲੋਂ ਮਿਤੀ 21 ਨਵੰਬਰ, 2024 ਨੂੰ ਬੱਚਤ ਭਵਨ, ਮਿਨੀ ਸਕੱਤਰੇਤ, ਫਿਰੋਜ਼ਪੁਰ ਰੋਡ, ਲੁਧਿਆਣਾ ਵਿਖੇ ਪੈਨਸ਼ਨ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਜਿਸ ਵਿੱਚ ਪੈਨਸ਼ਨਰਾਂ/ਫੈਮਿਲੀ ਪੈਨਸ਼ਨਰਾਂ (ਸੇਵਾ ਮੁਕਤ ਸਰਕਾਰੀ ਮੁਲਾਜ਼ਮਾਂ) ਨੂੰ ਆ ਰਹੀਆਂ ਮੁਸ਼ਕਿਲਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਜਾਵੇਗਾ।ਸ਼ਿਕਾਇਤਾਂ ਦੇ ਨਿਪਟਾਰੇ ਹਿੱਤ, ਉਨ੍ਹਾਂ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਵੀ ਕਿਹਾ ਕਿ ਇਸ ਪੈਨਸ਼ਨ ਅਦਾਲਤ ਵਿੱਚ ਆਪਣੇ ਵਿਭਾਗ ਦਾ ਨੁਮਾਇੰਦਾ ਸਮੇਤ ਰਿਕਾਰਡ ਭੇਜਣਾ ਯਕੀਨੀ ਬਣਾਇਆ ਜਾਵੇ। ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਵਲੋਂ ਪੈਨਸ਼ਨਰਾਂ/ਫੈਮਿਲੀ ਪੈਨਸ਼ਨਰਾਂ ਨੂੰ ਵੀ ਅਪੀਲ ਕੀਤੀ ਗਈ ਕਿ ਉਹ ਵੱਧ ਚੜ੍ਹ ਕੇ ਸ਼ਮੂਲੀਅਤ ਕਰਦਿਆਂ ਇਸ ਪੈਨਸ਼ਨ ਅਦਾਲਤ ਦਾ ਲਾਭ ਲੈਣ।

## ਕੈਬਨਿਟ ਮੰਤਰੀ ਗੋਇਲ ਦੀ ਨਵੇਂ ਚੁਣੇ ਪੰਚ-ਸਰਪੰਚਾਂ ਨੂੰ ਅਪੀਲ ਪਿੰਡਾਂ ਦੇ ਵਿਕਾਸ ਦੀ ਯੋਜਨਾ ਧੜੇਬੰਦੀ ਤੋ ਉਪਰ ਉੱਠਕੇ ਆਮ ਲੋਕਾਂ ਦੀ ਸਲਾਹ ਤੇ ਲੋੜ ਅਨੁਸਾਰ ਉਲੀਕਣ

✤ ਪੰਜਾਬ ਦਾ ਖੁਲਾਸਾ

**ਮਾਲੇਰਕੋਟਲਾ 19 ਨਵੰਬਰ (ਬੋਪਾਰਾਏ):-** ਖਾਣਾਂ ਅਤੇ ਭੂ-ਵਿਗਿਆਨ, ਜਲ ਸਰੋਤ, ਭੂਮੀ ਸੰਭਾਲ ਅਤੇ ਜਲ ਮੰਤਰੀ,ਪੰਜਾਬ ਬਰਿੰਦਰ ਕੁਮਾਰ ਗੋਇਲ ਨੇ ਨਵੀਆਂ ਚੁਣੀਆਂ ਗ੍ਰਾਮ ਸੰਭਾਵਾਂ ਦੇ ਨੁਮਾਇਦਿਆਂ ਨੂੰ ਪਿੰਡਾਂ ਦੇ ਵਿਕਾਸ ਦੀ ਯੋਜਨਾਂ ਨੂੰ ਧੜੇਬੰਦੀ ਤੋ ਉਪਰ ਉੱਠਕੇ ਆਮ ਲੋਕਾਂ ਦੀ ਸਲਾਹ ਤੇ ਲੋੜ ਅਨੁਸਾਰ ਨਿਰਪੱਖ ਤੇ ਪਾਰਦਰਸ਼ੀ ਤਰੀਕੇ ਨਾਲ ਉਲੀਕਣ ਦਾ ਸੱਦਾ ਦਿੱਤਾ । ਉਨ੍ਹਾਂ ਕਿਹਾ ਕਿ ਸਾਨੂੰ ਪਿੰਡਾਂ ਵਿੱਚੋਂ ਧੜੇਬੰਦੀ ਨੂੰ ਖ਼ਤਮ ਕਰਨ ਨੂੰ ਪਹਿਲ ਦੇਣੀ ਚਾਹੀਦੀ ਹੈ ਅਤੇ ਪਿੰਡਾਂ ਵਿੱਚ ਅਮਨ-ਸ਼ਾਂਤੀ ਅਤੇ ਭਾਈਚਾਰਕ ਸਾਂਝ ਦੀਆਂ ਤੰਦਾਂ ਨੂੰ ਮਜ਼ਬੂਤ ਕਰਨ ਲਈ ਸਖ਼ਤ ਮਿਹਨਤ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਤੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਦੇ ਦਿੱਤੇ ਸੱਦੇ ਅਨੁਸਾਰ ਗ੍ਰਾਮ ਸਭਾਵਾਂ ਦੇ ਇਜਲਾਸ ਕਰਵਾਏ ਜਾਣ ਅਤੇ ਵਿਕਾਸ ਕਾਰਜਾਂ ਵਿੱਚ ਪਾਰਦਰਸ਼ਤਾ ਯਕੀਨੀ ਬਣਾਉਣ ਲਈ ਹਰੇਕ ਫੈਸਲਾ ਸਾਰੇ ਲੋਕਾਂ ਦੀ ਹਾਜ਼ਰੀ ਵਿੱਚ ਲਿਆ ਜਾਵੇ। ਪਿੰਡਾਂ ਦੇ ਚੌਹਤਰਫੇ ਵਿਕਾਸ ਲਈ ਪੈਸੇ ਦੀ ਦੁਰਵਰਤੋਂ ਨੂੰ ਰੋਕਣਾ ਅਤੇ ਸਮਝਦਾਰੀ ਨਾਲ ਖਰਚ ਕਰਨਾ ਯਕੀਨੀ ਬਣਾਉਣਾ ਗ੍ਰਾਮ ਸਭਾਵਾਂ ਦੀ ਨੈਤਿਕ ਜਿੰਮੇਵਾਰੀ ਹੈ । ਉਹ ਪਿੰਡਾਂ ਦੇ ਵਿਆਪਕ ਵਿਕਾਸ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਭਾਈਚਾਰਕ ਸਾਂਝ ਅਤੇ ਸ਼ਾਂਤੀ ਨੂੰ ਵੀ ਕਾਇਮ ਰੱਖਣ ਲਈ ਪੰਜਾਬ ਸਰਕਾਰ ਨਾਲ ਮਿਲ ਕੇ ਕੰਮ ਕਰਨ ਦਾ ਸੱਦਾ ਦਿੱਤਾ ।

ਉਨ੍ਹਾਂ ਕਿਹਾ ਕਿ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੀ ਤਰੱਕੀ ਅਤੇ ਲੋਕਾਂ ਦੀ ਖ਼ੁਸ਼ਹਾਲੀ ਲਈ ਵਚਨਬੱਧ ਹੈ। ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਫੰਡਜ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ । ਉਨ੍ਹਾਂ ਕਿਹਾ ਕਿ ਜੇਕਰ ਗ੍ਰਾਮ ਸੰਭਾਵਾਂ ਦੇ ਨੁਮਾਇੰਦੇ ਆਪਣੀ ਸਮਾਜਿਕ ਅਤੇ ਨੈਤਿਕ ਜਿੰਮੇਵਾਰੀ ਨੂੰ ਸਮਝਦੇ ਹੋਏ ਨਿਭਾਉਣ ਤਾਂ ਉਹ ਆਮ ਆਦਮੀ ਅਤੇ ਆਪਣੇ ਪਿੰਡਾਂ ਦੀ ਤਕਦੀਰ ਬਦਲ ਸਕਦੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਉਨ੍ਹਾਂ ਨੂੰ ਹਰ ਨੇਕ ਕੰਮ ਲਈ ਪੂਰਾ ਸਹਿਯੋਗ ਦੇਵੇਗੀ। ਫੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ । ਉਨ੍ਹਾਂ ਪੰਚਾਇਤਾਂ ਨੂੰ ਸੂਬੇ ਵਿੱਚੋਂ ਨਸ਼ਿਆਂ ਦੀ ਅਲਾਮਤ ਨੂੰ ਜੜ੍ਹੋਂ ਪੁੱਟਣ ਦਾ ਸੱਦਾ ਦਿੰਦਿਆਂ ਕਿਹਾ ਕਿ ਇਸ ਅਲਾਮਤ ਤੋਂ ਨਿਜਾਤ ਦਵਾਉਣ ਲਈ ਪੰਚਾਇਤਾਂ ਅਹਿਮ ਭੂਮਿਕਾ ਨਿਭਾ ਸਕਦੀਆਂ ਹਨ । ਸਾਨੂੰ ਬਿਨਾਂ ਕਿਸੇ ਡਰ ਭੈਅ ਤੋਂ ਆਪਣੀ ਜਵਾਨੀ ਨੂੰ ਬਚਾਉਣ ਦੇ ਉਪਰਾਲੇ ਕਰਨੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਲੋਕ ਲਹਿਰ ਪੈਦਾ ਕਰਕੇ ਪੰਜਾਬੀਆਂ ਵਿੱਚ ਨਸ਼ੇ ਦਾ ਨਾਮੋ ਨਿਸ਼ਾਨ ਖਤਮ ਕੀਤਾ ਜਾ ਸਕਦਾ ਹੈ। ਉਨ੍ਹਾਂ ਪੰਚਾਇਤੀ ਰਾਜ ਦੇ ਨੁਮਾਇੰਦਿਆਂ ਨੂੰ ਕਿਹਾ ਕਿ ਉਹ ਰੋਲ ਮਾਡਲ ਬਣ ਕੇ ਉੱਭਰਨ ਅਤੇ ਕੁਦਰਤੀ ਸਰੋਤਾਂ ਨੂੰ ਬਚਾਉਣ ਲਈ ਸਾਂਝੇ ਉਪਰਾਲੇ ਆਪਣੇ ਨੈਤਿਕ ਜਿੰਮੇਵਾਰੀ ਸਮਝਦੇ ਹੋਏ ਕਰਨ । ਉਨ੍ਹਾਂ ਆਸ ਪ੍ਰਗਟਾਈ ਕਿ ਸਹੁੰ ਚੁੱਕਣ ਮਗਰੋਂ ਇਹ ਪੰਚ ਆਪਣੇ ਪਿੰਡਾਂ ਨੂੰ ਵਿਕਾਸ ਦੇ ਰਾਹ ਉਤੇ ਤੋਰਨਗੇ। ਵਿਧਾਇਕ ਮਾਲੇਰਕੋਟਲਾ ਡਾ ਜਮੀਲ ਉਰ ਰਹਿਮਾਨ ਨੇ ਸਮਾਗਮ ਵਿੱਚ ਪੁੱਜੇ ਪੰਚਾ,ਸਰਪੰਚਾਂ ਅਤੇ ਹੋਰ ਸ਼ਖ਼ਸੀਅਤਾਂ ਨੂੰ ਜੀ ਆਇਆਂ ਆਖਿਆ ਤੇ ਕਿਹਾ ਕਿ ਪੰਜਾਬ ਨੂੰ ਮੁੜ ਤੋਂ ਹੱਸਦਾ, ਵਸਦਾ, ਸਿਹਤਯਾਬ, ਬਣਾਉਣ ਲਈ ਚੰਗਾ ਪ੍ਰਦਰਸ਼ਨ ਕਰਨਾ ਹੋਵੇਗਾ ਅਤੇ ਆਪਣੇ ਪਿੰਡਾਂ ਨੂੰ ਆਦਰਸ਼ ਪਿੰਡਾਂ ਵਿੱਚ ਬਦਲਣਾ ਪਵੇਗਾ।ਉਨ੍ਹਾਂ ਕਿਹਾ ਕਿ ਸਾਨੂੰ ਆਪਣਾ ਹਰ ਫੈਸਲਾ ਲੋਕ ਭਲਾਈ ਨੂੰ ਮੁੱਖ ਰੱਖਦੇ ਹੋਏ ਪਿੰਡ ਵਾਸੀਆਂ ਨਾਲ ਸਲਾਹ-ਮਸ਼ਵਰਾ ਕਰਕੇ ਕਰਨਾ ਚਾਹੀਦਾ ਹੈ । ਪਿੰਡਾਂ ਦੇ ਸਰਬਪੱਖੀ ਵਿਕਾਸ ਵਿੱਚ ਪੰਚਾਇਤੀ ਰਾਜ ਦੇ ਨੁਮਾਇੰਦੇ ਅਹਿਮ ਭੂਮਿਕਾ ਨਿਭਾ ਕੇ ਪੰਜਾਬ ਨੂੰ ਦੁਨਿਆਂ ਦੇ ਨਕਸੇ ਵਿੱਚ ਅਹਿਮ ਸਥਾਨ ਦਵਾ ਸਕਦੇ ਹਨ । ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਆਪਸੀ ਲਾਗਡਾਟ ਤੋਂ ਪਰੇ ਉਠਣਾ ਪਵੇਗਾ ।

ਵਿਧਾਇਕ ਅਮਰਗੜ੍ਹ ਪ੍ਰੋਫੈਸਰ ਜਸਵੰਤ ਸਿੰਘ ਗੱਜਣ ਮਾਜਰਾ ਨੇ ਅਵਾਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਚਾਇਤੀ ਰਾਜ ਸੰਸਥਾਵਾਂ ਨੂੰ ਲੋਕਤੰਤਰ ਦੇ ਚਾਨਣ ਮੁਨਾਰੇ ਵਜੋਂ ਦੇਖਿਆ ਜਾਂਦਾ ਹੈ। ਇਸ ਲਈ ਲੋਕਤੰਤਰ ਦੀ ਮਜਬੂਤੀ ਪਾਰਦਰਸੀ ਲੋਕਤੰਤਰੀ ਪ੍ਰਣਾਲੀ ਤੇ ਨਿਰਭਰ ਕਰਦੀ ਹੈ ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਲੋਕਾਂ ਦੇ ਭਲੇ ਲਈ ਉਨ੍ਹਾਂ ਦੀ ਸੋਚ ਅਨੁਸਾਰ ਕੰਮ ਕਰ ਰਹੀ ਹੈ ਜਿਸ ਸਦਕਾ ਸਿਹਤ, ਸਿੱਖਿਆ,ਰੋਜ਼ਗਾਰ ਆਦਿ ਵੱਲ ਵਿਸ਼ੇਸ ਧਿਆਨ ਕੇਂਦਰਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਚੋਣਾ ਵਿੱਚ ਸੋਚ ਤੋਂ ਉੱਪਰ ਉੱਠ ਕੇ ਸਰਬਸੰਮਤੀ ਨਾਲ ਪੰਚਾਇਤਾਂ ਦੀ ਚੋਣ ਕਰ ਕੇ ਜਿੱਥੇ ਇਕ ਪਾਸੇ ਪਿੰਡਾਂ ਵਿੱਚ ਭਾਈਚਾਰਕ ਸਾਂਝ ਤੇ ਫਿਰਕੂ ਸਦਭਾਵਨਾ ਨੂੰ ਮਜ਼ਬੂਤ ਕੀਤਾ ਹੈ ਉੱਥੇ ਹੀ ਆਪਣੇ ਪਿੰਡਾਂ ਦਾ ਸਰਵਪੱਖੀ ਵਿਕਾਸ ਯਕੀਨੀ ਬਣਾਇਆ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਸੂਝਵਾਨ ਲੋਕਾਂ ਨੇ ਪੰਚ/ ਸਰਪੰਚ ਚੁਣਕੇ ਵੱਡੀ ਜ਼ਿੰਮੇਵਾਰੀ ਸੌਂਪੀ ਹੈ ਅਤੇ ਉਨ੍ਹਾਂ ਨੂੰ ਇਸ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੇ ਵਿਸਵਾਸ਼ ਨੂੰ ਬਰਕਰਾਰ ਰੱਖਣ ਲਈ ਉਨ੍ਹਾਂ ਦੇ ਹਿੱਤਾਂ ਦੀ ਰਾਖੀ ਅਤੇ ਉਨ੍ਹਾਂ ਦੀਆਂ ਇੱਛਾਵਾਂ ਦੀ ਕਦਰ ਕਰਨਾ ਗਰਾਮ ਪੰਚਾਇਤਾਂ ਦਾ ਮੁੱਢਲਾ ਫ਼ਰਜ਼ ਹੈ।

# ਜਾਗਾਂਗੇ ਜਗਾਂਵਾਂਗੇ ਵਾਤਾਵਰਣ ਬਚਾਵਾਂਗੇ ਦੇ ਨਾਹਰਿਆਂ ਨਾਲ ਗੂੰਜ਼ਿਆਂ ਪਿੰਡ ਮੱਤਾ ਦਾ ਸਰਕਾਰੀ ਸਕੂਲ !

**ਭਾਈ ਘਨੱਈਆ ਕੈਂਸਰ ਰੋਕੋ ਸੁਸਾਇਟੀ ਦਾ ਢੰਗ ਤਰੀਕਾ ਪ੍ਰਸੰਸਾਯੋਗ : ਢਿੱਲਵਾਂ**

✤ ਪੰਜਾਬ ਦਾ ਖੁਲਾਸਾ



**ਜੈਤੋ, 19 ਨਵੰਬਰ (ਮਨਜੀਤ ਸਿੰਘ ਢੱਲਾ)** :- 'ਜਾਗਾਂਗੇ ਜਗਾਂਵਾਂਗੇ-ਵਾਤਾਵਰਣ ਬਚਾਵਾਂਗੇ' ਦੇ ਨਾਹਰੇ ਲਾਉਂਦਿਆਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੱਤਾ ਦੇ ਵਿਦਿਆਰਥੀ/ਵਿਦਿਆਰਥਣਾ ਨੇ ਸੰਕਲਪ ਲਿਆ ਕਿ ਉਹ ਵੱਧ ਤੋਂ ਵੱਧ ਬੂਟੇ ਲਾ ਕੇ ਉਹਨਾ ਦੀ ਸੰਭਾਲ ਕਰਨਗੇ ਅਤੇ ਪਾਣੀ ਦੀ ਬੱਚਤ ਕਰਨ ਵਿੱਚ ਵੀ ਪੂਰੀ ਦਿਲਚਸਪੀ ਲੈਣਗੇ? ਭਾਈ ਘਨੱਈਆ ਕੈਂਸਰ ਰੋਕੋ ਸੇਵਾ ਸੁਸਾਇਟੀ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਚੰਦਬਾਜਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕੋਟਕਪੂਰਾ ਗਰੁੱਪ ਆਫ ਫੈਮਿਲੀਜ਼ (ਕੈਨੇਡਾ) ਦੇ ਸਹਿਯੋਗ ਨਾਲ ਸਕੂਲ ਵਿੱਚ ਕਰਵਾਏ ਗਏ ਵਾਤਾਵਰਣ ਦੀ ਸੰਭਾਲ ਸਬੰਧੀ ਸੈਮੀਨਾਰ ਨੂੰ ਸੰਬੋਧਨ ਕਰਦਿਆਂ ਸੁਸਾਇਟੀ ਦੇ ਪ੍ਰੈਸ ਸਕੱਤਰ ਗੁਰਿੰਦਰ ਸਿੰਘ ਮਹਿੰਦੀਰੱਤਾ ਨੇ ਹਵਾ, ਪਾਣੀ ਅਤੇ ਸ਼ੋਰ ਪ੍ਰਦੂਸ਼ਣ ਸਬੰਧੀ ਵੱਖ ਵੱਖ ਉਦਾਹਰਨਾ ਦਿੰਦਿਆਂ ਆਖਿਆ ਕਿ ਵਰਤਮਾਨ ਸਮੇਂ ਵਿੱਚ ਵਾਤਾਵਰਣ/ਪ੍ਰਦੂਸ਼ਣ ਮੁੱਖ ਮੁੱਦਾ ਬਣ ਚੁੱਕਾ ਹੈ, ਜਿਸ ਤੋਂ ਹਰ ਜੀਵ-ਜੰਤੂ ਅਤੇ ਬਨਸਪਤੀ ਤੱਕ ਖਤਰੇ ਵਿੱਚ ਪੈ ਗਈ ਹੈ? ਉਹਨਾਂ ਦੱਸਿਆ ਕਿ ਕਰੋਨਾ ਵਾਇਰਸ ਦੀ ਕਰੋਪੀ ਦੇ ਸੰਕਟ ਦੌਰਾਨ ਆਕਸੀਜਨ ਦਾ ਸਿਲੰਡਰ ਇਕ ਇਕ ਕਰੋੜ ਰੁਪਏ ਦਾ ਵਿਕਣ ਦੀਆਂ ਖਬਰਾਂ ਬਹੁਤ ਵਾਇਰਲ ਹੋਈਆਂ, ਸਾਨੂੰ ਰੁੱਖਾਂ ਦੀ ਮਹੱਤਤਾ ਅਤੇ ਲੋੜ ਦਾ ਪਤਾ ਲੱਗਾ ਪਰ ਸੰਕਟ ਟਲਦਿਆਂ ਹੀ ਅਸੀਂ ਦਰੱਖਤਾਂ ਦੀ ਮਹੱਤਤਾ ਅਤੇ ਸਾਂਭ ਸੰਭਾਲ ਨੂੰ ਵਿਸਾਰ ਦਿੱਤਾ? ਉਹਨਾਂ ਪੰਜਾਬ ਦੇ ਪ੍ਰਦੂਸ਼ਿਤ ਹੋ ਰਹੇ ਦਰਿਆਵਾਂ, ਧਰਤੀ ਹੇਠਲੇ ਪਾਣੀ, ਜੰਗਲਾਂ ਦੀ ਕਟਾਈ, ਜਲਗਾਹਾਂ, ਹਵਾ, ਜਲਵਾਯੂ ਪਰਿਵਰਤਨ, ਰੇਹਾਂ ਅਤੇ ਸਪਰੇਆਂ, ਸ਼ੋਰ ਪ੍ਰਦੂਸ਼ਣ ਵਰਗੇ ਮੁੱਦਿਆਂ ਸਬੰਧੀ ਇਸ ਕਾਪੀ ਵਿੱਚ ਦਰਜ ਕੀਤੀਆਂ ਉਦਾਹਰਨਾ ਨੂੰ ਸੰਖੇਪਮਾਤਰ ਦੱਸਦਿਆਂ ਸਮਝਾਇਆ ਕਿ ਜੇਕਰ ਵਾਤਾਵਰਣ ਨੂੰ ਬਚਾਉਣ ਲਈ ਪੰਜਾਬ ਭਰ ਦੇ ਹਰ ਮਰਦ-ਔਰਤ, ਨੌਜਵਾਨਾ, ਬੱਚਿਆਂ ਅਤੇ ਬਜੁਰਗਾਂ ਨੇ ਬਣਦੀ ਜਿੰਮੇਵਾਰੀ ਨਾ ਨਿਭਾਈ ਤਾਂ ਆਉਣ ਵਾਲੀ ਪੀੜ੍ਹੀ ਦਾ ਭਵਿੱਖ ਸੁਰੱਖਿਅਤ ਨਹੀਂ? ਸਕੂਲ ਮੁਖੀ ਪ੍ਰਿੰਸੀਪਲ ਗੁਰਦਰਸ਼ਨ ਸਿੰਘ ਢਿੱਲਵਾਂ ਨੇ ਸੁਸਾਇਟੀ ਦੇ ਉਪਰੋਕਤ ਉਪਰਾਲੇ ਦੀ ਭਰਪੂਰ ਪ੍ਰਸੰਸਾ ਕਰਦਿਆਂ ਆਖਿਆ ਕਿ ਬੱਚਿਆਂ ਤੇ ਨੌਜਵਾਨਾ ਨੂੰ ਵਾਤਾਵਰਣ ਪ੍ਰਤੀ ਜਾਗਰੂਕ ਕਰਨ ਦਾ ਸੁਸਾਇਟੀ ਦਾ ਢੰਗ ਤਰੀਕਾ ਪ੍ਰਸੰਸਾਯੋਗ ਹੈ ? ਇਸ ਮੌਕੇ ਉਪਰੋਕਤ ਤੋਂ ਇਲਾਵਾ ਜਗਸੀਰ ਸਿੰਘ ਬਰਾੜ ਮੱਤਾ, ਪ੍ਰੇਮ ਚਾਵਲਾ, ਸੋਮਨਾਥ ਅਰੋੜਾ, ਮੁਖਤਿਆਰ ਸਿੰਘ ਮੱਤਾ, ਹਰਨੇਕ ਸਿੰਘ ਸਾਹੋਕੇ, ਮਨਦੀਪ ਸਿੰਘ ਪੁਰਬਾ, ਜਸਵਿੰਦਰ ਸਿੰਘ, ਨੇਹਾ ਸ਼ਰਮਾ ਅਤੇ ਕੁਲਬੀਰ ਸਿੰਘ ਮੱਤਾ ਆਦਿ ਨੇ ਵੀ ਦਿਨੋ-ਦਿਨ ਵੱਧ ਰਹੇ ਪ੍ਰਦੂਸ਼ਣ ਅਤੇ ਨਸ਼ਿਆਂ ਦੀ ਸਮੱਸਿਆ 'ਤੇ ਚਿੰਤਾ ਦਾ ਪ੍ਰਗਟਾਵਾ ਕੀਤਾ ਅਤੇ ਇਹਨਾਂ ਸਾਰੀਆਂ ਸਮੱਸਿਆਵਾਂ ਦੇ ਸਾਂਝੇ ਹੱਲ ਲਈ ਇੱਕ ਦੂਜੇ ਨੂੰ ਦੋਸ਼ੀ ਠਹਿਰਾਉਣ ਦੀ ਬਜਾਏ ਸਾਰੇ ਸਮਾਜ ਨੂੰ ਅੱਗੇ ਆਉਣ ਦਾ ਸੱਦਾ ਦਿੱਤਾ।

# ਆਮ ਆਦਮੀ ਪਾਰਟੀ 'ਚ ਸ਼ਾਮਲ ਹੋਈ ਪਿੰਡ ਮਹੇੜੂ ਦੀ ਪੰਚਾਇਤ

## ਲੋਕਲ ਬਾਡੀ ਮੰਤਰੀ ਡਾ. ਰਵਜੋਤ ਨੇ ਕੀਤਾ ਸਵਾਗਤ

ਪੰਜਾਬ ਦਾ ਖੁਲਾਸਾ

**ਫਗਵਾੜਾ 19 ਨਵੰਬਰ ( ਪ੍ਰੀਤ ਕੌਰ ਪ੍ਰੀਤੀ )** ਜਿਲ੍ਹਾ ਯੋਜਨਾ ਬੋਰਡ ਦੀ ਚੇਅਰਪਰਸਨ ਲਲਿਤ ਸਕਲਾਨੀ ਅਤੇ ਆਮ ਆਦਮੀ ਪਾਰਟੀ ਜਿਲ੍ਹਾ ਕਪੂਰਥਲਾ ਦੇ ਸਕੱਤਰ ਅਸ਼ੋਕ ਭਾਟੀਆ ਦੀ ਪ੍ਰੇਰਣਾ ਸਦਕਾ ਵਿਧਾਨਸਭਾ ਹਲਕਾ ਫਗਵਾੜਾ ਦੇ ਪਿੰਡ ਮਹੇੜੂ ਦੀ ਸਮੁੱਚੀ ਪੰਚਾਇਤ ਨੇ ਅੱਜ ਆਪ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ ਹੈ। ਜਿਹਨਾਂ ਦਾ ਸਵਾਗਤ ਪੰਜਾਬ ਦੇ ਲੋਕਲ ਬਾਡੀ ਮੰਤਰੀ ਡਾ. ਰਵਜੋਤ ਨੇ ਕੀਤਾ। ਉਹਨਾਂ ਨੇ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੇ ਸਹਿਯੋਗ ਸਦਕਾ ਪਿੰਡ ਨੂੰ ਮਾਡਲ ਗ੍ਰਾਮ ਬਣਾਉਣ 'ਚ ਕੋਈ ਵੀ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਪਿੰਡ ਦੇ ਅਧੂਰੇ ਕੰਮ ਮੁੱਢਲੇ ਆਧਾਰ 'ਤੇ ਕਰਵਾਏ ਜਾਣਗੇ। ਵਿਕਾਸ ਕਾਰਜਾਂ ਵਿਚ ਕੋਈ ਕਮੀ ਨਹੀਂ ਛੱਡੀ ਜਾਵੇਗੀ। ਆਪ ਪਾਰਟੀ ਵਿਚ ਸ਼ਾਮਲ ਹੋਣ ਮੌਕੇ ਸਰਪੰਚ ਰਾਣੀ ਤੋਂ ਇਲਾਵਾ ਮੈਂਬਰ ਪੰਚਾਇਤ ਮਲਕੀਅਤ ਸਿੰਘ,



ਸੰਤੋਸ਼ ਕੁਮਾਰੀ, ਗੁਰਮੀਤ ਕੌਰ, ਦਵਿੰਦਰ ਸੰਧੂ, ਜਸਬੀਰ ਕੌਰ ਨੇ ਕਿਹਾ ਕਿ ਪਿੰਡਾਂ ਦਾ ਵਿਕਾਸ ਸਿਰਫ ਆਮ ਆਦਮੀ ਪਾਰਟੀ ਦੀ ਸਰਕਾਰ ਹੀ ਕਰਵਾ ਸਕਦੀ ਹੈ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਪੇਂਡੂ ਵਿਕਾਸ ਨੂੰ ਤਰਜੀਹ ਦੇਣ ਵਾਲੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਉਹਨਾਂ ਨੇ ਆਪ ਪਾਰਟੀ ਵਿਚ ਸ਼ਾਮਲ ਹੋਣ ਦਾ ਐਲਾਨ ਕੀਤਾ ਹੈ ਤਾਂ ਜੋ ਪਿੰਡ ਦਾ ਚਹੁੰਪੱਖੀ ਵਿਕਾਸ ਕਰਵਾਇਆ ਜਾ ਸਕੇ। ਉਹਨਾਂ ਦੇ ਨਾਲ ਸੁਰਿੰਦਰ ਸੰਧੂ, ਸੁਰਜੀਤ ਸਿੰਘ, ਸੁਖਵਿੰਦਰ ਸਿੰਘ ਤੇ ਸਤਬੀਰ ਸਿੰਘ ਨੇ ਵੀ ਆਪ ਪਾਰਟੀ ਵਿਚ ਸ਼ਾਮਲ ਹੋਣ ਦਾ ਐਲਾਨ ਕੀਤਾ। ਜਿਹਨਾਂ ਦਾ ਸਵਾਗਤ ਕਰਦੇ ਹੋਏ ਆਪ ਆਗੂਆਂ ਨੇ ਪਾਰਟੀ ਵਿਚ ਪੂਰਾ ਮਾਣ ਸਤਿਕਾਰ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਸੀਨੀਅਰ ਆਗੂ ਡਾ. ਜਤਿੰਦਰ ਸਿੰਘ ਪਰਹਾਰ, ਜੋਗਿੰਦਰ ਪਾਲ ਬੇਦੀ, ਰਵਿੰਦਰ ਲੱਡੂ, ਸਤੀਸ਼ ਸਲਹੋਤਰਾ ਸਨੀ ਆਦਿ ਹਾਜਰ ਸਨ।

# ਸੱਚ ਨੂੰ ਪਛਾਣ ਕੇ ਭਰਮਾਂ ਤੋਂ ਛੁਟਕਾਰਾ ਪਾਓ -ਨਿਰੰਕਾਰੀ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ

ਪੰਜਾਬ ਦਾ ਖੁਲਾਸਾ

**ਜੈਤੋ ,19 ਨਵੰਬਰ ( ਰਘੂਨੰਦਨ ਪਰਾਸ਼ਰ)::** ਉਹ ਸਾਰੀਆਂ ਚੀਜ਼ਾਂ ਜੋ ਅਸੀਂ ਸੰਸਾਰ ਵਿੱਚ ਦੇਖਦੇ ਜਾਂ ਅਨੁਭਵ ਕਰਦੇ ਹਾਂ,ਸਾਰੇ ਦੇ ਸਾਰੇ ਬਦਲਣਯੋਗ ਹਨ। ਇਨ੍ਹਾਂ ਵਿੱਚੋਂ ਕਿਸੇ ਵੀ ਚੀਜ਼ ਨੂੰ ਸਦੀਵੀ ਸੱਚ ਨਹੀਂ ਕਿਹਾ ਜਾ ਸਕਦਾ। ਜਿਉਂ ਜਿਉਂ ਦਿਨ ਢਲਦਾ ਹੈ, ਰਾਤ ??ਆਉਂਦੀ ਹੈ ਅਤੇ ਰਾਤ ਢਲਣ ਤੋਂ ਬਾਅਦ, ਦਿਨ ਮੁੜ ਸ਼ੁਰੂ ਹੁੰਦਾ ਹੈ। ਬੱਚੇ ਦੇ ਰੂਪ ਵਿੱਚ ਪੈਦਾ ਹੋਇਆ ਸਰੀਰ ਹੌਲੀ-ਹੌਲੀ ਆਪਣੀ ਸ਼ਕਲ ਬਦਲਦਾ ਹੈ ਅਤੇ ਬੁਢਾਪੇ ਵਿੱਚ ਪਹੁੰਚ ਜਾਂਦਾ ਹੈ।

ਇਸ ਤਰ੍ਹਾਂ, ਕਿਸੇ ਵਸਤੂ ਜਾਂ ਪਦਾਰਥ ਦੀ ਹੋਂਦ ਨੂੰ ਸਦੀਵੀ ਮੰਨਣਾ ਸਾਡਾ ਭਰਮ ਹੈ ਕਿਉਂਕਿ ਅਸਲ ਸੱਚ ਤਾਂ ਨਿਰਾਕਾਰ ਪਰਮਾਤਮਾ ਹੀ ਹੈ ਜਿਸ ਨੂੰ ਵੱਖ-ਵੱਖ ਨਾਵਾਂ ਨਾਲ ਪੁਕਾਰਿਆ ਜਾਂਦਾ ਹੈ। ਇਸ ਨਿਰੰਤਰ ਸੱਚ ਨੂੰ ਸਵੀਕਾਰ ਕਰਕੇ ਅਸੀਂ ਆਪਣੇ ਆਪ ਨੂੰ ਭਰਮਾਂ ਤੋਂ ਮੁਕਤ ਕਰ ਸਕਦੇ ਹਾਂ।ਨਿਰੰਕਾਰੀ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਨੇ ਕੱਲ੍ਹ ਸ਼ਾਮ 77ਵੇਂ ਸਾਲਾਨਾ ਨਿਰੰਕਾਰੀ ਸੰਤ ਸਮਾਗਮ ਦੇ ਦੂਜੇ ਦਿਨ ਇੱਕ ਵਿਸ਼ਾਲ ਜਨ ਸਮੂਹ ਨੂੰ ਸੰਬੋਧਨ ਕਰਦਿਆਂ ਉਪਰੋਕਤ ਬਿਆਨ ਕੀਤਾ। ਇਸ ਸੰਤ ਸਮਾਗਮ ਵਿੱਚ ਭਾਰਤ ਭਰ ਅਤੇ ਦੂਰ-ਦੁਰਾਡੇ ਦੇਸ਼ਾਂ ਤੋਂ ਸੰਗਤਾਂ ਦੀ ਭਾਰੀ ਭੀੜ ਹੈ। ਸਤਿਗੁਰੂ ਮਾਤਾ ਜੀ ਨੇ ਅੱਗੇ ਕਿਹਾ ਕਿ ਸਾਨੂੰ ਆਪਣੀ ਸੋਚ ਨੂੰ ਵਿਸ਼ਾਲ ਰੱਖਣਾ ਚਾਹੀਦਾ ਹੈ। ਆਪਣੇ ਦ੍ਰਿਸ਼ਟੀਕੋਣ ਦੇ ਨਾਲ-ਨਾਲ ਸਾਨੂੰ ਦੂਜਿਆਂ ਦੀ ਗੱਲ ਨੂੰ ਵੀ ਸੁਣਨਾ ਚਾਹੀਦਾ ਹੈ ਕਿਉਂਕਿ ਜੇਕਰ ਅਸੀਂ ਆਪਣੀ ਸੋਚ ਨੂੰ ਸਹੀ ਮੰਨਦੇ ਰਹਾਂਗੇ, ਤਾਂ ਇਹ ਅਟੱਲ ਹੈ ਕਿ ਉਸ ਅੰਦਰ ਹਉਮੈ ਦੀ ਭਾਵਨਾ ਪੈਦਾ ਹੋ ਜਾਵੇਗੀ, ਜੋ ਸਾਨੂੰ ਆਪਣੇ ਅੰਦਰ ਬੰਨ੍ਹਦੀ ਹੈ। ਜੇਕਰ ਕੋਈ ਸ਼ੁਭਚਿੰਤਕ ਸਾਡੀ ਕਿਸੇ ਗਲਤ ਆਦਤ ਬਾਰੇ ਸਾਨੂੰ ਸੂਚਿਤ ਕਰਦਾ ਹੈ, ਤਾਂ ਉਸ ਆਦਤ ਨੂੰ ਜੀਵਨ ਵਿੱਚੋਂ ਦੂਰ ਕਰਨਾ ਵੀ ਇੱਕ ਸਕਾਰਾਤਮਕ ਵਿਕਾਸ ਹੈ। ਜਦੋਂ ਅਸੀਂ ਪ੍ਰਮਾਤਮਾ ਨੂੰ ਆਪਣੇ ਜੀਵਨ ਵਿੱਚ ਸ਼ਾਮਲ ਕਰਦੇ ਹਾਂ, ਤਾਂ ਅਸੀਂ ਆਸਾਨੀ ਨਾਲ ਆਪਣੇ ਜੀਵਨ ਵਿੱਚ ਅਜਿਹਾ ਵਿਸਥਾਰ ਕਰਨ ਦੀ ਸ਼ਕਤੀ ਪ੍ਰਾਪਤ ਕਰ ਲੈਂਦੇ ਹਾਂ।ਇਸ ਤੋਂ ਪਹਿਲਾਂ ਨਿਰੰਕਾਰੀ ਰਾਜਪਿਤਾ ਰਮਿਤ ਜੀ ਨੇ ਆਪਣੇ ਵਿਚਾਰਾਂ ਵਿੱਚ ਕਿਹਾ ਕਿ ਇਸ ਮਨੁੱਖਾ ਜਨਮ ਵਿੱਚ ਸਾਨੂੰ ਮੋਹ ਦੀ ਨੀਂਦ ਤੋਂ ਜਾਗ ਕੇ ਆਪਣੇ ਅਸਲ ਸਰੂਪ ਨੂੰ ਪਛਾਣਨਾ ਜ਼ਰੂਰੀ ਹੈ। ਕਿਉਂਕਿ ਆਪਣੇ ਆਪ ਨੂੰ ਜਾਣੇ ਬਿਨਾਂ ਜੀਣਾ ਇੱਕ ਸੁਪਨੇ ਵਰਗਾ ਹੈ ਅਤੇ ਵਿਅਕਤੀ ਕਦੇ ਵੀ ਸੁਪਨੇ ਵਿੱਚ ਆਪਣਾ ਚਿਹਰਾ ਨਹੀਂ ਦੇਖ ਸਕਦਾ। ਜੇਕਰ ਅਧਿਆਤਮਿਕ ਦ੍ਰਿਸ਼ਟੀਕੋਣ ਤੋਂ ਦੇਖਿਆ ਜਾਵੇ ਤਾਂ ਅਸੀਂ ਆਪਣੇ ਅਸਲ ਸਰੂਪ ਨੂੰ ਜਾਣੇ ਬਿਨਾਂ ਹੀ ਜੀਵਨ ਜੀ ਰਹੇ ਹਾਂ ਜਿਸ ਨੂੰ ਕੇਵਲ ਇੱਕ ਭਰਮ ਹੀ ਕਿਹਾ ਜਾਂਦਾ ਹੈ ਅਤੇ ਸਾਨੂੰ ਗਰੀਬੀ ਵੱਲ ਲਿਜਾ ਰਿਹਾ ਹੈ। ਸਤਿਗੁਰੂ ਸਾਨੂੰ ਇਸ ਭੇਸ ਭਰੀ ਨੀਂਦ ਤੋਂ ਜਗਾਉਂਦੇ ਹਨ ਅਤੇ ਸਾਨੂੰ ਆਪਣੇ ਮੂਲ ਸੁਭਾਅ ਦਾ ਅਹਿਸਾਸ ਕਰਵਾਉਂਦੇ ਹਨ। ਇਸ ਸੱਚੇ ਸਰੂਪ ਵਿੱਚ ਸਥਿਤ ਹੋ ਕੇ ਮਨੁੱਖਤਾ ਲਈ ਪਰਉਪਕਾਰੀ ਜੀਵਨ ਜਿਊਣਾ ਹੀ ਅਸਲੀਅਤ ਵਿੱਚ ਸਭ ਤੋਂ ਵੱਡਾ ਪਸਾਰ ਹੈ। ਵਰਣਨਯੋਗ ਹੈ ਕਿ ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਸ਼੍ਰੀ ਭੂਪੇਂਦਰ ਸਿੰਘ ਹੁੱਡਾ ਨੇ ਸਮਾਗਮ ਵਿਚ ਸ਼ਿਰਕਤ ਕੀਤੀ ਅਤੇ ਸਤਿਗੁਰੂ ਮਾਤਾ ਜੀ ਅਤੇ ਨਿਰੰਕਾਰੀ ਰਾਜਪਿਤਾ ਜੀ ਤੋਂ ਆਸ਼ੀਰਵਾਦ ਪ੍ਰਾਪਤ ਕੀਤਾ।

ਕਾਇਰੋਪ੍ਰੈਕਟਿਕ ਕੈਂਪ ਅਤੇ ਸਿਹਤ ਸਹੂਲਤਾਂ 77ਵੇਂ ਨਿਰੰਕਾਰੀ ਸੰਤ ਸਮਾਗਮ ਵਿੱਚ ਕਾਇਰੋਪ੍ਰੈਕਟਿਕ ਤਕਨੀਕਾਂ ਰਾਹੀਂ ਮੁਫਤ ਸਿਹਤ ਲਾਭ ਵੀ ਦਿੱਤੇ ਜਾ ਰਹੇ ਹਨ। ਸਮਾਗਮ ਵਿੱਚ ਹਰ ਰੋਜ਼ ਤਿੰਨ ਤੋਂ ਚਾਰ ਹਜ਼ਾਰ ਲੋਕ ਇਸ ਤਕਨੀਕ ਦੀ ਵਰਤੋਂ ਕਰਕੇ ਇਸ ਸੇਵਾ ਦਾ ਲਾਭ ਲੈ ਰਹੇ ਹਨ। ਅਮਰੀਕਾ, ਯੂਨਾਈਟਿਡ ਕਿੰਗਡਮ, ਕੈਨੇਡਾ, ਸਪੇਨ, ਫਰਾਂਸ ਅਤੇ ਭਾਰਤ ਦੇ ਕਰੀਬ 25 ਡਾਕਟਰਾਂ ਦੀ ਟੀਮ ਡਾ: ਜਿੰਮੀ ਨੰਦਾ ਦੀ ਅਗਵਾਈ ਹੇਠ ਸਮਾਗਮ ਗਰਾਊਂਡ ਵਿਖੇ ਸੇਵਾਵਾਂ ਦੇ ਰਹੀ ਹੈ। ਦਾਅਵਾ ਕੀਤਾ ਜਾ ਰਿਹਾ ਹੈ ਕਿ ਸਰੀਰ 'ਚ ਸਿਰਫ਼ ਸਾਹ ਚੱਲਣਾ ਚਾਹੀਦਾ ਹੈ, ਨਹੀਂ ਤਾਂ ਇਸ ਤਕਨੀਕ ਨਾਲ ਇਲਾਜ ਮੌਤ ਦੇ ਬਿਸਤਰੇ 'ਤੇ ਪਏ ਵਿਅਕਤੀ ਨੂੰ ਵੀ ਨਵਾਂ ਜੀਵਨ ਪ੍ਰਦਾਨ ਕਰਨ ਦੇ ਸਮਰੱਥ ਹੈ।

ਦਰਅਸਲ, ਇਲਾਜ ਦੀ ਇਹ ਤਕਨੀਕ ਪੂਰੀ ਤਰ੍ਹਾਂ ਰੀੜ੍ਹ ਦੀ ਹੱਡੀ ਨਾਲ ਸਬੰਧਤ ਹੈ। ਇਸ ਤਕਨੀਕ ਦਾ ਆਧਾਰ ਇਹ ਹੈ ਕਿ ਹਰ ਬਿਮਾਰੀ ਦਾ ਮੁੱਖ ਕਾਰਨ ਭਾਵ ਸਾਡੇ ਸਰੀਰ ਵਿੱਚ ਆਉਣ ਵਾਲੀ ਕਿਸੇ ਵੀ ਤਰ੍ਹਾਂ ਦੀ ਸਰੀਰਕ ਸਮੱਸਿਆ ਦਾ ਸਬੰਧ ਰੀੜ੍ਹ ਦੀ ਹੱਡੀ ਨਾਲ ਹੁੰਦਾ ਹੈ। ਕਾਇਰੋਪ੍ਰੈਕਟਿਕ ਮਾਹਿਰ ਡਾਕਟਰ ਜਿੰਮੀ ਨੰਦਾ ਅਨੁਸਾਰ ਰੀੜ੍ਹ ਦੀ ਹੱਡੀ ਨਾਲ ਪੂਰੇ ਸਰੀਰ ਦੀਆਂ ਸਾਰੀਆਂ ਛੋਟੀਆਂ-ਵੱਡੀਆਂ ਨਸਾਂ ਦਾ ਸਿੱਧਾ ਸਬੰਧ ਹੈ।

ਇਸੇ ਕਰਕੇ ਰੀੜ੍ਹ ਦੀ ਹੱਡੀ ਵਿਚ ਕਿਸੇ ਨਾ ਕਿਸੇ ਨਸਾਂ ਨੂੰ ਮਾਮੂਲੀ ਨੁਕਸਾਨ ਹੋਇਆ ਸੀ। ਇਹ ਤੰਤੂਆਂ ਨੂੰ ਪ੍ਰਭਾਵਿਤ ਕਰਦਾ ਹੈ, ਜਿਸ ਕਾਰਨ ਉਸ ਨਸਾਂ ਨਾਲ ਸਬੰਧਤ ਅੰਗਾਂ ਵਿੱਚ ਸਰੀਰਕ ਸਮੱਸਿਆਵਾਂ ਪੈਦਾ ਹੋ ਜਾਂਦੀਆਂ ਹਨ। ਕਾਇਰੋਪ੍ਰੈਕਟਿਕ ਤਕਨੀਕ ਦੁਆਰਾ, ਰੀੜ੍ਹ ਦੀ ਬਣਤਰ ਨੂੰ ਸੁਧਾਰ ਕੇ ਇਲਾਜ ਕੀਤਾ ਜਾਂਦਾ ਹੈ, ਜੋ ਕਿ ਨਿਰੰਕਾਰੀ ਸੰਤ ਸਮਾਗਮ ਦੌਰਾਨ 100% ਸਕਾਰਾਤਮਕ ਨਤੀਜੇ ਦਿੰਦਾ ਹੈ, ਜਿਸਦਾ ਹੱਥਾਂ ਨਾਲ ਇਲਾਜ ਹੁੰਦਾ ਹੈ।ਇਸੇ ਤਰ੍ਹਾਂ ਪਹਿਲੀ ਵਾਰ 100 ਬਿਸਤਰਿਆਂ ਦਾ ਹਸਪਤਾਲ ਵੀ ਬਣਾਇਆ ਗਿਆ ਹੈ। ਕਿਸੇ ਵੀ ਵਿਅਕਤੀ ਨੂੰ ਕਿਸੇ ਗੰਭੀਰ ਸਮੱਸਿਆ ਦਾ ਸਾਹਮਣਾ ਕਰਨ ਦੀ ਸਥਿਤੀ ਵਿੱਚ ਆਈਸੀਯੂ ਦੀ ਸਹੂਲਤ ਵੀ ਉਪਲਬਧ ਕਰਵਾਈ ਗਈ ਹੈ।

ਡਾਕਟਰ ਨਰੇਸ਼ ਅਰੋੜਾ, ਕੋਆਰਡੀਨੇਟਰ, ਮੈਡੀਕਲ ਸੁਵਿਧਾ, ਸੰਤ ਨਿਰੰਕਾਰੀ ਮੰਡਲ ਨੇ ਦੱਸਿਆ ਕਿ ਇੱਥੇ 4 ਵੈਂਟੀਲੇਟਰ ਵੀ ਉਪਲਬਧ ਹਨ ਤਾਂ ਜੋ ਕਿਸੇ ਵੀ ਗੰਭੀਰ ਸਮੱਸਿਆ ਤੋਂ ਬਚਿਆ ਜਾ ਸਕੇ। ਸਾਰੇ ਗਰਾਊਂਡ ਵਿੱਚ 5 ਡਿਸਪੈਂਸਰੀਆਂ ਹਨ ਅਤੇ ਇਸ ਹਸਪਤਾਲ ਵਿੱਚ ਰੋਜ਼ਾਨਾ 20 ਹਜ਼ਾਰ ਮਰੀਜ਼ ਆ ਰਹੇ ਹਨ ਅਤੇ ਮੁਫ਼ਤ ਦਵਾਈਆਂ ਦਿੱਤੀਆਂ ਜਾ ਰਹੀਆਂ ਹਨ।



# ਅਮਿੱਟ ਯਾਦਾਂ ਦੀ ਛਾਪ ਛੱਡਦਾ ਖਤਮ ਹੋਇਆ ਜੈ ਮਾਂ ਭਗਵਤੀ ਜਾਗਰਣ ਕਮੇਟੀ ਫਿਰੋਜ਼ਪੁਰ ਸ਼ਹਿਰ ਵਲੋ ਕਰਵਾਇਆ ਸਾਲਾਨਾ ਜਾਗਰਣ

ਪੰਜਾਬ ਦਾ ਖੁਲਾਸਾ

**ਫਿਰੋਜ਼ਪੁਰ 19 ਨਵੰਬਰ (ਅਸ਼ੋਕ ਭਾਰਦਵਾਜ)** ਹਰ ਸਾਲ ਦੀ ਤਰਾਂ ਇਸ ਸਾਲ ਵੀ ਜੈ ਮਾਂ ਭਗਵਤੀ ਜਾਗਰਣ ਕਮੇਟੀ ਬਾਬਾ ਨਾਮਦੇਵ ਚੌਕ ਫਿਰੋਜ਼ਪੁਰ ਸ਼ਹਿਰ ਵਲੋ 15ਵਾਂ ਵਿਸ਼ਾਲ ਜਾਗਰਣ ਬੜੀ ਸ਼ਰਧਾ ਤੇ ਭਾਵਨਾ ਨਾਲ ਜਾਗਰਣ ਕਰਵਾਇਆ ਗਿਆ। ਇਸ ਜਾਗਰਣ ਲਈ ਮਾਤਾ ਜਾਵਾਲਾ ਜੀ ਤੋ ਜੋਤ ਲਿਆਂਦੀ ਗਈ ਭਗਤਾਂ ਵਲੋ ਜੋਤ ਦੇ ਦਰਸ਼ਨ ਕੀਤੇ ਗਏ। ਸ਼ਹਿਰ ਦੀਆਂ ਵੱਖ ਵੱਖ ਧਾਰਮਿਕ ਤੇ ਸਮਾਜਿਕ ਸੰਸਥਾਵਾਂ ਦੇ ਆਗੂਆ ਨੇ ਹਾਜਰੀ ਲਗਵਾਈ ਜਾਗਰਣ ਦੀ ਸ਼ੁਰੂਆਤ ਜੈ ਜਯੋਤੀ ਭਜਨ ਮੰਡਲੀ ਗੁਰੂਹਰਸਹਾਏ ਵਲੋ ਪੱਕੇ ਭਜਨ ਗਾ ਕੇ ਕੀਤੀ ਗਈ ਉਸ ਉਪਰੰਤ ਕੈਥਲ ਤੋ ਆਈ ਸੋਨੂੰ ਚੰਚਲ ਐਂਡ ਪਾਰਟੀ ਨੇ ਮਾਤਾ ਰਾਣੀ ਦੀਆਂ ਸੁੰਦਰ ਸੁੰਦਰ ਵੰਦਨਾ ਗਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਪੂਰੀ ਰਾਤ ਮਾਤਾ ਰਾਣੀ ਦਾ ਭੰਡਾਰਾ ਚੱਲਿਆ ਤੇ ਸਵੇਰੇ ਤਾਰਾ ਰਾਣੀ ਦੀ ਕਥਾ ਉਪਰੰਤ ਜਾਗਰਣ ਦੀ ਸਮਾਪਤੀ ਕੀਤੀ ਗਈ।

# ਗੁਰਪ੍ਰਤਾਪ ਸਿੰਘ ਪਡਿਆਲਾ ਵੱਲੋਂ ਪਿੰਡ ਬਰੌਲੀ ਦੇ 15ਵੇਂ ਇੱਕ ਪਿੰਡ ਓਪਨ ਦਾ ਪੋਸਟਰ ਜਾਰੀ

ਪੰਜਾਬ ਦਾ ਖੁਲਾਸਾ

**ਕੁਰਾਲੀ, 19 ਨਵੰਬਰ (ਪਰਮਜੀਤ ਛੰਮਾ ਪਪਰਾਲੀ):-** ਧੰਨ ਧੰਨ ਬਾਬਾ ਦੀਪ ਸਿੰਘ ਜੀ ਸਪੋਰਟਸ ਕਲੱਬ ਅਤੇ ਵੈਲਫੇਅਰ ਸੋਸਾਇਟੀ ਬਰੌਲੀ ਵੱਲੋਂ 23 ਅਤੇ 24 ਨਵੰਬਰ ਨੂੰ ਸਵ: ਰਾਜਵੀਰ ਸਿੰਘ ਪਡਿਆਲਾ, ਸਵ: ਸਤਵਿੰਦਰ ਸਿੰਘ ਚੈੜੀਆਂ ਅਤੇ ਸਵ: ਪ੍ਰਿੰਸ ਧੀਮਾਨ ਦੀ ਨਿੱਘੀ ਯਾਦ ਵਿੱਚ 15ਵਾਂ ਇੱਕ ਪਿੰਡ ਓਪਨ 2 ਖਿਡਾਰੀ ਬਾਹਰਲੇ ਕ੍ਰਿਕਟ ਕੱਪ ਪਿੰਡ ਬਰੌਲੀ ਵਿਖੇ ਕਰਵਾਇਆ ਜਾ ਰਿਹਾ ਹੈ । ਜਿਸ ਦਾ ਪੋਸਟਰ ਅੱਜ ਉੱਘੇ ਸਮਾਜ ਸੇਵੀ ਅਤੇ ਪੰਜਾਬ ਕਿਸਾਨ ਕਾਂਗਰਸ ਦੇ ਜਨਰਲ ਸਕੱਤਰ ਗੁਰਪ੍ਰਤਾਪ ਸਿੰਘ ਪਡਿਆਲਾ ਵੱਲੋਂ ਆਪਣੇ ਸਾਥੀਆਂ ਦੀ ਹਾਜ਼ਰੀ ਵਿੱਚ ਜਾਰੀ ਕੀਤਾ ਗਿਆ । ਇਸ ਮੌਕੇ ਗੁਰਪ੍ਰਤਾਪ ਸਿੰਘ ਪਡਿਆਲਾ ਨੇ ਬਰੌਲੀ ਦੇ ਧੰਨ ਧੰਨ ਬਾਬਾ ਦੀਪ ਸਿੰਘ ਜੀ ਸਪੋਰਟਸ ਕਲੱਬ ਦੇ ਸਰਪ੍ਰਸਤ ਹਰਸ਼ਵਿੰਦਰ ਸਿੰਘ ਧਨੋਆ ਅਤੇ ਪ੍ਰਧਾਨ ਪਰਵਿੰਦਰ ਸਿੰਘ ਵੱਲੋਂ ਨੌਜਵਾਨ ਪੀੜ੍ਹੀ ਨੂੰ



ਨਸ਼ਿਆਂ ਤੋਂ ਦੂਰ ਰੱਖਣ ਅਤੇ ਸਿਹਤਮੰਦ ਰੱਖਣ ਲਈ ਪਿੰਡ-ਪਿੰਡ ਵਿੱਚ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਅੱਗੇ ਵੱਧਕੇ ਅਜਿਹੇ ਉਪਰਾਲੇ ਕਰਨ ਦੀ ਲੋੜ ਹੈ । ਇਸ ਮੌਕੇ ਕਲੱਬ ਦੇ ਸਰਪ੍ਰਸਤ ਹਰਸ਼ਵਿੰਦਰ ਸਿੰਘ ਧਨੋਆ ਅਤੇ ਪ੍ਰਧਾਨ ਪਰਵਿੰਦਰ ਸਿੰਘ ਨੇ ਦੱਸਿਆ ਕਿ 15ਵਾਂ ਸ਼ਾਨਦਾਰ ਕ੍ਰਿਕਟ ਟੂਰਨਾਮੈਂਟ ਦੋ ਖੇਡਾਂ ਨਾਲ ਜੋੜਨ ਲਈ ਕੀਤੇ ਜਾ ਰਹੇ ਉਪਰਾਲੇ ਦੀ ਸਲਾਘਾ ਕਰਦਿਆਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਦਿਨਾਂ ਦਾ ਹੈ । ਇਸ ਦੌਰਾਨ ਉਨ੍ਹਾਂ ਦੱਸਿਆ ਕਿ ਇਸ ਟੂਰਨਾਮੈਂਟ ਲਈ ਪਹਿਲਾ ਇਨਾਮ 31000 ਰੁਪਏ, ਦੂਜਾ ਇਨਾਮ 21000 ਰੁਪਏ, ਤੀਜਾ ਅਤੇ ਚੌਥਾ ਇਨਾਮ 4100 ਰੱਖਿਆ ਗਿਆ ਹੈ । ਇਸ ਤੋਂ ਇਲਾਵਾ ਬੈਸਟ ਬੈਟਸਮੈਨ ਅਤੇ ਬੈਸਟ ਬਾਲਰ ਲਈ 2100 ਇਨਾਮ ਰੱਖਿਆ ਗਿਆ ਹੈ । ਇਸ ਟੂਰਨਾਮੈਂਟ ਦੀ ਐਂਟਰੀ ਫੀਸ 1 ਹਜ਼ਾਰ ਰੁਪਏ ਰੱਖੀ ਗਈ ਹੈ ਅਤੇ ਟੂਰਨਾਮੈਂਟ ਵਿੱਚ ਕੁੱਲ 24 ਟੀਮਾਂ ਭਾਗ ਲੈਣਗੀਆ । ਇਸ ਮੌਕੇ ਉੱਪ ਪ੍ਰਧਾਨ ਵਿਕਰਮਜੀਤ ਸਿੰਘ, ਪਰਮਜੀਤ ਸਿੰਘ ਪੰਚ, ਖ਼ਜ਼ਾਨਚੀ ਜਸਪਾਲ ਸਿੰਘ, ਗੁਰਦੀਪ ਸਿੰਘ ਨੋਨੂ, ਹਰਜੀਤ ਸਿੰਘ, ਦਲਜੀਤ ਸਿੰਘ, ਹਰਿੰਦਰ ਸਿੰਘ, ਕੁਲਵਿੰਦਰ ਸਿੰਘ, ਅਭੀ, ਰਿੰਕਾ, ਬਬਲੂ, ਹਰਪ੍ਰੀਤ ਸਿੰਘ ਅਤੇ ਜੱਸਾ ਸਮੇਤ ਹੋਰ ਵੀ ਅਹੁਦੇਦਾਰ ਹਾਜ਼ਰ ਸਨ।

# ਪੰਜਾਬ ਦੀ ਧੀ ਹੋਈ ਕੈਨੇਡੀਅਨ ਪੁਲਿਸ 'ਚ ਭਰਤੀ

ਪੰਜਾਬ ਦਾ ਖੁਲਾਸਾ

**ਜਗਰਾਉ, 19 ਨਵੰਬਰ ( ਜਸਵਿੰਦਰ ਸਿੰਘ ਡਾਂਗੀਆ)**- ਜਿਲਾ ਮੋਗਾ ਦੇ ਨਿਹਾਲ ਸਿੰਘ ਵਾਲਾ ਦੀ ਧੀ ਕੈਨੇਡੀਅਨ ਪੁਲਿਸ 'ਚ ਭਰਤੀ ਹੋਈ ਹੈ। ਜਿਕਰਯੋਗ ਹੈ ਕਿ



ਕੈਨੇਡਾ ਦੇ ਸ਼ਹਿਰ ਵੈਨਕੋਵਰ 'ਚ ਰਹਿਣ ਵਾਲੀ ਪਰਦੀਪ ਕੌਰ ਧਾਲੀਵਾਲ ਸਪੁੱਤਰੀ ਰੋਮੀ ਧਾਲੀਵਾਲ ਕੈਨੇਡਾ ਦੀ ਹੀ ਜੰਮਪਲ ਹੈ। ਇਸ ਮੌਕੇ ਪਰਦੀਪ ਕੌਰ ਧਾਲੀਵਾਲ ਦੇ ਚਾਚਾ ਪ੍ਰਸਿੱਧ ਕਮੇਡੀਅਨ ਭਾਨਾ ਭਗੌੜਾ ਨੇ ਦੱਸਿਆ ਕਿ ਸਾਡੀ ਬੇਟੀ ਪਰਦੀਪ ਕੌਰ ਨੇ ਸਖਤ ਮਿਹਨਤ ਤੇ ਲਗਨ ਸਦਕਾ ਇਹ ਮੁਕਾਮ ਹਾਸਿਲ ਕੀਤਾ ਹੈ। ਉਨਾਂ ਕਿਹਾ ਕਿ ਜਿੱਥੇ ਪਰਦੀਪ ਦੇ ਇਸ ਪ੍ਰਾਪਤੀ ਨਾਲ ਪੂਰੇ ਪਰਿਵਾਰ ਨੂੰ ਮਾਣ ਹਾਸਿਲ ਹੋਇਆ ਹੈ, ਉਥੇ ਪੂਰਾ ਨਿਹਾਲ ਸਿੰਘ ਵਾਲਾ ਇਲਾਕੇ ਲਈ ਮਾਣ ਵਾਲੀ ਗੱਲ ਹੈ। ਇਸ ਮੌਕੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ, ਐਸ.ਡੀ.ਐਮ ਬਲਜਿੰਦਰ ਸਿੰਘ ਢਿੱਲੋਂ, ਸੰਜੀਵ ਵਰਮਾ ਜਗਰਾਉ (ਬੀ.ਐਸ.ਗਲੋਬਲ), ਗਾਇਕ ਵੀਤ ਬਲਜੀਤ, ਅੰਗਰੇਜ਼ ਅਲੀ, ਜਸਵੰਤ ਦੀਵਾਨਾ, ਫਿਲਮ ਕਹਾਣੀਕਾਰ ਅਜੀਤ ਸਿੰਘ ਅਖਾੜਾ, ਪ੍ਰਧਾਨ ਜਗਦੀਪ ਸਿੰਘ ਗਟਰਾ ਆਦਿ ਸਮੇਤ ਵੱਖ ਵੱਖ ਸ਼ਖ਼ਸੀਅਤਾਂ ਵੱਲੋਂ ਪਰਦੀਪ ਕੌਰ ਧਾਲੀਵਾਲ ਦੀ ਇਸ ਪ੍ਰਾਪਤੀ ਲਈ ਸਮੂਹ ਧਾਲੀਵਾਲ ਪਰਿਵਾਰ ਨੂੰ ਵਧਾਈ ਦਿੱਤੀ ਅਤੇ ਹੋਰਨਾਂ ਨੌਜਵਾਨ ਬੱਚੇ ਬੱਚੀਆਂ ਨੂੰ ਸੇਧ ਲੈਣ ਦੀ ਅਪੀਲ ਕੀਤੀ।

# ਸਪੀਕਰ ਸ. ਸੰਧਵਾਂ, ਵਿਧਾਇਕ ਸ. ਸੇਖੋਂ, ਅਤੇ ਵਿਧਾਇਕ ਅਮੋਲਕ ਸਿੰਘ ਵੱਲੋਂ ਸਾਡਾ ਫ਼ਰੀਦਕੋਟ ਫੋਟੋਗਰਾਫੀ ਮੁਕਾਬਲਿਆਂ ਦਾ ਪੋਸਟਰ ਜਾਰੀ

ਪੰਜਾਬ ਦਾ ਖੁਲਾਸਾ

**ਫਰੀਦਕੋਟ 19ਨਵੰਬਰ (ਗੁਰਦੀਪ ਸਿੰਘ ਢਿੱਲੋਂ)** ਜ਼ਿਲ੍ਹਾ ਫ਼ਰੀਦਕੋਟ ਦੇ ਸ਼ਾਨਾਮੱਤੇ ਇਤਿਹਾਸ ਨੂੰ ਸੁਰਜੀਤ ਰੱਖਣ ਲਈ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਫੋਟੋ ਗਰਾਫੀ ਮੁਕਾਬਲੇ ਕਰਵਾਏ ਜਾ ਰਹੇ ਹਨ ਜੋ ਸ਼ਲਾਘਾਯੋਗ ਕਦਮ ਹੈ, ਇਹ ਪ੍ਰਗਟਾਵਾ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਅੱਜ ਪੰਚਾਂ ਦੇ ਸਹੁੰ ਚੁੱਕ ਸਮਾਗਮ ਦੌਰਾਨ ਫੋਟੋ ਗਰਾਫੀ ਮੁਕਾਬਲੇ ਸੰਬੰਧੀ ਪੋਸਟਰ ਰਿਲੀਜ਼ ਕਰਨ ਮੌਕੇ ਕੀਤਾ । ਇਸ ਮੌਕੇ ਫ਼ਰੀਦਕੋਟ ਦੇ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ, ਐਮ.ਐਲ.ਏ ਜੈਤੋ ਸ. ਅਮੋਲਕ ਸਿੰਘ ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਅਤੇ ਐਸ.ਐਸ.ਪੀ ਡਾ. ਪ੍ਰੱਗਿਆ ਜੈਨ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਇਸ ਮੌਕੇ ਸ. ਸੰਧਵਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਫ਼ਰੀਦਕੋਟ ਦੀ ਧਰਤੀ ਬਹੁਤ ਇਤਿਹਾਸਿਕ ਧਾਰਮਿਕ ਮਹੱਤਤਾ ਰੱਖਣ ਵਾਲੀ ਹੈ ਅਤੇ ਫ਼ਰੀਦਕੋਟ ਰਿਆਸਤ ਵਜੋਂ ਇਤਿਹਾਸ ਵਿਚ ਵੀ ਅਹਿਮ ਸਥਾਨ ਰੱਖਦੀ ਹੈ। ਉਨ੍ਹਾਂ ਫ਼ਰੀਦਕੋਟ ਦੇ ਲੋਕਾਂ ਨੂੰ ਖੁੱਲਾ ਸੱਦਾ ਦੇ ਕਿ ਇਸਨੂੰ ਆਪਣੇ ਕੈਮਰੇ ਦੀ ਅੱਖ ਥਾਣੀ ਲੰਘਾਓ ਅਤੇ ਫੋਟੋ ਸਾਡੇ ਨਾਲ ਸਾਂਝੀ ਕਰੋ। ਕਿਲ੍ਹੇ ਸਰੋਵਰ, ਧਾਰਮਿਕ ਸਥਾਨ, ਮਹਿਲ, ਦਰਵਾਜ਼ੇ, ਪੁਰਾਣੀਆਂ ਇਮਾਰਤਾਂ ਅਤੇ ਇਮਾਰਤਸਾਜ਼ੀ, ਜਿਨ੍ਹਾਂ ਨੇ ਜ਼ਿਲ੍ਹੇ ਦੇ ਇਤਿਹਾਸ ਨੂੰ ਸਿਰਜਿਆ। ਇਤਿਹਾਸਕ ਕਿਤਾਬਾਂ, ਕਲਾਕ੍ਰਿਤੀਆਂ, ਚਿੱਤਰਕਾਰੀ ਆਦਿ, ਉਹ ਤਸਵੀਰਾਂ ਜੋ ਫ਼ਰੀਦਕੋਟ ਦੇ ਪੁਰਾਤਨ ਸਭਿਆਚਾਰ ਨੂੰ ਦਰਸਾਉਂਦੀਆਂ ਹਨ, ਜਿਸ ਵਿੱਚ ਲੋਕਧਾਰਾ, ਪਰੰਪਰਾਵਾਂ, ਭਾਸ਼ਾ, ਜੀਵਨ ਸ਼ੈਲੀ ਅਤੇ ਗਿਆਨ



ਸ਼ਾਮਿਲ ਹੈ। ਇਸ ਵਿਚ ਭਾਗ ਲੈਣ ਹਰ ਉਮਰ ਵਰਗ ਦੇ ਜ਼ਿਲ੍ਹਾ ਵਾਸੀਆਂ, ਪੇਸ਼ਾਵਰ ਮੀਡੀਆ ਫੋਟੋਕਾਰ, ਫੋਟੋਗ੍ਰਾਫੀ ਦੇ ਸ਼ੌਕੀਨ ਤੋਂ ਇਲਾਵਾ ਪੱਤਰਕਾਰਾਂ ਤੇ ਆਮ ਲੋਕਾਂ ਨੂੰ ਵੀ ਖੁੱਲਾ ਸੱਦਾ ਹੈ।

ਇਸ ਸੰਬਧੀ ਹੋਰ ਜਾਣਕਾਰੀ ਦਿੰਦਿਆ ਡਿਪਟੀ ਕਮਿਸ਼ਨਰ ਸ਼੍ਰੀ ਵਿਨੀਤ ਕੁਮਾਰ ਨੇ ਦੱਸਿਆ ਕਿ ਇਸ ਵਿਚ ਭਾਗ ਲੈਣ ਲਈ ਪ੍ਰਾਰਥੀ ਦੀ ਫੋਟੋ ਕੇਵਲ ਜੇਪੀਜੀ/ਪੀਐਨਜੀ ਫਾਰਮੈਟ ਵਿਚ ਹੋਵੇ। ਹਰੇਕ ਭਾਗੀਦਾਰ ਵੱਧ ਤੋਂ ਵੱਧ ਦੋ ਫੋਟੋ ਭੇਜ ਸਕਦਾ ਹੈ। ਫੋਟੋ ਦੀ ਗੁਣਵੱਤਾ 1920 x 1080 ਪਿਕਸਲ ਭੇਜੀ ਗਈ ਹਰੇਕ ਫੋਟੋ ਬਾਰੇ ਸੰਖੇਪ ਵੇਰਵਾ ਲਾਜ਼ਮੀ ਹੈ। ਭਾਗ ਲੈਣ ਵਾਲੇ ਦਾ ਕੰਮ ਮੌਲਿਕ ਹੋਣਾ ਚਾਹੀਦਾ ਹੈ। ਨਾਮਜ਼ਦਗੀਆਂ ਮਿਤੀ 15 ਨਵੰਬਰ 2024 ਤੋਂ 10 ਦਸੰਬਰ 2024 ਦੀ ਸਵੇਰ 9.00 ਵਜੇ ਤੱਕ ਭੇਜੀਆਂ ਜਾਣ। ਨਾਮਜਦਗੀ ਪੱਤਰ ਦਿੱਤੇ ਗਏ ਈਮੇਲ ਐਡਰੈਸ historicalcityfaridkot'gmail.com ਭੇਜੇ ਜਾਣ।

ਇਸ ਸੰਬੰਧੀ ਹੋਰ ਜਾਣਕਾਰੀ ਜ਼ਿਲ੍ਹਾ ਲੋਕ ਸੰਪਰਕ ਦਫਤਰ ਦੇ ਫੇਸ ਬੁੱਕ ਪੇਜ https://www.facebook.com/share/AXDMswTThH/ ਇਸਟਾਗ੍ਰਾਮ ਪੇਜ https:// www. instagram.com/dprofaridkot/ profilecard/ igsh= YClAeHVueXYBdTM= ਤੇ ਦੇਖੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਪਹਿਲੇ ਸਥਾਨ 'ਤੇ ਰਹਿਣ ਵਾਲੇ ਨੂੰ 2000 ਰੁਪਏ, ਦੂਜੇ ਸਥਾਨ ਤੇ ਰਹਿਣ ਵਾਲੇ ਨੂੰ 1500 ਰੁਪਏ ਅਤੇ ਤੀਜੇ ਸਥਾਨ 'ਤੇ ਰਹਿਣ ਵਾਲੇ ਨੂੰ 1000 ਰੁਪਏ ਦਾ ਨਕਦ ਇਨਾਮ ਦਿੱਤਾ ਜਾਵੇਗਾ। ਸਾਰੇ ਜੇਤੂਆਂ ਨੂੰ ਡਿਪਟੀ ਕਮਿਸ਼ਨਰ, ਫ਼ਰੀਦਕੋਟ ਵੱਲੋਂ ਪ੍ਰਸ਼ੰਸਾ ਪੱਤਰ ਪ੍ਰਦਾਨ ਕੀਤਾ ਜਾਵੇਗਾ। ਕੁਝ ਮਹੱਤਵਪੂਰਨ ਨਾਮਜ਼ਦਗੀਆਂ ਨੂੰ 500 ਰੁਪਏ ਦਾ ਇਨਾਮ ਦਿੱਤਾ ਜਾਵੇਗਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ(ਜ) ਓਜਸਵੀ ਅਲੰਕਾਰ, ਵਧੀਕ ਡਿਪਟੀ ਕਮਿਸ਼ਨਰ(ਵਿ) ਸ.ਨਰਭਿੰਦਰ ਸਿੰਘ ਗਰੇਵਾਲ, ਸ. ਸੁਖਜੀਤ ਸਿੰਘ ਢਿੱਲਵਾਂ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ, ਸ. ਗੁਰਤੇਜ ਸਿੰਘ ਖੋਸਾ ਚੇਅਰਮੈਨ ਨਗਰ ਸੁਧਾਰ ਟਰੱਸਟ, ਸ.ਅਮਨਦੀਪ ਸਿੰਘ ਬਾਬਾ ਚੇਅਰਮੈਨ ਮਾਰਕਿਟ ਕਮੇਟੀ ਫ਼ਰੀਦਕੋਟ, ਸ. ਗੁਰਮੀਤ ਸਿੰਘ ਚੇਅਰਮੈਨ ਮਾਰਕਿਟ ਕਮੇਟੀ ਕੋਟਕਪੂਰਾ,ਸ. ਰਮਨਦੀਪ ਸਿੰਘ ਚੇਅਰਮੈਨ ਮਾਰਕਿਟ ਕਮੇਟੀ ਸਾਦਿਕ, ਸ. ਸੁਖਵੰਤ ਸਿੰਘ ਪੱਕਾ ਪ੍ਰਧਾਨ ਯੂਥ ਵਿੰਗ,ਸ. ਮਨਪ੍ਰੀਤ ਸਿੰਘ ਧਾਲੀਵਾਲ,ਅਮਨਦੀਪ ਸਿੰਘ, ਆਦਿ ਹਾਜ਼ਰ ਸਨ।

# ਬੇਟੀ ਬਚਾਓ,ਬੇਟੀ ਪੜ੍ਹਾਓ ਮੁਹਿੰਮ ਨੂੰ ਜਾਗਰੂਕ ਕਰਨ 'ਚ ਪਿੱਛਲੇ 15 ਸਾਲਾਂ ਤੋ ਸੇਵਾਵਾਂ ਕੀਤੀਆਂ ਸਮਰਪਿਤ

ਪੰਜਾਬ ਦਾ ਖੁਲਾਸਾ

**ਅੰਮ੍ਰਿਤਸਰ 19 ਨਵੰਬਰ (ਦਿਨੇਸ਼ ਸੋਨੀ)** ਕਰੀਬ ਡੇਢ ਦਹਾਕੇ ਪਹਿਲਾ ਮੁੱਖ ਸਰਪ੍ਰਸਤ ਐਸਡੀਐਮ ਰਾਜੇਸ ਸ਼ਰਮਾ,ਚੇਅਰਮੈਨ ਹਰਦੇਸ ਸ਼ਰਮਾ,ਮਖਤੂਲ ਸਿੰਘ ਔਲਖ, ਨਿਰਵੈਰ ਸਿੰਘ ਸਰਕਾਰੀਆ ਅਤੇ ਪ੍ਰਿੰ.ਰਾਜੇਸ਼ ਪ੍ਰਭਾਕਰ,ਪ੍ਰਧਾਨ ਗੁਰਿੰਦਰ ਸਿੰਘ ਮੱਟੂ (ਪ੍ਰਸਿੱਧ ਸਮਾਜ ਸੇਵਕ ਅਤੇ ਖੇਡ ਪ੍ਰੋਮੋਟਰ) ਨੇ ਜ਼ਿਲ੍ਹੇ ਦੀਆਂ ਵਿੱਦਿਅਕ ਸੰਸਥਾਵਾਂ ਦੇ ਮੁੱਖੀਆਂ, ਖੇਡ ਪ੍ਰੇਮੀਆਂ , ਸਮਾਜ ਸੇਵਕਾ ਅਤੇ ਪ੍ਰਸਿੱਧ ਸਖਸੀਅਤਾਂ ਨੂੰ ਇੱਕ ਮੰਚ ਤੇ ਇੱਕਤਰ ਕਰਕੇ ਸਾਲ 2009 ਵਿੱਚ ਔਰਤਾਂ ਤੇ ਧੀਆਂ ਤੇ ਹੱਕ 'ਚ ਹਾਅ ਦਾ ਨਾਅਰਾ ਮਾਰ ਕੇ ਭਰੂਣ ਹੱਤਿਆ ਖਿਲਾਫ ਅਤੇ "ਬੇਟੀ ਬਚਾਓ,ਬੇਟੀ ਪੜਾਓ" ਮੁਹਿੰਮ ਦੀ ਸ਼ੁਰੂਆਤ ਕਰਕੇ ਗਠਿਤ ਕੀਤੀ ਮਾਣ ਧੀਆਂ ਤੇ ਸਮਾਜ ਭਲਾਈ ਸੁਸਾਇਟੀ (ਰਜਿ) ਅੰਮ੍ਰਿਤਸਰ ਵੱਲੋਂ ਹੋਣਹਾਰ ਬੇਟੀਆ ਅਤੇ ਉੱਭਰ ਰਹੇ ਖਿਡਾਰੀਆਂ ਨੂੰ ਇਕ ਪਲੇਟਫਾਰਮ ਦਿੱਤਾ 9

ਉਕਤ ਅਹੁਦੇਦਾਰਾਂ ਨੇ ਸਾਂਝੇ ਤੌਰ ਤੇ ਜਾਣਕਾਰੀ ਦਿੰਦਿਆਂ ਕਿਹਾ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਕਿਸੇ ਜਾਣ-ਪਛਾਣ ਦੇ ਮੁਥਾਜ ਨਹੀਂ ਹਨ ਉਹਨਾਂ ਨੇ 15 ਸਾਲ ਪਹਿਲਾ ਸਮਾਜ ਸੇਵੀ ਸੰਸਥਾ ਦੀ ਸ਼ੁਰੂਆਤ ਕੀਤੀ ਅਤੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲ ਧੀਆਂ ਦੇ ਹੱਕ ' ਚ ਸ਼ੁਰੂ ਕੀਤੀ ਬੇਟੀ ਬਚਾਓ , ਬੇਟੀ ਪੜ੍ਹਾਓ ਮੁਹਿੰਮ ਤਹਿਤ ਹਸਤਾਖਰ ਮੁਹਿੰਮ ਦੀ ਸ਼ੁਰੂਆਤ ਕੀਤੀ,ਇਸ ਮੁਹਿੰਮ ਨੇ 148 ਦੇ ਕਰੀਬ ਸਰਕਾਰੀ ਅਤੇ ਗੈਰ-ਸਰਕਾਰੀ ਸਕੂਲਾਂ/ਕਾਲਜਾਂ



ਦੇ ਇੱਕ ਲੱਖ ਛੇ ਹਜ਼ਾਰ (1,06,000) ਨੌਜਵਾਨਾਂ ਨੂੰ ਜਾਗਰੂਕ ਕਰਕੇ ਗਨਿਜ਼ ਵਰਲਡ ਬੁੱਕ ਅਤੇ ਇੰਡੀਆਂ ਬੁੱਕ ਵਿੱਚ ਨਾਂਅ ਦਰਜ ਕਰਵਾਉਣ ਤੋਂ ਇਲਾਵਾ 2015 ਅਤੇ 2017 'ਚ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਐਵਾਰਡ ਪ੍ਰਾਪਤ ਕੀਤਾ ਅਤੇ ਕਈ ਸਰਕਾਰੀ ਅਤੇ ਗੈਰ ਸਰਕਾਰੀ ਸੰਸਥਾਵਾਂ ਵੱਲੋਂ ਸਨਮਾਨ ਪ੍ਰਾਪਤ ਕੀਤੇ ਹਨ 9 ਪ੍ਰਧਾਨ ਮੱਟੂ ਨੇ ਅੱਜ ਸੰਸਥਾ ਦੇ 15 ਸਾਲ ਸਫਲਤਾਪੂਰਵਕ ਸੰਪਨ ਹੋਣ ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕੇ ਸਮੂਹ ਮੈਂਬਰਾਂ ਦੇ ਪੂਰਨ ਸਹਿਯੋਗ ਸਦਕਾ ਕੌਮੀ ਅਤੇ ਰਾਜ ਪੱਧਰੀ ਐਵਾਰਡ ਪ੍ਰਾਪਤ ਕਰਕੇ ਦਿਨ ਰਾਤ ਮਿਹਨਤ ਕੀਤੀ ਹੈ ਅਤੇ ਹਰ ਸਾਲ ਮਾਣ ਧੀਆਂ 'ਤੇ ਸੰਸਥਾ ਵੱਲੋਂ ਕਰਵਾਏ ਗਏ ਵੱਖ-ਵੱਖ ਸਮਾਰੋਹ ਦੌਰਾਨ ਕਈ ਪਦਮ ਸ੍ਰੀ, ਅਰਜੁਨਾ ਐਵਾਰਡੀ, ਦ੍ਰੋਣਾਚਾਰੀਆਂ ਐਵਾਰਡੀ, ਓਲੰਪੀਅਨ, ਮਹਾਰਾਜਾ ਰਣਜੀਤ ਸਿੰਘ ਐਵਾਰਡੀ, ਅੰਤਰਰਾਸ਼ਟਰੀ ਤੇ ਰਾਸ਼ਟਰੀ ਖਿਡਾਰਣਾ ਨੂੰ ਸਨਮਾਨਿਤ ਕੀਤਾ ਜਾ ਚੁੱਕਾ ਹੈ ਅਤੇ ਇਸ ਤੋਂ ਇਲਾਵਾ ਪੰਜਾਬ ਸਕੂਲ ਸਿੱਖਿਆ ਵਿਭਾਗ ਅਤੇ ਸੀਬੀਐਸਈ, ਆਈਸੀਐਸ ਈ ਬੋਰਡ ਅਤੇ ਪੀਐਸਈਬੀ ਵੱਲੋਂ ਲਈ ਜਾਣ ਵਾਲੀ ਸਾਲਾਨਾ ਪ੍ਰੀਖਿਆਂ (ਦਸਵੀਂ ਅਤੇ ਬਾਹਰਵੀ) ਦੀਆਂ ਟੋਪਰ ਹੋਣਹਾਰ ਵਿਦਿਆਰਥਣਾ ਨੂੰ ਮਾਣ ਧੀਆਂ ਤੋਂ ਐਵਾਰਡ ਨਾਲ ਸਨਮਾਨਿਤ ਕਰਨ ਦੀ ਪਿਰਤ ਪਾਈ ਅਤੇ ਕੌਮਾਂਤਰੀ ਮਹਿਲਾ ਦਿਵਸ,ਲੋਹੜੀ ਧੀਆਂ ਦੀ,ਬਾਲੜੀ ਦਿਵਸ, ਮਦਰ ਡੇ,ਨਵਰਾਤਰਿਆ ਦੇ ਸ਼ੁੱਭ ਅਵਸਰ ਤੇ ਧੀਆਂ ਨੂੰ ਉਚੇਚੇ ਤੌਰ ਤੇ ਸਨਮਾਨਿਤ ਦਿੱਤਾ ਜਾਂਦਾ ਹੈ ।

ਅਖੀਰ ਵਿੱਚ ਪ੍ਰਧਾਨ ਮੱਟੂ ਨੇ ਕਿਹਾ ਸਾਡੀ ਸੰਸਥਾ ਇਸ ਮਕਸਦ ਨੂੰ ਮੁੱਖ ਰੱਖ ਕੇ ਮੈਦਾਨ ਵਿਚ ਆਈ ਹੈ । ਪੰਜਾਬ ਦੇ ਹਰੇਕ ਜ਼ਿਲ੍ਹੇ ਦੇ ਨੌਜਵਾਨ ਲੜਕੇ - ਲੜਕੀਆਂ ਨੂੰ ਖੇਡਾਂ ਨਾਲ ਜੋੜਨਾ ਸਾਡਾ ਸੰਕਲਪ ਹੈ , ਜੋ ਇਕ ਦਿਨ ਜ਼ਰੂਰ ਪੂਰਾ ਹੋਵੇਗਾ।

# ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਦੇ ਜਗਰਾਉਂ ਟਰੈਫਿਕ ਪੁਲਿਸ ਨੇ ਕੀਤੇ ਚਲਾਨ

ਪੰਜਾਬ ਦਾ ਖੁਲਾਸਾ

**ਜਗਰਾਉਂ 19 ਨਵੰਬਰ ( ਜਸਵਿੰਦਰ ਸਿੰਘ ਡਾਂਗੀਆ)** ਪੁਲਿਸ ਜਿਲਾ ਲੁਧਿਆਣਾ ਦਿਹਾਤੀ ਦੇ ਐਸਐਸਪੀ ਨਵਨੀਤ ਸਿੰਘ ਬੈਂਸ ਵੱਲੋਂ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ ਸਖਤ ਕਾਰਵਾਈ ਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਇਸੇ ਦੇ ਤਹਿਤ ਡੀਐਸਪੀ ਧਰਮਿੰਦਰ ਸਿੰਘ (ਟਰੈਫਿਕ ਅਤੇ ਸਪੈਸ਼ਲ ਕ੍ਰਾਈਮ) ਅਤੇ ਉਨਾਂ ਦੀ ਪੁਲਿਸ ਪਾਰਟੀ ਦੇ ਟਰੈਫਿਕ ਇੰਚਾਰਜ ਕੁਮਾਰ ਸਿੰਘ, ਏਐਸਆਈ ਨਿਰਭੈ ਸਿੰਘ, ਏਐਸਆਈ ਸੁਖਵਿੰਦਰ ਸਿੰਘ, ਏਐਸਆਈ ਲਖਵਿੰਦਰ ਸਿੰਘ, ਟਰੈਫਿਕ ਐਜੂਕੇਸ਼ਨ ਸੈਲ ਦੇ ਇਨਚਾਰਜ ਹਰਪਾਲ ਸਿੰਘ ਅਤੇ ਪੁਲਿਸ ਬਲ ਨਾਲ ਸਿੱਧਵਾਂ ਬੇਟ ਰੋਡ ਉੱਪਰ ਨਾਕਾਬੰਦੀ ਕੀਤੀ ਗਈ। ਨਾਕਾਬੰਦੀ ਦੇ ਦੌਰਾਨ ਪੁਲਿਸ ਵੱਲੋਂ ਟ੍ਰਿਪਲ ਸਵਾਰੀ, ਹੈਲਮੈਟ, ਨੰਬਰ ਪਲੇਟ ਅਤੇ ਮੂੰਹ ਢੱਕ ਕੇ ਵਹੀਕਲ ਚਲਾਉਣ ਵਾਲਿਆਂ ਨੂੰ ਰੋਕ ਕੇ ਉਹਨਾਂ ਦੇ ਚਲਾਨ ਕੀਤੇ ਗਏ। ਇਸ ਮੌਕੇ ਪੁਲਿਸ ਨੇ ਗਲਤ ਢੰਗ ਨਾਲ ਡਰਾਈਵਿੰਗ ਕਰਨ ਵਾਲਿਆਂ ਨੂੰ ਰੋਕ ਕੇ ਉਹਨਾਂ ਨੂੰ ਟਰੈਫਿਕ ਨਿਯਮਾਂ ਦਾ ਪਾਠ ਪੜਾਇਆ। ਇਸ ਮੌਕੇ ਟਰੈਫਿਕ ਇੰਚਾਰਜ ਕੁਮਾਰ ਸਿੰਘ ਨੇ ਕਿਹਾ ਕਿ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਕੀਤੇ ਜਾ ਰਹੇ ਹਨ। ਜੋ ਵੀ ਟਰੈਫਿਕ ਨਿਯਮਾਂ ਦੀ ਉਲੰਘਣਾ ਕਰੇਗਾ ਉਸ ਨੂੰ ਕਿਸੇ ਕੀਮਤ ਤੇ ਬਖਸ਼ਿਆ ਨਹੀਂ ਜਾਵੇਗਾ।



ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਨੂੰ ਲੱਗਣਗੇ ਮੋਟੇ ਜੁਰਮਾਨੇ- ਡੀਐਸਪੀ



ਇਸ ਮੌਕੇ ਡੀਐਸਪੀ ਧਰਮਿੰਦਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਾਡੇ ਵੱਲੋਂ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ, ਟਰਿਪਲ ਸਵਾਰੀ, ਬਗੈਰ ਹੈਲਮੈਟ, ਨੰਬਰ ਪਲੇਟ ਅਤੇ ਮੂੰਹ ਸਿਰ ਢੱਕ ਕੇ ਵਹੀਕਲ ਚਲਾਉਣ ਵਾਲਿਆਂ ਦੇ ਚਲਾਨ ਕੀਤੇ ਜਾ ਰਹੇ ਹਨ। ਉਹਨਾਂ ਕਿਹਾ ਕਿ ਸਾਡੀ ਪੁਲਿਸ ਪਾਰਟੀ ਵੱਲੋਂ ਸਮੇਂ ਸਮੇਂ ਤੇ ਟਰੈਫਿਕ ਨਿਯਮਾਂ ਸਬੰਧੀ ਜਾਗਰੂਕਤਾ ਕੈਂਪ ਵੀ ਲਗਾਏ ਜਾਂਦੇ ਹਨ । ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਰੋਡ ਤੇ ਚਲਦੇ ਸਮੇਂ ਸਾਨੂੰ ਟਰੈਫਿਕ ਨਿਯਮਾਂ ਦੀ ਪਾਲਣਾ ਕਰਨੀ ਚਾਹੀਦੀ। ਸਾਨੂੰ ਆਪਣੀ ਅਤੇ ਦੂਸਰੇ ਦੀ ਜਾਨ ਦਾ ਵੀ ਖਿਆਲ ਰੱਖਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਸਾਨੂੰ ਸੜਕ ਤੇ ਚਲਦੇ ਸਮੇਂ ਹਮੇਸ਼ਾ ਅਨੁਸ਼ਾਸਨ ਵਿੱਚ ਰਹਿ ਕੇ ਹੀ ਵਹੀਕਲ ਚਲਾਉਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਜੋ ਵੀ ਟਰੈਫਿਕ ਨਿਯਮਾਂ ਦੀ ਉਲੰਘਣਾ ਕਰੇਗਾ ਉਸ ਨੂੰ ਮੋਟੇ ਜੁਰਮਾਨੇ ਕੀਤੇ ਜਾਣਗੇ।

# ਜ਼ਿਲ੍ਹਾ ਮੰਡੀ ਅਫ਼ਸਰ ਨੇ ਫਰੀਦਕੋਟ ਸਬਜੀ ਮੰਡੀ ਵਿਖੇ ਪਲਾਸਟਿਕ ਬੈਗਸ ਦੀ ਵਰਤੋਂ ਨਾ ਕਰਨ ਸਬੰਧੀ ਸਹੁੰ ਚੁਕਵਾਈ

ਪੰਜਾਬ ਦਾ ਖੁਲਾਸਾ

**ਫਰੀਦਕੋਟ 19 ਨਵੰਬਰ(ਗੁਰਦੀਪ ਸਿੰਘ ਢਿੱਲੋਂ)**- ਜਿਲ੍ਹਾ ਮੈਜਿਸਟਰੇਟ ਸ਼੍ਰੀ ਵਿਨੀਤ ਕੁਮਾਰ ਆਈ.ਏ.ਐਸ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜਿਲ੍ਹਾ ਮੰਡੀ ਬੋਰਡ ਅਫ਼ਸਰ ਪ੍ਰੀਤ ਕੰਵਰ ਸਿੰਘ ਬਰਾੜ ਨੇ ਸਬਜੀ ਮੰਡੀ ਫਰੀਦਕੋਟ ਵਿਖੇ ਖ੍ਰੀਦ ਵੇਚ ਦਾ ਕਾਰੋਬਾਰ ਕਰ ਰਹੇ ਵਿਅਕਤੀਆਂ ਨੂੰ ਇਕ ਵਾਰ ਵਰਤੋਂ ਵਿੱਚ ਆਉਣ ਵਾਲੇ ਪਲਾਸਟਿਕ ਬੈਗਸ ਦੀ ਵਰਤੋਂ ਨਾ ਕਰਨ ਸਬੰਧੀ ਸਹੁੰ ਚੁਕਵਾਈ ਗਈ ।

ਉਨ੍ਹਾਂ ਦੱਸਿਆ ਕਿ ਜਿਥੋਂ ਤੱਕ ਪਲਾਸਟਿਕ ਕੈਰੀ ਬੈਗ ਬਣਾਉਣ ਵਾਲਿਆਂ ਖਿਲਾਫ ਕਾਰਵਾਈ ਕਰਨ ਦਾ ਸਵਾਲ ਹੈ, ਉਸ ਦਾ ਅਧਿਕਾਰ ਪੀ. ਪੀ. ਸੀ. ਬੀ. ਕੋਲ ਹੈ ਅਤੇ ਜੇਕਰ ਬਣਾਉਣ ਦਾ ਕੰਮ ਬੰਦ ਹੋ ਜਾਵੇ ਤਾਂ ਪਲਾਸਟਿਕ ਕੈਰੀ ਬੈਗ ਵੇਚਣ ਤੋਂ ਲੈ ਕੇ ਇਸਤੇਮਾਲ ਕਰਨ 'ਤੇ ਰੋਕ ਲੱਗ ਜਾਵੇਗੀ। ਇਸ ਮੌਕੇ ਉਨ੍ਹਾਂ ਨੇ ਵਾਤਾਵਰਨ ਨੂੰ ਪਲਾਸਟਿਕ ਦੀ ਵਰਤੋਂ ਤੋ ਹੋਣ ਵਾਲੇ ਨੁਕਸਾਨ ਸੰਬੰਧੀ ਜਾਣੂ ਕਰਵਾਇਆ ਗਿਆ। ਇਸ ਤੋਂ ਪਹਿਲਾਂ ਵਿਧਾਨ ਸਭਾ ਕਮੇਟੀ ਵੱਲੋਂ ਸਬਜ਼ੀ ਮੰਡੀ ਹੋ ਰਹੀ ਪਲਾਸਟਿਕ ਕੈਰੀ ਬੈਗ ਦੀ ਵਿਕਰੀ ਰੋਕਣ ਲਈ ਮੰਡੀਆਂ ਉਚੇਚੇ ਪ੍ਰਬੰਧ ਕੀਤੇ ਜਾ ਰਹੇ ਹਨ।

ਇਸ ਕਾਰਵਾਈ ਦੌਰਾਨ ਨਗਰ ਨਿਗਮ ਵੱਲੋਂ ਪੀ. ਪੀ. ਸੀ. ਬੀ. ਅਤੇ ਮਾਰਕੀਟ ਕਮੇਟੀ ਨੂੰ ਸਹਿਯੋਗ ਦਿੱਤਾ ਜਾਵੇਗਾ। ਇਸ ਸਹੁੰ ਚੁੱਕ ਰਸਮ ਦੌਰਾਨ ਸਬਜੀ ਮੰਡੀ ਆੜ੍ਹਤੀਆਂ ਐਸੋਸੀਏਸ਼ਨ ਦੇ ਪ੍ਰਧਾਨ, ਮੈਂਬਰ ਅਤੇ ਸਮੂਹ ਫੜ੍ਹੀ ਵਿਕਰੇਤਾ ਮਾਰਕਿਟ ਕਮੇਟੀ ਫਰੀਦਕੋਟ ਦੇ ਮੰਡੀ ਸੁਪਰਵਾਈਜ਼ਰ ਸ਼੍ਰੀ ਮਨਤੇਜ਼ ਸਿੰਘ ਸ਼ਾਮਲ ਸਨ।

# ਕਵੀ ਦਰਬਾਰ ਕਰਵਾਇਆ ਗਿਆ

ਪੰਜਾਬ ਦਾ ਖੁਲਾਸਾ

**ਫਗਵਾੜਾ 19 ਨਵੰਬਰ (ਪ੍ਰੀਤ ਕੌਰ ਪ੍ਰੀਤੀ )**ਸਭਾ ਦੇ ਪ੍ਰਧਾਨ ਹਰਭਜਨ ਸਿੰਘ ਨਾਹਲ ਨੇ ਪ੍ਰੋਗਰਾਮ ਦੀ ਰਸਮੀ ਤੌਰ 'ਤੇ ਸ਼ੁਰੂਆਤ ਕੀਤੀ, ਉਨ੍ਹਾਂ ਨੇ ਪ੍ਰਧਾਨਗੀ ਮੰਡਲ ਅਤੇ ਆਏ ਹੋਏ ਕਵੀਆਂ/ਲੇਖਕਾਂ ਦਾ ਸਵਾਗਤ ਅਤੇ ਧੰਨਵਾਦ ਕੀਤਾ। ਪ੍ਰਧਾਨਗੀ ਮੰਡਲ 'ਚ ਮੈਡਮ ਪਰਵੀਨ ਅਬਰੋਲ, ਮੈਡਮ ਗੁਰਬਚਨ ਕੌਰ ਦੁਆ, ਸੁਰਜੀਤ ਸਿੰਘ ਸਸਤਾ ਆਈਰਨ, ਮੈਡਮ ਸਾਹਿਬਾ ਜੀਟਨ ਕੌਰ ਬਾਂਸਲ ਨੇ ਹਾਜ਼ਰੀ ਲਗਵਾਈ। ਹਰ ਵਾਰ ਦੀ ਤਰ੍ਹਾਂ ਕਵੀ ਦਰਬਾਰ ਕਰਾਇਆ ਗਿਆ ਜਿਸ ਵਿਚ ਉੱਘੇ ਕਵੀਆਂ ਨੇ ਆਪਣੀਆਂ ਉਮਦਾ ਰਚਨਾਵਾਂ ਰਾਹੀਂ ਸਰੋਤਿਆਂ ਨਾਲ ਸਾਂਝ ਪਾਈ। ਇਸ ਵਾਰ ਦੇ ਕਵੀ ਦਰਬਾਰ ਦਾ ਵਿਸ਼ਾ 'ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ' ਨੂੰ ਸਮਰਪਿਤ ਸੀ। ਪ੍ਰਧਾਨਗੀ ਮੰਡਲ ਵਿੱਚ ਸ਼ਾਮਿਲ ਸਾਰੇ ਮਹਿਮਾਨਾਂ ਨੇ ਵੀ ਆਪਣੇ-ਆਪਣੇ ਕੀਮਤੀ ਵਿਚਾਰਾਂ ਦੀ ਸਾਂਝ ਪਾਈ। ਇਸ ਪ੍ਰੋਗਰਾਮ ਵਿੱਚ ਮਹਿੰਦਰ ਸਿੰਘ ਅਨੇਜਾ, ਹਰਭਜਨ ਸਿੰਘ




ਨਾਹਲ, ਮਨੋਜ ਫਗਵਾੜਵੀ, ਲਾਲੀ ਕਰਤਾਰਪੁਰੀ, ਦਲਜੀਤ ਮਹਿਮੀ ਕਰਤਾਰਪੁਰ, ਸੁਖਦੇਵ ਸਿੰਘ ਗੰਢਵਾਂ, ਹਰਬੰਸ ਸਿੰਘ ਕਲਸੀ, ਉਰਮਲਜੀਤ ਸਿੰਘ ਵਾਲੀਆ, ਹਰਜਿੰਦਰ ਸਿੰਘ ਜਿੰਦੀ, ਅਮਰ ਸਿੰਘ ਅਮਰ, ਗੁਰਦੀਪ ਸਿੰਘ ਉਜਾਲਾ, ਅਵਤਾਰ ਸਿੰਘ ਬੈਂਸ, ਅੰਮ੍ਰਿਤਪਾਲ ਸਿੰਘ ਹਾਮੀ, ਸੁਰਜੀਤ ਸਿੰਘ ਸਸਤਾ ਆਇਰਨ, ਤਰਸੇਮ ਜਲੰਧਰੀ, ਪ੍ਰਵੀਨ ਅਬਰੋਲ, ਕੇ. ਕੇ, ਐਸ.ਐਸ. ਸੰਧੂ, ਗੁਰਬਚਨ ਕੌਰ ਦੁਆ ਅਤੇ ਸਾਹਿਬਾ ਜੀਟਨ ਕੌਰ ਬਾਂਸਲ ਸ਼ਾਮਿਲ ਹੋਏ।

ਇਸ ਦੇ ਨਾਲ ਹੀ ਸਭਾ ਦੇ ਉਪ ਪ੍ਰਧਾਨ ਸੁਰਜੀਤ ਸਿੰਘ ਸਸਤਾ ਆਇਰਨ ਨੇ ਵੀ ਆਏ ਹੋਏ ਸਾਰੇ ਮਹਿਮਾਨਾਂ ਦਾ ਸਵਾਗਤ ਅਤੇ ਧੰਨਵਾਦ ਵੀ ਕੀਤਾ।ਸਟੇਜ ਸਕੱਤਰ ਦੀ ਸੇਵਾ ਮਾਸਟਰ ਮਹਿੰਦਰ ਸਿੰਘ ਅਨੇਜਾ ਨੇ ਬਾਖ਼ੂਬੀ ਨਿਭਾਈ।

# ਵਿਵੇਕ ਚੈਰੀਟੇਬਲ ਅੱਖਾਂ ਦਾ ਹਸਪਤਾਲ ਜਲਾਲ ਵਿਖੇ ਗੁਰਪੁਰਬ ਨੂੰ ਸਮਰਪਿਤ ਅੱਖਾਂ ਦਾ 252 ਵਾਂ ਮੁਫ਼ਤ ਲੈਂਜ ਕੈਂਪ 23 ਨਵੰਬਰ ਨੂੰ

ਪੰਜਾਬ ਦਾ ਖੁਲਾਸਾ

**ਭਗਤਾ ਭਾਈਕਾ19 ਨਵੰਬਰ (ਅਵਤਾਰ ਸਿੰਘ ਮੱਲਾ)** ਸਥਾਨਕ ਸ਼ਹਿਰ ਦੇ ਨੇੜਲੇ ਪਿੰਡ ਜਲਾਲ ਵਿਖੇ ਬ੍ਰਹਮਲੀਨ ਸੰਤ ਬਾਬਾ ਕਰਨੈਲ ਦਾਸ ਜੀ ਦੇ ਅਸ਼ੀਰਵਾਦ ਨਾਲ ਮੌਜੂਦਾ ਗੱਦੀ ਨਸ਼ੀਨ ਸ਼੍ਰੀ ਮਾਨ ਸੁਆਮੀ ਬ੍ਰਹਮਮੁਨੀ ਜੀ ਦੀ ਅਗਵਾਈ ਹੇਠ ਅਤੇ ਸੰਸਥਾ ਦੇ ਮੁੱਖ ਪ੍ਰਬੰਧਕ ਸ੍ਰੀ ਮਾਨ ਬਾਬਾ ਗੰਗਾ ਰਾਮ ਜੀ ਦੇ ਯਤਨਾਂ ਸਦਕਾ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ 252 ਵਾਂ ਅੱਖਾਂ ਦਾ ਮੁਫਤ ਲੈਂਜ ਕੈਂਪ ਵਿਵੇਕ ਚੈਰੀਟੇਬਲ ਅੱਖਾਂ ਦਾ ਹਸਪਤਾਲ ਜਲਾਲ (ਬਠਿੰਡਾ) ਜੋ ਕਿ ਗੁਰੂਸਰ ਬਸ ਸਟੈਂਡ ਉੱਪਰ ਸਥਿਤ ਹੈ । 23 ਨਵੰਬਰ ਦਿਨ ਸਨਿੱਚਰਵਾਰ ਨੂੰ ਲਗਾਇਆ ਜਾ ਰਿਹਾ ਹੈ ਇਸ ਮੌਕੇ ਬਾਬਾ ਗੰਗਾ ਰਾਮ ਜੀ ਨੇ ਜਾਣਕਾਰੀ ਦਿੰਦੇ ਹੋਏ ਦਸਿਆ ਕਿ ਉੱਚ ਕੋਟੀ ਦੇ ਡਾਕਟਰ ਰਵੀਕਾਂਤ ਬਮੋਤਰਾ ਐਮ ਐਸ ਆਈ ਸਰਜਨ , ਡਾ ਮਿਨਾਕਸ਼ੀ ਸਿੰਧੂ ਐਮ ਐਸ ਆਈ ਸਰਜਨ , ਡਾ ਸੁਪ੍ਰੀਤ ਕੌਰ ਵੱਲੋਂ ਮਰੀਜਾ ਦਾ ਚੈੱਕ ਅੱਪ ਕਰਕੇ ਮੁਫਤ ਦਵਾਈਆਂ ਦਿਤੀਆਂ ਜਾਣਗੀਆਂ ਅਤੇ ਆਪ੍ਰੇਸ਼ਨ ਯੋਗ ਮਰੀਜਾਂ ਦੇ ਮੁਫਤ ਲੈਂਜ ਪਾਏ ਜਾਣਗੇ ਅਤੇ ਬੇਨਤੀ ਕੀਤੀ ਮਰੀਜ ਇਸ਼ਨਾਨ ਕਰਕੇ ਸਾਫ ਕੱਪੜੇ ਪਾ ਕੇ ਆਉਣ ਅਤੇ ਆਪਣੇ ਨਾਲ ਇੱਕ ਹੀ ਵਾਰਸ ਲੈ ਕੇ ਆਉਣ ਚੈੱਕਅੱਪ ਕਰਵਾਉਣ ਵਾਲੇ ਮਰੀਜ ਆਪਣੇ ਨਾਲ ਵੋਟ ਕਾਰਡ, ਪੈਨ ਕਾਰਡ ਅਤੇ ਅਧਾਰ ਕਾਰਡ ਦੀ ਫੋਟੋ ਸਟੈਟ ਕਾਪੀ ਅਤੇ ਘਰ ਦਾ ਫੋਨ ਨੰਬਰ ਨਾਲ ਜਰੂਰ ਲਿਖਵਾ ਕੇ ਲਿਆਉਣ ।ਬਾਬਾ ਗੰਗਾ ਰਾਮ ਜੀ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਸ਼ੂਗਰ ਅਤੇ ਦਿਲ ਦੇ ਮਰੀਜਾ ਦੇ ਅਪ੍ਰੇਸ਼ਨ ਨਹੀ ਕੀਤੇ ਜਾਣਗੇ ਮਰੀਜਾਂ ਤੇ ਵਾਰਸਾਂ ਦੇ ਲਈ ਠਹਿਰਣ ਅਤੇ ਲੰਗਰ ਦਾ ਅਤੁੱਟ ਪ੍ਰਬੰਧ ਕੀਤਾ ਜਾਵੇਗਾ । ਇਸ ਮੌਕੇ ਸਤੀਸ਼ ਕੁਮਾਰ ਸ਼ਰਮਾਂ ਕਲਿਆਣ ਵਾਲੇ ਕੇਵਲ ਸਿੰਘ ਭੰਡਾਰੀ ਡਾ ਬੀਰਭਾਨ ਜਲਾਲ ਜਸਵਿੰਦਰ ਸਿੰਘ ਪੱਪੂ ਕਲਰਕ ਅਤੇ ਸਮੁੱਚਾ ਸਟਾਫ ਹਾਜਰ ਸਨ।



# ਅਨੰਨਿਆ, ਰੌਕਸੀ, ਤੇ ਹੇਜ਼ਲ ਨੇ ਰਾਸ਼ਟਰ ਪੱਧਰੀ ਵਿਗਆਨ ਮੇਲੇ ਵਿੱਚ ਮਾਰੀਆਂ ਮੱਲਾਂ

ਪੰਜਾਬ ਦਾ ਖੁਲਾਸਾ

**ਭੀਖੀ,19 ਨਵੰਬਰ ( ਕਮਲ ਜਿੰਦਲ )**- ਅਖਿਲ ਭਾਰਤੀ ਸਿੱਖਿਆ ਸੰਸਥਾ ਦੁਆਰਾ 12 ਨਵੰਬਰ ਤੋਂ 15 ਨਵੰਬਰ ਤੱਕ ਜੈਪੁਰ (ਰਾਜਸਥਾਨ) ਵਿੱਚ ਆਯੋਜਿਤ ਰਾਸ਼ਟਰ ਪੱਧਰੀ ਵਿਗਆਨ ਮੇਲੇ ਵਿੱਚ ਸਰਵਹਿੱਤਕਾਰੀ ਵਿੱਦਿਆ ਮੰਦਰ ਭੀਖੀ ਦੇ ਵਿਦਆਰਥੀਆਂ ਦਾ ਪ੍ਰਦਰਸ਼ਨ ਪ੍ਰਸੰਸਾਯੋਗ ਰਿਹਾ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਸਕੂਲ ਪ੍ਰਿੰਸੀਪਲ ਡਾ.ਗਗਨਦੀਪ ਪਰਾਸ਼ਰ ਨੇ ਦੱਸਿਆ ਕਿ ਸਾਡੇ ਲਈ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਰਾਸ਼ਟਰ ਪੱਧਰ ਉੱਤੇ ਆਯੋਜਿਤ ਵਿਗਆਨ ਮੇਲੇ ਵਿੱਚ ਪ੍ਰਸ਼ਨ ਮੰਚ ਮੁਕਾਬਲਿਆਂ ਵਿੱਚ ਕਿਸ਼ੋਰ ਵਰਗ ਦੀ ਟੀਮ ਦੀਆਂ ਵਿਦਆਰਥਣਾਂ ਅਨੰਨਿਆ, ਰੌਕਸੀ, ਅਤੇ ਹੇਜ਼ਲ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਅਧਿਆਪਕਾਂ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਹੈ ਇਹ ਵੀ ਬੜੇ ਮਾਣ ਵਾਲੀ ਗੱਲ ਹੈ ਕਿ ਸਕੂਲ ਦੀ ਕਿਸ਼ੋਰ ਵਰਗ ਦੀ ਇਸ ਟੀਮ ਨੇ ਤੀਜੀ ਵਾਰ ਰਾਸ਼ਟਰੀ ਪੱਧਰ ਉੱਤੇ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਵਿਗਆਨ ਵਿਸ਼ੇ ਵਿੱਚ ਕਿਸ਼ੋਰ ਵਰਗ ਦੀ ਵਿਦਆਰਥਣ ਦਿਵਆ ਨੇ ਤੀਜਾ ਸਥਾਨ ਪ੍ਰਾਪਤ ਕੀਤਾ ਅਤੇ ਤਰੁਣ ਵਰਗ ਵਿੱਚ ਮਨਿੰਦਰ ਸਿੰਘ ਨੇ ਵੀ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਹਨਾਂ ਵਿਦਆਰਥੀਆਂ ਨੂੰ ਸ਼ਾਨਦਾਰ ਸਫਲਤਾ ਉੱਤੇ ਸਕੂਲ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਅਤੇ ਸਕੂਲ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਵੱਲੋਂ ਸਵੇਰ ਦੀ ਸਭਾ ਵਿੱਚ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਪ੍ਰਿੰਸੀਪਲ ਡਾ.ਗਗਨਦੀਪ ਪਰਾਸ਼ਰ ਨੇ ਇਹਨਾਂ ਬੱਚਿਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਅਜੋਕੇ ਸਮੇਂ ਦੇ ਹਾਣੀ ਬਣਨ ਲਈ ਸਾਰੇ ਵਿਦਆਰਥੀਆਂ ਨੂੰ ਅਜਿਹੇ ਵਿਗਆਨ ਮੇਲਿਆਂ ਵਿੱਚ ਭਾਗ ਲੈਣਾ ਚਾਹੀਦਾ ਹੈ ਕਿਉਂਕਿ ਅਜਿਹੇ ਮੁਕਾਬਲਿਆਂ ਵਿੱਚ ਭਾਗ ਲੈ ਕੇ ਵਿਦਆਰਥੀਆਂ ਦੀ ਤਰਕ ਅਤੇ ਚਿੰਤਨ ਸ਼ਕਤੀ ਦਾ ਵਿਕਾਸ ਹੁੰਦਾ ਹੈ। ਜਿਸ ਸਦਕਾ ਵਿਅਕਤੀ ਰਾਸ਼ਟਰ ਅਤੇ ਸਮਾਜ ਦੀ ਉੱਨਤੀ ਵਿੱਚ ਅਹਿਮ ਯੋਗਦਾਨ ਦੇ ਸਕਦਾ ਹੈ ਅਜਿਹੇ ਮੁਕਾਬਲੇ ਹੀ ਸਾਨੂੰ ਵਿਗਆਨਿਕ ਸੋਚ ਦੇ ਧਾਰਨੀ ਬਣਾਉਂਦੇ ਹਨ,ਜੋ ਕਿ ਮਨੁੱਖੀ ਵਿਕਾਸ ਲਈ ਜਰੂਰੀ ਹੈ





# ਪਿੰਡ ਨਾਥਪੁਰਾ ਵਿਖੇ ਬੀਕਯੂ ਪਿੰਡ ਇਕਾਈ ਦੀ ਚੋਣ, ਬੂਟਾ ਸਿੰਘ ਬਣੇ ਪ੍ਰਧਾਨ

ਪੰਜਾਬ ਦਾ ਖੁਲਾਸਾ

**ਬਠਿੰਡਾ,19 ਨਵੰਬਰ (ਰਾਮ ਸਿੰਘ ਕਲਿਆਣ)**– ਬੀਕੇਯੂ ਡਕੌਂਦਾ ਦੀ ਪਿੰਡ ਇਕਾਈ ਨਾਥਪੁਰਾ ਵਿਖੇ ਨਵੀਂ ਕਮੇਟੀ ਦੀ ਚੋਣ ਕੀਤੀ ਗਈ । ਇਹ ਚੋਣ ਬੂਟਾ ਸਿੰਘ ਤੁੰਗਵਾਲੀ ਬਲਾਕ ਪ੍ਰਧਾਨ ਨਥਾਣਾ ਅਤੇ ਗੁਰਦਾਸ ਸਿੰਘ ਸੇਮਾ ਬਲਾਕ ਜਨਰਲ ਸਕੱਤਰ ਦੀ ਅਗਵਾਈ ਹੇਠ ਹੋਈ।

ਜਿਸ ਵਿਚ ਬੂਟਾ ਸਿੰਘ ਜੀ ਨੂੰ ਇਕਾਈ ਪਿੰਡ ਨਾਥਪੁਰਾ ਦਾ ਸਰਬ ਸੰਮਤੀ ਨਾਲ ਪ੍ਰਧਾਨ ਚੁਣਿਆ ਗਿਆ , ਕੁਲਵੰਤ ਸਿੰਘ ਗਰੇਵਾਲ ਜਨਰਲ ਸਕੱਤਰ, ਬਲਵੀਰ ਸਿੰਘ ਖ਼ਾਲਸਾ (ਮੀਤ ਪ੍ਰਧਾਨ, ਤੇਜਿੰਦਰ ਸਿੰਘ ਪ੍ਰੈਸ ਸਕੱਤਰ,ਮਨੋਜ ਕੁਮਾਰ ਕੈਸ਼ੀਅਰ, ਜਗਸੀਰ ਸਿੰਘ ਸੀਨੀਅਰ ਮੀਤ ਪ੍ਰਧਾਨ, ਬਲਵੀਰ ਸਿੰਘ ਸਹਾਇਕ ਕੈਸ਼ੀਅਰ ਚੁਣਿਆ ਗਿਆ। ਚੁਣੀ ਹੋਈ ਪਿੰਡ ਇਕਾਈ ਨੂੰ ਬੂਟਾ ਸਿੰਘ ਤੁੰਗਵਾਲੀ ਬਲਾਕ ਪ੍ਰਧਾਨ ਅਤੇ ਗੁਰਦਾਸ ਸੇਮਾਂ ਬਲਾਕ ਜਨਰਲ ਸਕੱਤਰ ਵੱਲੋਂ ਵਧਾਈ ਦਿੱਤੀ ਗਈ।

# ਸ੍ਰੀ ਅਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ ਦੇ ਤਿੰਨ ਰੋਜਾ 68ਵੀ ਵਿਸ਼ਵ ਸਿੱਖ ਵਿੱਦਿਅਕ ਕਾਨਫਰੰਸ 21 ਤੋਂ

## ਪਹਿਲੇ ਦਿਨ ਹੋਣ ਵਾਲੇ ਮਹਾਨ ਅਲੌਕਿਕ ਗੁਰਮਤਿ ਸਮਾਗਮ ਵਿੱਚ ਪਹੁੰਚਣਗੇ ਪੰਥ ਦੇ ਨਾਮੀ ਕੀਰਤਨ ਜਥੇ - ਡਾਕਟਰ ਨਿੱਝਰ

ਪੰਜਾਬ ਦਾ ਖੁਲਾਸਾ

**ਸ੍ਰੀ ਅਨੰਦਪੁਰ ਸਾਹਿਬ 19 ਨਵੰਬਰ (ਕੰਵਲ ਜੋਤ ਸਿੰਘ)**- ਖਾਲਸਾ ਪੰਥ ਦੀ ਜਨਮ ਭੂਮੀ ਅਤੇ ਪਵਿੱਤਰ ਨਗਰੀ ਸ੍ਰੀ ਆਨੰਦਪੁਰ ਸਾਹਿਬ ਦੇ ਐਸ ਜੀ ਐਸ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਚੀਫ ਖਾਲਸਾ ਦੀਵਾਨ ਵੱਲੋਂ 21 ਤੋਂ 23 ਨਵੰਬਰ ਤੱਕ ਤਿੰਨ ਰੋਜਾ 68ਵੀਂ ਵਿਸ਼ਵ ਸਿੱਖ ਵਿਦਿਅੱਕ ਕਾਂਨਫਰੰਸ ਕਰਵਾਈ ਜਾ ਰਹੀ ਹੈ। ਜਿਸ ਲਈ ਸਾਰੇ ਪ੍ਰਬੰਧ ਮੁਕੰਮਲ ਕੀਤੇ ਜਾ ਚੁੱਕੇ ਹਨ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਚੀਫ ਖਾਲਸਾ ਦੀਵਾਨ ਸੁਸਾਇਟੀ ਦੇ ਪ੍ਰਧਾਨ ਅਤੇ ਸਾਬਕਾ ਕੈਬਨਟ ਮੰਤਰੀ ਡਾਕਟਰ ਇੰਦਰਵੀਰ ਸਿੰਘ ਨਿੱਝਰ ਨੇ ਕੀਤਾ। ਡਾਕਟਰ ਨਿੱਝਰ ਨੇ ਅੱਗੇ ਦੱਸਿਆ ਕਿ ਪੰਜਾਬੀ ਭਾਸ਼ਾ ਨੂੰ ਸਮਰਪਿਤ ਇਸ ਕਾਨਫਰੰਸ ਦਾ ਆਗਾਜ਼ 21 ਨਵੰਬਰ ਨੂੰ ਸਵੇਰੇ 7.30 ਵਜੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਅਤੇ ਅਰਦਾਸ ਕਰਨ ਉਪਰੰਤ ਹੋਵੇਗਾ। ਜਿਸ ਤੋਂ ਬਾਅਦ ਜੁਗੋ ਜੁਗ ਅਟੱਲ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਇਕ ਵਿਸ਼ਾਲ ਨਗਰ ਕੀਰਤਨ ਕੱਢਿਆ ਜਾਵੇਗਾ। ਜੋ ਕਿ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਤੋਂ 9.30 ਵਜੇ ਸਵੇਰੇ ਸ਼ੁਰੂ ਹੋ ਕੇ ਸ਼ਹਿਰ ਦੀਆਂ ਵੱਖ-ਵੱਖ ਥਾਵਾਂ ਤੋਂ ਹੁੰਦਾ ਹੋਇਆ ਖਾਲਸਾ ਸਕੂਲ ਵਿਖੇ ਸਮਾਪਤ ਹੋਵੇਗਾ। ਡਾਕਟਰ ਨਿੱਝਰ ਨੇ ਅੱਗੇ ਦੱਸਿਆ ਕਿ ਦੁਪਹਿਰ 2 ਵਜੇ ਨੁਮਾਇਸ਼ਾਂ ਦਾ ਉਦਘਾਟਨ ਅਤੇ ਉਹਨਾਂ ਦੀ ਪ੍ਰਦਰਸ਼ਨੀ ਹੋਵੇਗੀ ।ਉਪਰੰਤ ਬੈਂਡ ਅਤੇ ਗਤਕਾ ਟੀਮਾਂ ਵੱਲੋਂ ਆਪਣਾ ਪ੍ਰਦਰਸ਼ਨ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਇਸੇ ਦਿਨ ਸ਼ਾਮੀ 6 ਵਜੇ ਤੋਂ ਸਕੂਲ ਕੈਂਪਸ ਵਿਖੇ ਇੱਕ ਮਹਾਨ ਅਲੌਕਿਕ ਕੀਰਤਨ ਦਰਬਾਰ ਹੋਵੇਗਾ ।ਜਿਸ ਵਿੱਚ ਕਾਨਫਰੰਸ ਦੀ ਪ੍ਰਧਾਨਗੀ ਕਰਨ ਵਾਲੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਵੀਰ ਸਿੰਘ, ਤਖਤ ਸ਼੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਅਤੇ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਨਗੇ ।ਜਦੋਂ ਕਿ ਪੰਥ ਦੇ ਨਾਮੀ ਕੀਰਤਨ ਜਥੇ ਭਾਈ ਬਲਵਿੰਦਰ ਸਿੰਘ ਰੰਗੀਲਾ, ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੁਰਿੰਦਰ ਸਿੰਘ, ਹਜ਼ੂਰੀ ਰਾਗੀ ਭਾਈ ਹਰਜੋਤ ਸਿੰਘ ਜਖਮੀ, ਬੀਬੀ ਪ੍ਰਭਜੋਤ ਕੌਰ, ਆਦਿ ਦੇ ਜਥੇ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਜੋੜਨਗੇ। ਡਾਕਟਰ ਨਿੱਝਰ ਨੇ ਅੱਗੇ ਦੱਸਿਆ ਕਿ ਦੂਜੇ ਦਿਨ 22 ਨਵੰਬਰ ਨੂੰ ਸਵੇਰੇ 9 ਵਜੇ ਤੋਂ ਸੈਮੀਨਾਰਾਂ ਦੀ ਸ਼ੁਰੂਆਤ ਹੋ ਜਾਵੇਗੀ ਜੋ ਕਿ ਸ਼ਾਮੀ 8 ਵਜੇ ਤੱਕ ਚੱਲੇਗੀ ! ਇਹਨਾਂ ਸੈਮੀਨਾਰਾਂ ਵਿੱਚ ਪੰਜਾਬੀ ਭਾਸ਼ਾ ਦਾ ਇਤਿਹਾਸ ਵਰਤਮਾਨ ਅਤੇ ਭਵਿੱਖ, ਸਿੱਖਿਆ ਪ੍ਰਣਾਲੀਆਂ ਅਤੇ ਪ੍ਰਬੰਧਕੀ ਸੰਸਥਾਵਾਂ ਦੀ ਭੂਮਿਕਾ, ਨਵੀਨ ਖੇਤੀ ਦੀਆਂ ਸੰਭਾਵਨਾ ਅਤੇ ਵਾਤਾਵਰਣ ਸੰਭਾਲ, ਪੰਜਾਬ ਦੇ ਵਿਦਿਆਰਥੀਆਂ ਲਈ ਉਦਯੋਗ ਵਿੱਚ ਰੁਜ਼ਗਾਰ ਦੀਆਂ ਸੰਭਾਵਨਾਵਾਂ, ਅਜੋਕੇ ਸਮੇਂ ਵਿੱਚ ਪੱਤਰਕਾਰਤਾ ਦੀ ਭੂਮਿਕਾ ਸਮੇਤ ਕਈ ਚਲੰਤ ਵਿਸ਼ਿਆਂ ਨੂੰ ਸ਼ਾਮਿਲ ਕੀਤਾ ਗਿਆ ਹੈ। ਜੋ ਕਿ ਪੰਜਾਬ ਦੀ ਤਰੱਕੀ ਲਈ ਚੁਣੌਤੀ ਅਤੇ ਜਰੂਰੀ ਬਣੇ ਹੋਏ ਹਨ। ਦੂਜੇ ਦਿਨ ਦੇ ਅੰਤ ਵਿੱਚ ਰੋਸ਼ਨੀ ਅਤੇ ਆਵਾਜ਼ ਤੇ ਆਧਾਰਤ ਨਾਟਕ ' ਸਾਹਨੀ ਸੱਚ ਕਹਿੰਦਾ ਸੀ. ..ਕਿਉਂ ਹੋਈ ਫਰਿਆਦੀ ਮਾਂ ਬੋਲੀ" ਵੀ ਵਿਖਾਇਆ ਜਾਵੇਗਾ। ਜਿਸਨੂੰ ਸੰਗਤ ਨੂੰ ਜ਼ਰੂਰ ਵੇਖਣਾ ਚਾਹੀਦਾ ਹੈ ਕਿਉਂਕਿ ਸੰਗਤ ਦੀ ਜਾਗਰੂਕਤਾ ਨਾਲ ਹੀ ਪੰਜਾਬੀ ਮਾਂ ਬੋਲੀ ਦੀ ਹੋਂਦ ਨੂੰ ਕਾਇਮ ਰੱਖਿਆ ਜਾ ਸਕਦਾ ਹੈ। ਡਾਕਟਰ ਨਿੱਝਰ ਨੇ ਅੱਗੇ ਦੱਸਿਆ ਕਿ ਤੀਜੇ ਦਿਨ 23 ਨਵੰਬਰ ਨੂੰ ਹੋਣ ਵਾਲੇ ਸਮਾਗਮ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਅਤੇ ਸਵਾਗਤੀ ਕਮੇਟੀ ਦੇ ਚੇਅਰਮੈਨ ਕੁਲਤਾਰ ਸਿੰਘ ਸੰਧਵਾਂ ਵਿਸ਼ੇਸ਼ ਤੌਰ ਤੇ ਪਹੁੰਚਣਗੇ।ਜੋ ਤੀਜੇ ਦਿਨ ਦੇ ਸਮਾਗਮ ਦੀ ਸ਼ੁਰੂਆਤ ਵੀ ਕਰਨਗੇ।ਇਸ ਤੋਂ ਇਲਾਵਾ ਸਮਾਗਮ ਵਿੱਚ ਪਹੁੰਚਣ ਵਾਲੀਆਂ ਸਮਾਜ ਦੇ ਰਾਜਸੀ, ਧਾਰਮਿਕ, ਸਮਾਜਿਕ ਸਮੇਤ ਵੱਖ-ਵੱਖ ਖੇਤਰਾਂ ਨਾਲ ਸੰਬੰਧਿਤ ਨਾਮਣਾ ਖੱਟਣ ਵਾਲੀਆਂ ਸ਼ਖਸੀਅਤਾਂ ਵੱਲੋਂ ਵੀ ਆਪਣੇ ਵਿਚਾਰ ਪੇਸ਼ ਕੀਤੇ ਜਾਣਗੇ ।ਜਦੋਂ ਕਿ ਇਸ ਸਮਾਗਮ ਵਿੱਚ ਸੰਤ ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ ,ਸੰਤ ਬਾਬਾ ਸੇਵਾ ਸਿੰਘ ਖਡੂਰ ਸਾਹਿਬ, ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਖਾਲਸਾ, ਬਾਬਾ ਦਿਲਜੀਤ ਸਿੰਘ ਸ਼ਿਕਾਗੋ, ਸੰਤ ਬਾਬਾ ਸੁੱਚਾ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ ਅਤੇ ਸੰਤ ਬਾਬਾ ਸਤਨਾਮ ਸਿੰਘ ਆਦਿ ਸੰਤ ਮਹਾਂਪੁਰਸ਼ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਣਗੇ। ਅੰਤਿਮ ਦਿਨ ਚੀਫ ਖਾਲਸਾ ਦੀਵਾਨ ਦੇ ਸ਼ਾਨਾ ਮੱਤੇ ਇਤਿਹਾਸ ਦੀ ਗਾਥਾ ਅਤੇ ਪ੍ਰਾਪਤੀਆਂ ਨੂੰ ਦਰਸਾਉਂਦਾ ਇੱਕ ਸੋਵਿਨਰ ਵੀ ਰਿਲੀਜ਼ ਕੀਤਾ ਜਾਵੇਗਾ। ਉਹਨਾਂ ਇਲਾਕਾ ਵਾਸੀਆਂ ਅਤੇ ਦੇਸ਼ਾਂ ਵਿਦੇਸ਼ਾਂ ਵਿੱਚ ਬੈਠੀ ਸੰਗਤ ਨੂੰ ਹੁਮ ਹੁਮਾ ਕੇ ਇਸ ਕਾਨਫਰੰਸ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਹੈ।



**ਪੰਜਾਬੀ ਭਾਸ਼ਾ ਦੇ ਵਿਕਾਸ ਨੂੰ ਸਮਰਪਿਤ ਹੋਵੇਗੀ ਕਾਨਫਰੰਸ, ਕਿਹਾ ਸੈਮੀਨਾਰ ਅਤੇ ਪ੍ਰਦਰਸ਼ਨੀਆਂ ਹੋਣਗੀਆਂ ਖਿੱਚ ਦਾ ਕੇਂਦਰ**
**ਸੰਗਤ ਹੁਮ ਹੁਮਾ ਕੇ ਸਮਾਗਮ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ**

# ਸਾਦਿਕ ਦੇ ਉੱਦਮੀ ਨੌਜਵਾਨਾਂ ਵੱਲੋਂ ਕ੍ਰਿਕਟ ਟੂਰਨਾਮੈਂਟ ਕਰਵਾਇਆ

ਪੰਜਾਬ ਦਾ ਖੁਲਾਸਾ

**ਸਾਦਿਕ 19 ਨਵੰਬਰ (ਰਘਬੀਰ ਸਾਦਿਕ)** ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਾਦਿਕ ਦੇ ਉੱਦਮੀ ਨੌਜਵਾਨਾਂ ਵੱਲੋ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਵਤਾਰ ਪੁਰਬ ਤੇ ਕਿਕਟ ਟੂਰਨਾਮੈਂਟ ਕਰਵਾਇਆ ਗਿਆ ਇਸ ਟੂਰਨਾਮੈਂਟ ਵਿੱਚ ਤਕਰੀਬਨ 60 ਟੀਮਾਂ ਨੇ ਭਾਗ ਲਿਆ ਇਸ ਕਿ ?ਕਟ ਟੂਰਨਾਮੈਂਟ ਦੇ ਮੁੱਖ ਮਹਿਮਾਨ ਵਜੋਂ ਸ.ਦਰਸਨ ਸਿੰਘ ਸੰਧੂ ਅਤੇ ਗਗਨਦੀਪ ਕੌਰ ਸੰਧੂ ਧਰਮਪਤਨੀ ਸੰਦੀਪ ਸਿੰਘ ਸੰਧੂ ਅਤੇ ਡਾਕਟਰ ਦੀਸ਼ਾ ਸਿੰਘ ਸਰਪੰਚ ਗ੍ਰਾਮ ਪੰਚਾਇਤ ਸਾਦਿਕ,ਵੱਲੋਂ ਖਿਡਾਰੀਆਂ ਨੂੰ ਇਨਾਮ ਤਕਸੀਮ ਕੀਤੇ ਗਏ ਇਸ ਮੌਕੇ ਸੁਰਿੰਦਰ ਸਾਈਕਲ ਸਟੋਰ ਸਾਦਿਕ ਵੱਲੋਂ ਖਿਡਾਰੀਆਂ ਨੂੰ 11 ਕਿਲੋ ਘਿਉ ਵੀ ਦਿੱਤਾ ਗਿਆ ਇਸ ਕਿ ?ਕਟ ਟੂਰਨਾਮੈਂਟ ਵਿੱਚ ਵਿੱਚ ਪਹਿਲੇ ਸਥਾਨ ਤੇ ਰਹਿਣ ਵਾਲੀ ਸ੍ਰੀ ਮੁਕਤਸਰ ਸਾਹਿਬ ਦੀ ਟੀਮ ਨੂੰ 21,000 ਦਾ ਇਨਾਮ ਜਗਤਾਰ ਸਿੰਘ ਫੌਜੀ ਵੱਲੋਂ ਦਿੱਤਾ ਗਿਆ ਅਤੇ ਦੂਸਰੇ ਸਥਾਨ ਤੇ ਰਹਿਣ ਵਾਲੀ ਨਵਾਂ ਕਿਲਾ ਦੀ ਟੀਮ ਨੂੰ ਗੁਰਪਿੰਦਰ ਸੰਧੂ ਵੱਲੋਂ ਦੂਸਰਾ ਇਨਾਮ 13,000 ਦਿੱਤਾ ਗਿਆ ਅਤੇ ਤੀਸਰੇ ਸਥਾਨ ਤੇ ਰਹਿਣ ਵਾਲੀ ਪਿੰਡ ਪੱਕਾ ਦੀ ਟੀਮ ਅਤੇ ਚੌਥੇ ਸਥਾਨ ਤੇ ਰਹਿਣ ਵਾਲੀ ਸਾਦਿਕ ਦੀ ਟੀਮ ਨੂੰ ਨਗਦ ਇਨਾਮ ਦਿੱਤੇ ਗਏ ਇਸ ਮੌਕੇ ਗਗਨਦੀਪ ਕੌਰ ਸੰਧੂ ਵੱਲੋਂ ਕਿ ?ਕਟ ਕਲੱਬ ਸਾਦਿਕ ਨੂੰ ਹੌਂਸਲਾ ਅਫ਼ਜਾਈ ਲਈ ਆਪਣੇ ਵੱਲੋਂ 51,00 ਰੁਪਏ ਦੇਣ ਦਾ ਐਲਾਨ ਕੀਤਾ ਅਤੇ ਅਗਲੇ ਸਾਲ ਇਸ ਤੋਂ ਵੀ ਵਧੀਆ ਟੂਰਨਾਮੈਂਟ ਕਰਵਾਉਣ ਦਾ ਵਾਅਦਾ ਕੀਤਾ ਇਸ ਮੌਕੇ ਕਲੱਬ ਵੱਲੋਂ ਸਾਰੀਆਂ ਹੀ ਮਾਨਯੋਗ ਸ਼ਖ਼ਸੀਅਤਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਇਸ ਸਮੇਂ ਸੁਰਿੰਦਰ ਸੇਠੀ ਪ੍ਰਧਾਨ ਵਪਾਰ ਮੰਡਲ ਸਾਦਿਕ, ਸੁਰਿੰਦਰ ਸ਼ਿੰਦਾ,ਲਵਦੀਪ ਨਿੱਕੂ,ਸੀਮਾ ਰਾਣੀ ਮੈਂਬਰ ਪੰਚਾਇਤ ਸਾਦਿਕ, ਗੁਰਚਰਨ ਦਾਸ ਚੰਨਾ,ਰਾਜ ਕੁਮਾਰ ਛਾਬੜਾ, ਬਲਕੌਰ ਸਿੰਘ,ਲੱਖਾ ਸਾਦਿਕ,ਸੱਤਾ ਆਸਟ੍ਰੇਲੀਆ,ਸੀਪਾ ਸਾਦਿਕ, ਸੁਖਮੰਦਰ ਸਿੰਘ ਮੌੜ, ਭੁਪਿੰਦਰ ਗੋਲਡੀ,ਡਾਕਟਰ ਦਰਬਾਰਾ ਸਿੰਘ, ਡਾਕਟਰ ਰਿੰਕੂ ਸੇਠੀ, ਬਲ਼ਦੇਵ ਸਿੰਘ ਗੱਬੀ, ਸੰਦੀਪ ਸਿੰਘ,ਪਿੰਦਰ ਮਾਨ ,ਵਿੱਕੀ ਸਾਦਿਕ, ਵਿਸ਼ਾਲ ਸਾਦਿਕ ਆਦਿ ਹਾਜ਼ਰ ਸਨ



# ਅਣਪਛਾਤੇ ਵਿਅਕਤੀਆਂ ਨੇ ਤੋੜੇ ਬੈਂਕ ਦੇ ਤਾਲੇ

ਪੰਜਾਬ ਦਾ ਖੁਲਾਸਾ

**ਬਠਿੰਡਾ /ਭਗਤਾ ਭਾਈਕਾ, 19 ਨਵੰਬਰ (ਰਾਮ ਸਿੰਘ ਕਲਿਆਣ)**- ਥਾਣਾ ਦਿਆਲਪੁਰਾ ਅਧੀਨ ਪੈਂਦੇ ਪਿੰਡ ਭੋਡੀਪੁਰਾ ਤੋਂ ਇੱਕ ਨਿੱਜੀ ਬੈਂਕ ਦੇ ਤਾਲੇ ਤੋੜਨ ਸਬੰਧੀ ਖਬਰ ਪ੍ਰਾਪਤ ਹੋਈ ਹੈ।

ਬੈਂਕ ਮੈਨੇਜਰ ਪ੍ਰਵੇਸ਼ ਬਾਂਸਲ ਨੇ ਥਾਣਾ ਦਿਆਲਪੁਰਾ ਪੁਲਿਸ ਕੋਲ ਬਿਆਨ ਦਰਜ ਕਰਵਾਏ ਹਨ ਕਿ ਮਿਤੀ 18 ਨਬੰਵਰ ਦੀ ਰਾਤ ਨੂੰ ਕਰੀਬ ਇਕ ਵਜੇ , ਦੋ ਅਣਪਛਾਤੇ ਵਿਆਕਤੀਆ ਨੇ ਬੈਂਕ ਦੇ ਤਾਲੇ ਤੋੜ ਕਿ ਚੋਰੀ ਕਰਨ ਦੀ ਕੋਸ਼ਿਸ਼ ਕੀਤੀ ।

ਜਿਸ ਸਬੰਧੀ ਪੁਲਿਸ ਥਾਣਾ ਦਿਆਲਪੁਰਾ ਪੁਲਿਸ ਵੱਲੋਂ ਮੁਕਦਮਾ ਨੰਬਰ 112 ਅਧੀਨ 331(4) , 305 , 62 ਬੀਐਨਐਸ ਦਰਜ ਕਰਕੇ ਦੋਸ਼ੀਆਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

# ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ 3 ਸਰਕਾਰੀ ਸਕੂਲਾਂ ਵਿੱਚ ਲਗਾਏਗਾ ਮੁਫ਼ਤ ਆਰ ਉ ਸਿਸਟਮ

ਪੰਜਾਬ ਦਾ ਖੁਲਾਸਾ

**ਸ੍ਰੀ ਮੁਕਤਸਰ ਸਾਹਿਬ, 19 ਨਵੰਬਰ ( ਮਨਪ੍ਰੀਤ ਮੋਨੂੰ )** ਡਾਕਟਰ ਐਸ ਪੀ ਸਿੰਘ ਉਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਹਰ ਖੇਤਰ ਵਿੱਚ ਵਡਮੁੱਲਾ ਯੋਗਦਾਨ ਪਾਇਆ ਜਾ ਰਿਹਾ ਹੈ ਇਸ ਲੜੀ ਤਹਿਤ ਸ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ ਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ 3 ਸਰਕਾਰੀ ਸਕੂਲਾਂ ( ਸਰਕਾਰੀ ਪ੍ਰਾਇਮਰੀ ਸਕੂਲ ਫੱਤਣਵਾਲਾ, ਸਰਕਾਰੀ ਪ੍ਰਾਇਮਰੀ ਸਕੂਲ ਮੰਡੀ ਹਰਜੀਰਾਮ ਮਲੋਟ, ਸੀਨੀਅਰ ਸੈਕੰਡਰੀ ਸਕੂਲ ਖੋਖਰ) ਵਿੱਚ ਬੱਚਿਆਂ ਨੂੰ ਸਾਫ ਪਾਣੀ ਪੀਣ ਲਈ ਮੁਫ਼ਤ ਆਰ ਉ ਸਿਸਟਮ ਲਗਾਏ ਜਾ ਰਹੇ ਹਨ। ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਮਾਲਵਾ ਖੇਤਰ ਦਾ ਪਾਣੀ ਪੀਣ ਯੋਗ ਨਹੀਂ ਹੈ,ਇਸ ਕਰਕੇ ਬੱਚੇ ਵੱਖ ਵੱਖ ਬੀਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ ਕਿਉਂਕਿ ਬੱਚੇ ਧਰਤੀ ਹੇਠਲਾ ਜ਼ਹਿਰੀਲਾ ਪਾਣੀ ਪੀਣ ਲਈ ਮਜਬੂਰ ਸਨ,ਤਾ ਸਕੂਲ ਮੁਖੀਆਂ ਵੱਲੋਂ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨਾਲ ਸੰਪਰਕ ਕਰਕੇ ਡਾਕਟਰ ਐਸ ਪੀ ਸਿੰਘ ਓਬਰਾਏ ਨੂੰ ਆਰ ਉ ਲਗਾਉਣ ਸਬੰਧੀ ਬੇਨਤੀ ਕੀਤੀ ਗਈ ਸੀ ਤਾਂ ਜੋ ਬੱਚਿਆਂ ਦੀ ਸਿਹਤ ਦਾ ਖਿਆਲ ਰੱਖਿਆ ਜਾ ਸਕੇ,ਤਾ ਡਾਕਟਰ ਉਬਰਾਏ ਵੱਲੋਂ ਤਰੁੰਤ ਪ੍ਰਵਾਨਗੀ ਦਿੱਤੀ ਗਈ। ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਆਉਣ ਵਾਲੇ ਕੁੱਝ ਦਿਨਾਂ ਵਿੱਚ ਸਕੂਲਾਂ ਵਿੱਚ ਆਰ ਉ ਸਿਸਟਮ ਲਗਾਏ ਜਾਣਗੇ ਅਤੇ ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਖੇ ਸਰਕਾਰੀ ਸਕੂਲਾਂ ਅਤੇ ਹੋਰ ਜਨਤਕ ਥਾਵਾਂ ਤੇ 115 ਦੇ ਕਰੀਬ ਮੁਫ਼ਤ ਆਰ ਉ ਸਿਸਟਮ ਲਗਾਏ ਜਾ ਚੁੱਕੇ ਹਨ।ਇਸ ਉਪਰੰਤ ਸਕੂਲ ਮੁਖੀਆਂ ਵੱਲੋਂ ਡਾਕਟਰ ਐਸ ਪੀ ਸਿੰਘ ਓਬਰਾਏ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਇਕਾਈ ਸ੍ਰੀ ਮੁਕਤਸਰ ਸਾਹਿਬ ਟੀਮ ਦੇ ਸਮੂਹ ਸੇਵਾਦਾਰ ਹਾਜ਼ਰ ਸਨ।






# ਲਾਇਨਜ਼ ਕਲੱਬ ਮੁਕਤਸਰ ਆਜ਼ਾਦ ਨੇ ਕਰਵਾਇਆ ਬਜ਼ੁਰਗਾਂ ਨੂੰ ਨਾਸ਼ਤਾ

ਪੰਜਾਬ ਦਾ ਖੁਲਾਸਾ

**ਸ਼੍ਰੀ ਮੁਕਤਸਰ ਸਾਹਿਬ, 19 ਨਵੰਬਰ ( ਮਨਪ੍ਰੀਤ ਮੋਨੂੰ )**- ਸਮਾਜ ਸੇਵਾ ਦੇ ਖੇਤਰ ਵਿੱਚ ਮੋਹਰੀ ਸੰਸਥਾਵਾਂ ਵਿੱਚੋਂ ਇੱਕ ਲਾਇਨਜ਼ ਕਲੱਬ ਮੁਕਤਸਰ ਆਜ਼ਾਦ ਜੋ ਸਮੇਂ ਸਮੇਂ ਤੇ ਮਾਨਵਤਾ ਦੀ ਸੇਵਾ ਕਰਦੀ ਆ ਰਹੀ ਹੈ ਵੱਲੋਂ ਬੀਤੇ ਦਿਨ ਵਿਰਧ ਆਸ਼ਰਮ ਜਲਾਲਾਬਾਦ ਰੋਡ ਵਿਖੇ ਰਹਿ ਰਹੇ ਬਜ਼ੁਰਗਾਂ ਨੂੰ ਸੁਬਾ ਦਾ ਨਾਸ਼ਤਾ ਕਰਵਾ ਕੇ ਉਹਨਾਂ ਦਾ ਆਸ਼ੀਰਵਾਦ ਲਿਆ। ਜਿਸ ਵਿੱਚ ਕਲੱਬ ਦੇ ਵਾਈਸ ਪ੍ਰਧਾਨ ਲਾਇਨ ਅਰੁਣ ਮਿੱਤਲ ਜੀ ਦਾ ਵਿਸ਼ੇਸ਼ ਯੋਗਦਾਨ ਰਿਹਾ ।ਇਸ ਮੌਕੇ ਤੇ ਕਲੱਬ ਦੇ ਪ੍ਰਧਾਨ ਲਾਇਨ ਰਮਨਜੀਤ ਸਿੰਘ ਸੰਧੂ ਸੈਕਟਰੀ ਲਾਇਨ ਡਾਕਟਰ ਵਿਜੇ ਸੁਖੀਜਾ, ਕੈਸ਼ੀਅਰ ਲਾਇਨ ਦਲਜੀਤ ਸਿੰਘ ਕੰਡਾ, ਬੂਟਾ ਰਾਮ ਕਮਰਾ ,ਲਾਇਨ ਮੈਂਬਰ ਹਾਜ਼ਰ ਸਨ। ਇਸ ਮੌਕੇ ਤੇ ਕਲੱਬ ਦੇ ਪ੍ਰਧਾਨ ਲਾਇਨ ਰਮਨਜੀਤ ਸਿੰਘ ਸੰਧੂ ਜੀ ਨੇ ਦੱਸਿਆ ਕਿ ਕਲੱਬ ਜਲਦੀ ਅੱਖਾਂ ਦਾ ਮੁਫਤ ਚੈਕ ਅੱਪ ਅਤੇ ਆਪਰੇਸ਼ਨ ਕੈਂਪ ਲਗਾਉਣ ਜਾ ਰਹੀ ਹੈ। ਜਿਸ ਵਿੱਚ ਲੋੜਵੰਦ ਲੋਕਾਂ ਦੀਆਂ ਅੱਖਾਂ ਦਾ ਚੈਕ ਅੱਪ ਦਵਾਈਆਂ ਆਪਰੇਸ਼ਨ ਕਲੱਬ ਵੱਲੋਂ ਮੁਫਤ ਕੀਤੇ ਜਾਣਗੇ।

# ਸਵਰਗੀ ਘਰ ਦੋਸਤੋ ਤਾਂ ਬਣਦਾ

ਹਰ ਇਨਸਾਨ ਦਾ ਇਹੋ ਜਿਹਾ ਘਰ ਹੋਵੇ,
ਜਿਥੇ ਪਿਆਰ ਮੁਹੱਬਤ ਦੋਸਤੋ ਇਤਫ਼ਾਕ ਹੋਵੇ।
ਲੜਾਈ ਝਗੜਾ ਬਿਲਕੁਲ ਨਾ ਹੋਏ ਓਥੇ,
ਹਰ ਇੱਕ ਜੀਅ ਦਾ ਪੂਰਾ ਸਤਿਕਾਰ ਹੋਵੇ।
ਕਮਾਈ ਇੱਕ ਕੋਲ ਤੇ ਖਰਚ ਵੀ ਹੋਏ ਓਥੋਂ
ਕਿਸੇ ਦਾ ਇਸ ਗੱਲ ਤੇ ਨਾ ਹੀ ਤਕਰਾਰ ਹੋਵੇ।
ਗੱਲ ਪੁੱਛ ਕਰੀਏ ਇੱਕੋ ਘਰ ਦੇ ਮੁਖੀ ਕੋਲੋਂ,
ਨਾ ਹਰ ਜੀਅ ਹੀ ਚੜ੍ਹੇ ਘੋੜੇ ਅਸਵਾਰ ਹੋਵੇ।
ਬੱਚਿਆਂ ਨੂੰ ਲਾਡ ਲਡਾਈਏ,ਕਰੀਏ ਪਿਆਰ ਸਾਰੇ,
ਪਰਿਵਾਰ ਦੇ ਹਰ ਜੀਅ ਨੂੰ ਇਸਦਾ ਅਧਿਕਾਰ ਹੋਵੇ।
ਘਰ ਦੀ ਨੂੰਹ ਨੂੰ ਜਾਣੀਏਂ ਆਪਣੀ ਧੀ ਜੇਕਰ,
ਦੋਹਾਂ ਪਰਿਵਾਰਾਂ ਦਾ ਸੀਨਾ ਠੰਡਾ ਠਾਰ ਹੋਵੇ।
ਸਵਰਗੀ ਨਮੂਨਾ ਓਹ ਘਰ ਦੋਸਤੋ ਤਾਂ ਬਣਦਾ,
ਵੈਰ ਈਰਖਾ ਤੇ ਨਾ ਦਿਲਾਂ ਦੇ ਵਿੱਚ ਖਾਰ ਹੋਵੇ।
ਰਿਸ਼ਤਾ ਕਰਨ ਕਰਾਉਣ ਦੀ ਗੱਲ ਘਰ ਦਾ ਕਰੇ ਮੁਖੀਆ,
ਓਸੇ ਇਕੱਲੇ ਕੋਲ ਇਹ ਅਖਤਿਆਰ ਹੋਵੇ।
ਦੱਦਾਹੂਰੀਆ ਇਹ ਸੁਪਨਾ ਸਾਕਾਰ ਹੋ ਸਕਦੈ,
ਜੇਕਰ ਸੱਚੇ ਪਾਤਸ਼ਾਹ ਦੀ ਰਹਿਮਤ ਅਮਰੰਪਾਰ ਹੋਵੇ।

**ਜਸਵੀਰ ਸ਼ਰਮਾਂ ਦੱਦਾਹੂਰ**
**ਸ੍ਰੀ ਮੁਕਤਸਰ ਸਾਹਿਬ**
**95691-49556**

# ਵਿਸ਼ਵ ਪੰਜਾਬੀ ਸਭਾ ਕੈਨੇਡਾ ਵੱਲੋਂ ਕੋਟਸ਼ਮੀਰ ਵਿਖੇ ਅੱਖਾਂ ਦਾ ਕੈਂਪ 21 ਨਵੰਬਰ ਨੂੰ

ਪੰਜਾਬ ਦਾ ਖੁਲਾਸਾ

**ਬਠਿੰਡਾ , 19 ਨਵੰਬਰ ( ਸੱਤਪਾਲ ਮਾਨ )** : - ਜਿਲ੍ਹਾ ਬਠਿੰਡਾ ਦੇ ਪਿੰਡ ਕੋਟਸ਼ਮੀਰ ਵਿਖੇ ਵਿਸ਼ਵ ਪੰਜਾਬੀ ਸਭਾ ਕੈਨੇਡਾ ਵੱਲੋਂ ਮਿਤੀ 21 ਨਵੰਬਰ ਵੀਰਵਾਰ ਨੂੰ ਸਵੇਰੇ 9 ਵਜੇ ਤੋਂ ਦੁਪਿਹਰ 01 ਵਜੇ ਤੱਕ ਅੱਖਾਂ ਦਾ ਮੁਫਤ ਚੈੱਕਅਪ ਆਪਰੇਸ਼ਨ ਕੈਂਪ ਲਗਾਇਆ ਜਾ ਰਿਹਾ ਹੈ। ਇਹ ਕੈਂਪ ਕੋਟਸ਼ਮੀਰ ਦੇ ਗੁਰਦੁਆਰਾ ਬੁੰਗਾ ਸਾਹਿਬ ਵਿਖੇ ਲਾਇਆ ਜਾਵੇਗਾ। ਜਿਸ ਵਿੱਚ ਸੰਕਰਾ ਆਈ ਹਸਪਤਾਲ ਲੁਧਿਆਣਾ ਦੇ ਮਾਹਿਰ ਡਾਕਟਰ ਚਿੱਟੇ ਮੋਤੀਏ ਦੇ ਮਰੀਜਾਂ ਦਾ ਆਪ੍ਰੇਸ਼ਨ ਕਰਨਗੇ। ਕੈਂਪ ਵਿੱਚ ਦਵਾਈਆਂ ਤੇ ਐਨਕਾਂ ਵੀ ਮਰੀਜ਼ਾਂ ਨੂੰ ਮੁਫ਼ਤ ਦਿਤੀਆਂ ਜਾਣਗੀਆਂ। ਇਹ ਜਾਣਕਾਰੀ ਦਿੰਦਿਆਂ ਅਮਰਜੀਤ ਸਿੰਘ ਜੀਤ ਅਤੇ ਬਲਵਿੰਦਰ ਸਿੰਘ ਭੱਠਲ ਨੇ ਦੱਸਿਆ ਕਿ ਇਸ ਕੈਂਪ ਦਾ ਸਾਰਾ ਖਰਚਾ ਵਿਸ਼ਵ ਪੰਜਾਬੀ ਸਭਾ ਕੈਨੇਡਾ ਵੱਲੋਂ ਕੀਤਾ ਜਾਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਕੈਂਪ ਵਿੱਚ ਆਉਣ ਵਾਲੇ ਮਰੀਜ਼ ਆਪਣਾ ਆਧਾਰ ਕਾਰਡ ਅਤੇ ਦੋ ਮੋਬਾਇਲ ਨੰਬਰ ਨੋਟ ਕਰਕੇ ਲਿਆਉਣ ਤਾਂ ਜੋ ਆਪ੍ਰੇਸ਼ਨ ਉਪਰੰਤ ਮਰੀਜ਼ਾਂ ਨਾਲ ਕਿਸੇ ਸਮੱਸਿਆ ਸਬੰਧੀ ਤਾਲਮੇਲ ਰੱਖਿਆ ਜਾਵੇ। ਇਸਦੇ ਨਾਲ ਹੀ ਜੇਕਰ ਕਿਸੇ ਮਰੀਜ਼ ਦੀ ਪਹਿਲਾਂ ਦਵਾਈ ਚੱਲਦੀ ਹੈ ਤਾਂ ਉਹ ਨਾਲ ਲੈਕੇ ਆਉਣ। ਉਹਨਾਂ ਕਿਹਾ ਕਿ ਲੋੜਵੰਦ ਮਰੀਜ਼ ਇਸ ਮੁਫ਼ਤ ਕੈਂਪ ਦਾ ਵੱਧ ਤੋਂ ਵੱਧ ਲਾਹਾ ਲੈਣ।




# ਪਿੰਡਾਂ ਨੂੰ ਸਾਫ਼-ਸੁਥਰਾ, ਹਰਿਆ ਭਰਿਆ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਲਈ ਪੰਚਾਇਤਾਂ ਸਖ਼ਤ ਮਿਹਨਤ ਕਰਨ - ਹਰਜੋਤ ਸਿੰਘ ਬੈਂਸ

## ਜ਼ਿਲ੍ਹਾ ਰੂਪਨਗਰ ਦੇ 3410 ਪੰਚਾਂ ਨੂੰ ਚੁਕਾਈ ਗਈ ਸਹੁੰ, ਪਿੰਡਾਂ ਦਾ ਸਰਵਪੱਖੀ ਵਿਕਾਸ ਕੀਤਾ ਜਾਵੇਗਾ, ਗ੍ਰਾਂਟਾਂ ਦੇ ਦਿੱਤੇ ਜਾਣਗੇ ਗੱਫ਼ੇ

ਪੰਜਾਬ ਦਾ ਖੁਲਾਸਾ

**ਰੂਪਨਗਰ, 19 ਨਵੰਬਰ (ਕੰਵਲ ਜੋਤ ਸਿੰਘ)** : ਪਿੰਡਾਂ ਨੂੰ ਸਾਫ਼-ਸੁਥਰਾ, ਹਰਿਆ ਭਰਿਆ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਲਈ ਪੰਚਾਇਤਾਂ ਸਖ਼ਤ ਮਿਹਨਤ ਕਰਨ ਤਾਂ ਜੋ ਪਿੰਡਾਂ ਦੀ ਕਾਇਆ-ਕਲਪ ਕਰਕੇ ਰੰਗਲੇ ਪੰਜਾਬ ਦੀ ਸਿਰਜਣਾ ਕੀਤੀ ਜਾ ਸਕੇ। ਇਨ੍ਹਾਂ ਸ਼ਬਦਾ ਦਾ ਪ੍ਰਗਟਾਵਾ ਲੋਕ ਸੰਪਰਕ, ਸਕੂਲੀ ਸਿੱਖਿਆ, ਉਚੇਰੀ ਤੇ ਤਕਨੀਕੀ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਜ਼ਿਲ੍ਹਾ ਰੂਪਨਗਰ ਦੇ 3410 ਪੰਚਾਂ ਨੂੰ ਸਹੁੰ ਚੁੱਕਣ ਲਈ ਪੁਲਿਸ ਲਾਈਨ ਗਰਾਊਂਡ ਰੂਪਨਗਰ ਵਿਖੇ ਰੱਖੇ ਗਏ ਸਮਾਗਮ ਨੂੰ ਸੰਬੋਧਨ ਕਰਦਿਆਂ ਕੀਤਾ।

ਸਮਾਗਮ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਚਾਇਤਾਂ ਨੂੰ 'ਲੋਕਤੰਤਰ ਦੇ ਥੰਮ੍ਹ' ਵਜੋਂ ਜਾਣਿਆ ਜਾਂਦਾ ਹੈ ਕਿਉਂਕਿ ਉਨ੍ਹਾਂ ਕੋਲ ਅਥਾਹ ਸ਼ਕਤੀ ਹੁੰਦੀ ਹੈ ਅਤੇ ਉਸ ਦੇ ਫੈਸਲੇ ਨੂੰ ਪੂਰਾ ਪਿੰਡ ਸਤਿਕਾਰ ਨਾਲ ਮੰਨਦਾ ਹੈ। ਉਨ੍ਹਾਂ ਕਿਹਾ ਕਿ ਹੁਣ ਜਦੋਂ ਸੂਬੇ ਦੇ ਲੋਕਾਂ ਨੇ ਸਰਪੰਚਾਂ ਤੇ ਪੰਚਾਂ ਨੂੰ ਇਹ ਸ਼ਕਤੀਆਂ ਦਿੱਤੀਆਂ ਹਨ ਤਾਂ ਉਨ੍ਹਾਂ ਦੇ ਹਿੱਤਾਂ ਦੀ ਰਾਖੀ ਅਤੇ ਉਨ੍ਹਾਂ ਦੀਆਂ ਇੱਛਾਵਾਂ ਦੀ ਕਦਰ ਕਰਨਾ ਪੰਚਾਇਤਾਂ ਦਾ ਮੁੱਢਲਾ ਫ਼ਰਜ਼ ਹੈ। ਉਨ੍ਹਾਂ ਕਿਹਾ ਕਿ ਸਾਡੇ ਦੇਸ਼ ਦੀ ਲਗਭਗ 70 ਫੀਸਦੀ ਆਬਾਦੀ ਪਿੰਡਾਂ ਵਿੱਚ ਰਹਿੰਦੀ ਹੈ, ਜਿਸ ਕਾਰਨ ਪੰਚਾਇਤੀ ਰਾਜ ਸੰਸਥਾਵਾਂ ਨੂੰ ਲੋਕਤੰਤਰ ਦੇ ਚਾਨਣ ਮੁਨਾਰੇ ਵਜੋਂ ਦੇਖਿਆ ਜਾਂਦਾ ਹੈ। ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਬਣਾਈਆਂ ਜਾਂਦੀਆਂ ਨੀਤੀਆਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਵਿੱਚ ਸਰਪੰਚਾਂ ਤੇ ਪੰਚਾਂ ਦੀ ਵੱਡੀ ਭੂਮਿਕਾ ਹੁੰਦੀ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਵਿਕਾਸ ਅਤੇ ਖੁਸ਼ਹਾਲੀ ਦੀ ਗਤੀ ਨੂੰ ਹੋਰ ਹੁਲਾਰਾ ਦੇਣਾ ਲਾਜ਼ਮੀ ਹੈ, ਪੰਜਾਬ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਅਤੇ ਤਰੱਕੀ ਲਈ ਵਚਨਬੱਧ ਹੈ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਇਸ ਮੌਕੇ ਸ. ਹਰਜੋਤ ਸਿੰਘ ਬੈਂਸ ਨੇ ਸਰਬਸੰਮਤੀ ਨਾਲ ਚੁਣੀਆਂ 131 ਪੰਚਾਇਤਾਂ ਨੂੰ ਵਧਾਈ ਵੀ ਦਿੱਤੀ।

ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਤੁਸੀਂ ਆਪਣੇ ਪਿੰਡਾਂ ਲਈ ਦਿਨ ਰਾਤ ਕੰਮ ਕਰੋ, ਜਿਸ ਵਿੱਚ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਤੁਹਾਡਾ ਪੂਰੀ ਤਰ੍ਹਾਂ ਨਾਲ ਸਹਿਯੋਗ ਕਰੇਗਾ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਸਾਰੇ ਪਿੰਡਾਂ ਦਾ ਸਰਵਪੱਖੀ ਵਿਕਾਸ ਹੋਵੇਗਾ, ਪੰਜਾਬ ਸਰਕਾਰ ਵੱਲੋਂ ਤੁਹਾਡੀ ਹਰ ਸੰਭਵ ਸਹਾਇਤਾ ਕੀਤੀ ਜਾਵੇਗੀ, ਗ੍ਰਾਂਟਾਂ ਦੀ ਕੋਈ ਕਮੀਂ ਨਹੀਂ ਆਉਣ ਦਿੱਤੀ ਜਾਵੇਗੀ।

ਕੈਬਨਿਟ ਮੰਤਰੀ ਨੇ ਨਸ਼ਿਆਂ ਦੀ ਲਾਹਨਤ ਨੂੰ ਜੜ੍ਹੋਂ ਪੁੱਟਣ ਦਾ ਸੱਦਾ ਦਿੰਦਿਆਂ ਪੰਚਾਇਤਾਂ ਨੂੰ ਇਸ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਕਿਹਾ। ਇਸ ਦੇ ਨਾਲ ਹੀ ਸੈਲਫ਼ ਹੈਲਪ ਗਰੁੱਪਾਂ ਵਰਗੀਆਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਪਿੰਡਾਂ ਦੇ ਲੋਕਾਂ ਨੂੰ ਪ੍ਰੇਰਿਤ ਕਰਨ ਲਈ ਵੀ ਕਿਹਾ। ਲੋਕ ਸੰਪਰਕ, ਸਕੂਲੀ ਸਿੱਖਿਆ, ਉਚੇਰੀ ਤੇ ਤਕਨੀਕੀ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਜ਼ਿਲ੍ਹਾ ਪ੍ਰਸ਼ਾਸਨ ਰੂਪਨਗਰ ਵੱਲੋਂ ਇਸ ਸਹੁੰ ਚੁੱਕ ਸਮਾਗਮ ਦੇ ਪ੍ਰਬੰਧਾਂ ਦੀ ਤਾਰੀਫ਼ ਕਰਦਿਆਂ ਕਿਹਾ ਕਿ ਸਾਨੂੰ ਮਾਣ ਹੋਣਾ ਚਾਹੀਦਾ ਹੈ ਕਿ ਰੂਪਨਗਰ ਜ਼ਿਲ੍ਹੇ ਕੋਲ ਇੰਨੇ ਕਾਬਿਲ-ਏ-ਤਾਰੀਫ਼ ਅਧਿਕਾਰੀ ਉਪਲੱਬਧ ਹਨ। ਜਿਨ੍ਹਾਂ ਦਾ ਸਾਨੂੰ ਲਾਭ ਲੈਂਦੇ ਹੋਏ ਵੱਧ ਤੋਂ ਵੱਧ ਕੰਮ ਕਰਵਾਉਣੇ ਚਾਹੀਦੇ ਹਨ।

ਹਲਕਾ ਰੂਪਨਗਰ ਤੋਂ ਵਿਧਾਇਕ ਐਡਵੋਕੇਟ ਸ਼੍ਰੀ ਦਿਨੇਸ਼ ਚੱਢਾ ਨੇ ਆਪਣੇ ਸੰਬੋਧਨ ਵਿੱਚ ਸਮੁੱਚੀਆਂ ਪੰਚਾਇਤਾਂ ਨੂੰ ਪੰਚਾਇਤੀ ਚੋਣਾਂ ਦੌਰਾਨ ਦੀ ਧੜੇਬੰਦੀ ਨੂੰ ਭੁੱਲ ਕੇ ਪਿੰਡ ਦੇ ਵਿਕਾਸ ਅਤੇ ਭਲਾਈ ਲਈ ਪਿੰਡ ਵਾਸੀਆਂ ਨੂੰ ਨਾਲ ਲੈ ਕੇ ਇੱਕ ਜੁੱਟ ਹੋ ਕੇ ਕੰਮ ਕਰਨ ਲਈ ਆਖਿਆ। ਉਨ੍ਹਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਦੀਆਂ ਬਹੁਤ ਸਾਰੀਆਂ ਸਕੀਮਾਂ ਹਨ ਜਿਨ੍ਹਾਂ ਦਾ ਤੁਸੀਂ ਲਾਭ ਲੈ ਸਕਦੇ ਹੋ ਜੋ ਪਿੰਡਾਂ ਵਿੱਚ ਵਿਕਾਸ ਕਰਾਉਣ ਲਈ ਬਣਾਈਆਂ ਗਈਆਂ ਹਨ ਅਤੇ ਮਨਰੇਗਾ ਤੇ ਨਰੇਗਾ ਸਕੀਮ ਤਹਿਤ ਤੁਸੀਂ ਉਨ੍ਹਾਂ ਲੋਕਾਂ ਨੂੰ ਰੁਜ਼ਗਾਰ ਦੇ ਸਕਦੇ ਹੋ ਜਿਨ੍ਹਾਂ ਨੂੰ ਇਸ ਕੰਮ ਦੇ ਲਈ ਰੱਖਿਆ ਗਿਆ ਹੈ ਤੁਸੀਂ ਵੱਧ ਤੋਂ ਵੱਧ ਦਿਹਾੜੀ ਤੁਸੀਂ ਮਨਰੇਗਾ ਵਿੱਚ ਦਿਓ ਤਾਂ ਜੋ ਉਹਨਾਂ ਨੂੰ ਵੱਧ ਤੋਂ ਵੱਧ ਕੰਮ ਕਰਨ ਦਾ ਮੌਕਾ ਮਿਲੇ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਪਿੰਡਾਂ ਨੂੰ ਸਾਫ ਸੁਥਰਾ ਹਰਿਆ ਭਰਿਆ ਤੇ ਖੂਬਸੂਰਤ ਬਣਾਉਣ ਸਾਨੂੰ ਵੱਧ ਤੋਂ ਵੱਧ ਦਰੱਖਤ ਲਗਾਉਣੇ ਚਾਹੀਦੇ ਹਨ ਤਾਂ ਜੋ ਸੂਬੇ ਨੂੰ ਸੋਹਣਾ ਬਣਾਉਣ ਲਈ ਸ਼ੁਰੂਆਤ ਅਸੀਂ ਪਿੰਡਾਂ ਤੋਂ ਕਰ ਸਕੀਏ।

ਜ਼ਿਲ੍ਹਾ ਪੱਧਰੀ ਇਸ ਸਮਾਗਮ ਵਿੱਚ ਡਿਪਟੀ ਕਮਿਸ਼ਨਰ ਰੂਪਨਗਰ ਸ਼੍ਰੀ ਹਿਮਾਂਸ਼ੂ ਜੈਨ, ਸੀਨੀਅਰ ਪੁਲਿਸ ਕਪਤਾਨ ਰੂਪਨਗਰ ਸ. ਗੁਲਨੀਤ ਸਿੰਘ ਖੁਰਾਣਾ, ਵਧੀਕ ਡਿਪਟੀ ਕਮਿਸ਼ਨਰ (ਵ) ਸ਼੍ਰੀਮਤੀ ਚੰਦਰਜਯੋਤੀ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਜ) ਸ਼੍ਰੀਮਤੀ ਪੂਜਾ ਸਿਆਲ ਗਰੇਵਾਲ, ਪੁਲਿਸ ਕਪਤਾਨ ਸ. ਰਾਜਪਾਲ ਸਿੰਘ ਹੁੰਦਲ, ਐਸਡੀਐਮ ਰੂਪਨਗਰ ਸ਼੍ਰੀ ਸਚਿਨ ਪਾਠਕ, ਐਸਡੀਐਮ ਸ੍ਰੀ ਚਮਕੌਰ ਸਾਹਿਬ ਸ. ਅਮਰੀਕ ਸਿੰਘ ਸਿੱਧੂ, ਐਸਡੀਐਮ ਸ੍ਰੀ ਅਨੰਦਪੁਰ ਸਾਹਿਬ ਸ. ਜਸਪ੍ਰੀਤ ਸਿੰਘ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਸ. ਧਨਵੰਤ ਸਿੰਘ ਰੰਧਾਵਾ, ਜ਼ਿਲ੍ਹਾ ਲੋਕ ਸੰਪਰਕ ਅਫਸਰ ਸ਼੍ਰੀ ਕਰਨ ਮਹਿਤਾ, ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਰੂਪਨਗਰ ਸ. ਰਵਿੰਦਰ ਸਿੰਘ, ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਸ੍ਰੀ ਅਨੰਦਪੁਰ ਸਾਹਿਬ ਸ਼੍ਰੀਮਤੀ ਇਸ਼ਾਨ ਚੌਧਰੀ, ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਸ੍ਰੀ ਚਮਕੌਰ ਸਾਹਿਬ ਸ. ਅਜੈਬ ਸਿੰਘ, ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਮੋਰਿੰਡਾ ਸ. ਰਾਜਵਿੰਦਰ ਸਿੰਘ ਅਤੇ ਹੋਰ ਉੱਚ ਅਧਿਕਾਰੀ ਹਾਜ਼ਰ ਸਨ।



# ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਜ਼ਿਲ੍ਹੇ ਦੇ 4466 ਪੰਚਾਂ ਨੂੰ ਚੁਕਾਈ ਸਹੁੰ

## ਕਿਹਾ, ਬਿਨਾਂ ਕਿਸੇ ਭੇਦਭਾਵ ਪਿੰਡਾਂ ਦੇ ਸਰਵਪੱਖੀ ਵਿਕਾਸ ਕਾਰਜਾਂ ਵਿੱਚ ਸਹਾਈ ਬਣਨ ਪੰਚਾਇਤਾਂ

### ਵਿਧਾਇਕ ਨਰੇਸ਼ ਕਟਾਰੀਆਂ, ਰਜਨੀਸ਼ ਦਹੀਯਾ, ਫੌਜਾ ਸਿੰਘ ਸਰਾਰੀ ਅਤੇ ਰਣਬੀਰ ਸਿੰਘ ਭੁੱਲਰ ਨੇ ਨਵ ਨਿਯੁਕਤ ਪੰਚਾਂ ਨੂੰ ਦਿੱਤੀ ਵਧਾਈ






ਪੰਜਾਬ ਦਾ ਖੁਲਾਸਾ

**ਫਿਰੋਜ਼ਪੁਰ 19 ਨਵੰਬਰ (ਅਸ਼ੋਕ ਭਾਰਦਵਾਜ)**- ਜ਼ਿਲ੍ਹੇ ਦੇ ਨਵ ਚੁਣੇ ਪੰਚ ਬਿਨਾਂ ਕਿਸੇ ਭੇਦਭਾਵ ਨਾਲ ਪਿੰਡਾਂ ਦੇ ਸਰਵਪੱਖੀ ਵਿਕਾਸ ਕਾਰਜਾਂ ਨੂੰ ਨੇਪਰੇ ਚਾੜ੍ਹਨ ਅਤੇ ਇਮਾਨਦਾਰੀ ਨਾਲ ਪਿੰਡਾਂ ਦਾ ਵਿਕਾਸ ਕਰਨ। ਇਹ ਪ੍ਰਗਟਾਵਾ ਕੈਬਨਿਟ ਮੰਤਰੀ ਪੰਜਾਬ ਸ. ਗੁਰਮੀਤ ਸਿੰਘ ਖੁੱਡੀਆਂ ਨੇ ਮਨੋਹਰ ਲਾਲ ਸੀਨੀਅਰ ਸੈਕੰਡਰੀ ਸਕੂਲ ਫਿਰੋਜ਼ਪੁਰ ਛਾਉਣੀ ਵਿਖੇ ਕਰਵਾਏ ਗਏ ਜ਼ਿਲ੍ਹਾ ਪੱਧਰੀ ਸਹੁੰ ਚੁੱਕ ਸਮਾਗਮ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਮੌਕੇ ਵਿਧਾਇਕ ਫਿਰੋਜ਼ਪੁਰ ਸਹਿਰੀ ਰਣਬੀਰ ਸਿੰਘ ਭੁੱਲਰ, ਵਿਧਾਇਕ ਫਿਰੋਜ਼ਪੁਰ ਦਿਹਾਤੀ ਐਡਵੋਕੇਟ ਰਜਨੀਸ਼ ਦਹੀਯਾ, ਵਿਧਾਇਕ ਜ਼ੀਰਾ ਨਰੇਸ਼ ਕਟਾਰੀਆਂ ਅਤੇ ਵਿਧਾਇਕ ਗੁਰੂਹਰਸਹਾਏ ਫੌਜਾ ਸਿੰਘ ਸਰਾਰੀ ਵੀ ਮੌਜੂਦ ਸਨ। ਸਹੁੰ ਚੁੱਕ ਸਮਾਗਮ ਨੂੰ ਸੰਬੋਧਨ ਕਰਦੇ ਹੋਏ ਖੇਤੀਬਾੜੀ ਤੇ ਕਿਸਾਨ ਭਲਾਈ, ਪਸ਼ੂ ਪਾਲਣ, ਮੱਛੀ ਪਾਲਣ ਅਤੇ ਫੂਡ ਪ੍ਰੋਸੈਸਿੰਗ ਮੰਤਰੀ ਪੰਜਾਬ ਸ. ਗੁਰਮੀਤ ਸਿੰਘ ਖੁੱਡੀਆਂ ਨੇ ਨਵੇਂ ਚੁਣੇ ਗਏ ਸਮੂਹ ਪੰਚਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਪਿੰਡ ਪੰਚਾਇਤ ਪਿੰਡ ਪੱਧਰ ਤੇ ਅਹਿਮ ਭੂਮਿਕਾ ਨਿਭਾਉਂਦੀ ਹੈ ਅਤੇ ਪਿੰਡਾਂ ਦੇ ਵਿਕਾਸ ਕਾਰਜਾਂ ਦੇ ਨਾਲ-ਨਾਲ ਪਿੰਡਾਂ ਵਿੱਚ ਛੋਟੇ ਝਗੜਿਆਂ ਦਾ ਨਿਪਟਾਰਾ ਵੀ ਕਰਦੀ ਹੈ। ਇਹ ਸਭ ਤਾਂ ਹੀ ਸੰਭਵ ਹੈ ਜੇਕਰ ਪਿੰਡ ਦੀ ਪੰਚਾਇਤ ਇਮਾਨਦਾਰੀ ਨਾਲ ਕੰਮ ਕਰੇ ਅਤੇ ਸਾਰੇ ਮੈਂਬਰਾਂ ਦੀ ਸਹਿਮਤੀ ਦੇ ਨਾਲ ਫੈਸਲੇ ਲਵੇ। ਇਸ ਲਈ ਸਮੂਹ ਪੰਚਾਇਤਾਂ ਨੂੰ ਇਮਾਨਦਾਰੀ ਨਾਲ ਕੰਮ ਕਰਨਾ ਚਾਹੀਦਾ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਅੱਜ ਜ਼ਿਲ੍ਹੇ ਦੇ 6 ਬਲਾਕਾਂ ਦੇ 4466 ਪੰਚਾਂ ਨੂੰ ਕਾਨੂੰਨ ਦੁਆਰਾ ਸਥਾਪਿਤ ਭਾਰਤ ਦੇ ਸੰਵਿਧਾਨ ਪ੍ਰਤੀ ਸੱਚੀ ਸਰਧਾ ਅਤੇ ਨਿਸ਼ਠਾ ਰੱਖਣ, ਬਿਨਾਂ ਕਿਸੇ ਡਰ, ਪੱਖਪਾਤ, ਸੰਦੇਹ ਅਤੇ ਭਾਰਤ ਦੇ ਸੰਵਿਧਾਨ ਅਤੇ ਕਾਨੂੰਨ ਮੁਤਾਬਿਕ ਨਿਆਂ ਕਰਨ ਦੀ ਸਹੁੰ ਚੁਕਾਈ ਗਈ ਹੈ। ਲੋਕਾਂ ਨੇ ਨਵੇਂ ਚੁਣੇ ਗਏ ਪੰਚਾਂ ਤੇ ਵਿਸਵਾਸ਼ ਜਤਾਇਆ ਹੈ ਅਤੇ ਹੁਣ ਪਿੰਡ ਪੰਚਾਇਤ ਦੀ ਜਿੰਮੇਵਾਰੀ ਹੈ ਕਿ ਲੋਕਾਂ ਦੇ ਵਿਸਵਾਸ਼ ਤੇ ਖਰ੍ਹੇ ਉੱਤਰ ਕੇ ਪਿੰਡ ਦੇ ਵਿਕਾਸ ਲਈ ਯੋਗਦਾਨ ਦੇਣ। ਇਸ ਤੋਂ ਪਹਿਲਾਂ ਵਿਧਾਇਕ ਜ਼ੀਰਾ ਨਰੇਸ਼ ਕਟਾਰੀਆਂ, ਵਿਧਾਇਕ ਗੁਰੂਹਰਸਹਾਏ ਫੌਜਾ ਸਿੰਘ ਸਰਾਰੀ, ਵਿਧਾਇਕ ਫਿਰੋਜ਼ਪੁਰ ਦਿਹਾਤੀ ਰਜਨੀਸ ਦਹੀਯਾ ਅਤੇ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਵੀ ਸਮੂਹ ਪੰਚਾਂ ਨੂੰ ਵਧਾਈ ਦਿੰਦਿਆਂ ਆਪਣਾ ਕੰਮ ਇਮਾਨਦਾਰੀ ਅਤੇ ਪਾਰਦਰਸ਼ੀ ਢੰਗ ਨਾਲ ਕਰਨ ਲਈ ਪ੍ਰੇਰਿਤ ਕੀਤਾ। ਇਸ ਦੌਰਾਨ ਸਵੱਛ ਭਾਰਤ ਮਿਸ਼ਨ ਤਹਿਤ ਪਖਾਨੇ ਬਣਾਉਣ ਦੇ 7 ਲਾਭਪਾਤਰੀਆਂ ਨੂੰ ਪ੍ਰਵਾਨਗੀ ਪੱਤਰ ਵੀ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਦਿੱਤੇ ਗਏ। ਅਖੀਰ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੁੱਖ ਮਹਿਮਾਨ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਐੱਸ.ਐੱਸ.ਪੀ. ਮੈਡਮ ਸੋਮਿਆ ਮਿਸ਼ਰਾ, ਵਧੀਕ ਡਿਪਟੀ ਕਮਿਸ਼ਨਰ (ਜ.) ਡਾ. ਨਿਧੀ ਕੁਮੁਦ ਬੰਬਾਹ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਲਖਵਿੰਦਰ ਸਿੰਘ ਰੰਧਾਵਾ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਹਰਜਿੰਦਰ ਸਿੰਘ, ਜ਼ਿਲ੍ਹਾ ਪ੍ਰਧਾਨ ਮਲਕੀਤ ਸਿੰਘ ਥਿੰਦ, ਚੇਅਰਮੈਨ ਮਾਰਕਿਟ ਕਮੇਟੀ ਬਲਰਾਜ ਸਿੰਘ ਕਟੋਰਾ, ਜੁਆਇੰਟ ਸਟੇਟ ਸਕੱਤਰ ਭੁਪਿੰਦਰ ਕੌਰ ਸੰਧੂ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਪੰਚ ਤੇ ਸਮਾਜ ਦੇ ਪਤਵੰਤੇ ਸੱਜਣ ਹਾਜ਼ਰ ਸਨ।

# ਅੰਤਰਰਾਸ਼ਟਰੀ ਕਾਨਫਰੰਸ ਵਿੱਚ ਬਠਿੰਡਾ ਜ਼ਿਲ੍ਹੇ ਦੇ ਦੋ ਬੱਚੇ ਸ਼੍ਰੋਮਣੀ ਬਾਲ ਲੇਖਕ ਐਵਾਰਡ ਨਾਲ ਸਨਮਾਨਿਤ

## 11-11 ਹਜਾਰ ਰੁਪਏ ਦੀ ਨਗਦ ਰਾਸ਼ੀ ਅਤੇ ਸਨਮਨ ਚਿੰਨ੍ਹ ਨਾਲ ਹੋਏ ਸਨਮਾਨਿਤ

ਪੰਜਾਬ ਦਾ ਖੁਲਾਸਾ

**ਬਠਿੰਡਾ, 19 ਨਵੰਬਰ ( ਜਸਵੰਤ ਦਰਦ ਪ੍ਰੀਤ)**- ਨਵੀਂ ਪਨੀਰੀ ਨੂੰ ਆਪਣੀ ਅਮੀਰ ਵਿਰਾਸਤ ਦੇ ਸਹਿਤ ਤੇ ਸੱਭਿਆਚਾਰ ਨਾਲ ਜੋੜਨ ਲਈ ਸੁੱਖੀ ਬਾਠ ਸੰਸਥਾਪਕ ਪੰਜਾਬ ਭਵਨ ਸਰੀ ਕੈਨੇਡਾ ਜੀ ਦੇ ਉਪਰਾਲੇ ਸਦਕਾ ਪ੍ਰੋਜੈਕਟ ਨਵੀਆਂ ਕਲਮਾਂ ਨਵੀਂ ਉਡਾਣ ਤਹਿਤ ਅਕਾਲ ਕਾਲਜ ਕੌਂਸਲ ਮਸਤੂਆਣਾ ਸਾਹਿਬ (ਸੰਗਰੂਰ) ਵਿਖੇ ਦੋ ਰੋਜ਼ਾ ਅੰਤਰਰਾਸ਼ਟਰੀ ਬਾਲ ਲੇਖਕ ਕਾਨਫਰੰਸ ਵਿੱਚ ਬਠਿੰਡਾ ਜਿਲੇ ਦਾ ਸ਼ਾਨਦਾਰ ਪ੍ਰਦਰਸ਼ਨ ਰਿਹਾ। ਅੱਜ ਇਥੇ ਪ੍ਰੋਜੈਕਟ ਮੀਡੀਆ ਇੰਚਾਰਜ ਗੁਰਵਿੰਦਰ ਸਿੰਘ ਕਾਂਗੜ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਦੱਸਿਆ ਕਿ ਦੱਸਿਆ ਕਿ ਸੁੱਖੀ ਬਾਠ ਜੀ ਦੀ ਅਗਵਾਈ ਹੇਠ ਅਤੇ ਪ੍ਰੋਜੈਕਟ ਇੰਚਾਰਜ ਉਂਕਾਰ ਸਿੰਘ ਤੇਜੇ ਦੀ ਦੇਖ ਰੇਖ ਹੇਠ ਕਰਵਾਈ ਗਈ ਦੋ ਰੋਜ਼ਾ ਅੰਤਰਰਾਸ਼ਟਰੀ ਬਾਲ ਲੇਖਕ ਕਾਨਫਰੰਸ ਵਿੱਚ ਬਠਿੰਡਾ-1 ਟੀਮ ਦੇ 33 ਬੱਚਿਆਂ ਨੇ ਭਾਗ ਲਿਆ ਸੀ ਜਿਹਨਾਂ ਵਿੱਚੋਂ ਦੋ ਬੱਚਿਆਂ ਨੇ ਵੱਖ-ਵੱਖ ਵਰਗਾਂ ਦੇ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਵ.ਅਰਜਨ ਸਿੰਘ ਬਾਠ ਸ਼੍ਰੋਮਣੀ ਬਾਲ ਲੇਖਕ ਐਵਾਰਡ ਹਾਸਿਲ ਕੀਤੇ। ਉਹਨਾਂ ਦੱਸਿਆ ਕਿ ਪ੍ਰਾਇਮਰੀ ਵਰਗ ਵਿੱਚ ਕਵਿਤਾ ਉਚਾਰਨ ਮੁਕਾਬਲੇ ਵਿੱਚ ਦਿੱਲੀ ਪਬਲਿਕ ਸਕੂਲ ਬਠਿੰਡਾ ਦੀ ਹੋਣਹਾਰ ਵਿਦਿਆਰਥਣ ਮੇਹਰ ਕੇ ਸਿੱਧੂ ਅਤੇ ਸਰਕਾਰੀ ਹਾਈ ਸਕੂਲ ਰਾਜਗੜ੍ਹ ਦੀ ਵਿਦਿਆਰਥਣ ਕੋਮਲਦੀਪ ਕੌਰ ਨੇ ਮਿਡਲ ਵਰਗ ਦੇ ਲੇਖ ਮੁਕਾਬਲੇ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਦੇ ਹੋਏ ਸਵ. ਅਰਜੁਨ ਸਿੰਘ ਬਾਠ ਸ਼੍ਰੋਮਣੀ ਬਾਲ ਲੇਖਕ ਐਵਾਰਡ ਸਮੇਤ 11000 ਰੁਪਏ ਦੀ ਨਗਦ ਰਾਸ਼ੀ ਅਤੇ ਸਨਮਾਨ ਚਿੰਨ੍ਹ ਹਾਸਿਲ ਕੀਤੇ। ਉਹਨਾਂ ਦੱਸਿਆ ਕਿ ਇਸ ਪ੍ਰਾਪਤੀ ਬਦਲੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸ੍ਰੀ ਸ਼ਿਵਪਾਲ ਗੋਇਲ ਜੀ ਨੇ ਇਹਨਾ ਬੱਚਿਆਂ ਨੂੰ ਵਧਾਈ ਦਿੰਦੇ ਕਿਹਾ ਕੇ ਬਠਿੰਡਾ ਜਿਲ੍ਹੇ ਲਈ ਇਹ ਮਾਣ ਵਾਲੀ ਗੱਲ ਹੈ। ਉਹਨਾਂ ਸੁੱਖੀ ਬਾਠ ਜੀ ਦੇ ਇਸ ਕਾਰਜ ਨੂੰ ਭਰਪੂਰ ਸਲਾਹਿਆ। ਸ. ਕਾਂਗੜ ਨੇ ਕਿਹਾ ਕਿ ਇਹ ਪ੍ਰਾਪਤੀ ਉਹਨਾਂ ਦੀ ਟੀਮ ਦੀ ਮੇਹਨਤ ਸਦਕਾ ਹੋਈ ਹੈ। ਇਸ ਮੌਕੇ ਉਹਨਾਂ ਨਾਲ ਦਮਨਜੀਤ ਕੌਰ ਕੋਰ ਕਮੇਟੀ ਮੈਂਬਰ,ਬਲਰਾਜ ਸਿੰਘ ਗੋਨਿਆਣਾ,ਨਿਸ਼ਾ ਰਾਣੀ ,ਰਣਜੀਤ ਕੌਰ,ਜਸਵਿੰਦਰ ਜਲਾਲ ਸਿਮਰਪਾਲ ਕੌਰ ,ਸਿਮਰਜੀਤ ਕੌਰ ਸੰਦੀਪ ਕੌਰ ਆਦਿ ਹਾਜਿਰ ਸਨ।




# ਵਿਦਿਆਰਥਣ ਕੀਰਤਪ੍ਰੀਤ ਕੌਰ ਨੇ ਸੋਸ਼ਲ ਵੈਲਫੇਅਰ ਸੁਸਾਇਟੀ ਟਰੱਸਟ ਅਬੋਹਰ ਵੱਲੋਂ ਕਰਵਾਏ ਗਏ ਕਵਿਤਾ ਉਚਾਰਨ ਮੁਕਾਬਲੇ 'ਚ ਕੀਤਾ ਸ਼ਾਨਦਾਰ ਪ੍ਰਦਰਸ਼ਨ

ਪੰਜਾਬ ਦਾ ਖੁਲਾਸਾ



**ਪੱਟੀ ਸਦੀਕ, 19 ਨਵੰਬਰ (ਬਲਕਰਨ ਸਿੰਘ ਮਸ਼ਾਲ)**- ਇੰਪੀਰੀਅਲ ਇੰਟਰਨੈਸ਼ਨਲ ਸਕੂਲ ਫਾਰ ਐਕਸੀਲੈਂਸ, ਖੂਈਆਂ ਸਰਵਰ ਦੀ ਅੱਠਵੀਂ ਜਮਾਤ ਦੀ ਬਹੁਤ ਹੀ ਹੁਸ਼ਿਆਰ ਵਿਦਿਆਰਥਣ ਕੀਰਤਪ੍ਰੀਤ ਕੌਰ ਨੇ ਸੋਸ਼ਲ ਵੈਲਫੇਅਰ ਸੁਸਾਇਟੀ ਟਰੱਸਟ (ਰਜਿ.) ਅਬੋਹਰ ਵੱਲੋਂ ਕਰਵਾਏ ਗਏ ਕਵਿਤਾ ਉਚਾਰਨ ਮੁਕਾਬਲੇ ਵਿੱਚ ਭਾਗ ਲਿਆ। ਸਕੂਲ ਅਧਿਆਪਕ ਸ੍ਰੀ ਗੁਰਪ੍ਰੀਤ ਦੀ ਰਹਿਨੁਮਾਈ ਹੇਠ ਹੋਏ ਇਸ ਮੁਕਾਬਲੇ ਵਿੱਚ ਕੀਰਤਪ੍ਰੀਤ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੂਜਾ ਸਥਾਨ ਪ੍ਰਾਪਤ ਕਰਕੇ ਆਪਣੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਇਸ ਪ੍ਰੇਰਨਾਦਾਇਕ ਪ੍ਰਾਪਤੀ ਬਾਰੇ ਜਾਣਕਾਰੀ ਦਿੰਦਿਆਂ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਨਵਨੀਤ ਦੇਵਗਨ ਨੇ ਦੱਸਿਆ ਕਿ ਇਹ ਮੁਕਾਬਲਾ ਸੇਵਾ ਸਦਨ ਅਬੋਹਰ ਵਿਖੇ ਮਹਾਤਮਾ ਐਨ. ਡੀ ਗਰੋਵਰ ਦੇ 101ਵੇਂ ਜਨਮ ਦਿਨ ਦੇ ਮੌਕੇ 'ਤੇ ਆਯੋਜਿਤ ਕੀਤਾ ਗਿਆ ਸੀ। ਜਿਸ ਵਿੱਚ ਇਲਾਕੇ ਦੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ ਅਤੇ ਕੀਰਤਪ੍ਰੀਤ ਨੇ ਆਪਣੀ ਵਿਲੱਖਣ ਕਲਾ ਅਤੇ ਉੱਤਮਤਾ ਨਾਲ ਇੱਕ ਨਵੀਂ ਮਿਸਾਲ ਕਾਇਮ ਕਰਕੇ ਇਲਾਕੇ ਦਾ ਨਾਂ ਰੌਸ਼ਨ ਕੀਤਾ ਹੈ।

# ਮਾਤਾ ਸੁੰਦਰੀ ਇੰਸਟੀਚਿਊਟ ਆਫ਼ ਨਰਸਿੰਗ, ਢੱਡੇ ਵਿਖੇ ਇੱਕ ਰੋਜ਼ਾ ਐਨ.ਐਸ.ਐਸ ਕੈਂਪ ਲਗਾਇਆ

ਪੰਜਾਬ ਦਾ ਖੁਲਾਸਾ



**ਬਠਿੰਡਾ, 19 ਨਵੰਬਰ ( ਜਸਵੰਤ ਦਰਦ ਪ੍ਰੀਤ)** ਇਲਾਕੇ ਦੀ ਐਨ.ਐਸ.ਐਸ ਖੇਤਰ ਵਿੱਚ ਨੈਸ਼ਨਲ ਅਵਾਰਡ ਜੇਤੂ ਇੱਕੋ-ਇੱਕ ਨਾਮਵਰ ਸੰਸਥਾ ਮਾਤਾ ਸੁੰਦਰੀ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਢੱਡੇ ਦੀ ਉੱਪ ਸ਼ਾਖਾ ਮਾਤਾ ਸੁੰਦਰੀ ਇੰਸਟੀਚਿਊਟ ਆਫ਼ ਨਰਸਿੰਗ ਦੇ ਐਨ.ਐਸ.ਐਸ ਯੂਨਿਟ ਵੱਲੋਂ ਸਹਾਇਕ ਡਾਇਰੈਕਟਰ ਸ. ਰਘਵੀਰ ਸਿੰਘ ਮਾਨ ਯੁਵਕ ਸੇਵਾਵਾਂ ਬਠਿੰਡਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕੈਂਪਸ ਵਿਖੇ ਇੱਕ ਰੋਜ਼ਾ ਐਨ.ਐਸ.ਐਸ ਕੈਂਪ ਲਗਾਇਆ ਗਿਆ। ਇਸ ਮੌਕੇ ਇਸ ਕੈਂਪ ਦਾ ਉਦਘਾਟਨ ਸੰਸਥਾ ਦੇ ਮਾਣਯੋਗ ਚੇਅਰਮੈਨ ਸ. ਕੁਲਵੰਤ ਸਿੰਘ ਸਿੱਧੂ, ਡਾਇਰੈਕਟਰ ਐਡਮਨਿਸ਼ਟ੍ਰੇਸ਼ਨ ਸ. ਪਰਮਿੰਦਰ ਸਿੰਘ ਸਿੱਧੂ ਅਤੇ ਡਾਇਰੈਕਟਰ ਮੈਡਮ ਸਿਬਲਜੀਤ ਕੌਰ ਜੀ ਨੇ ਸਾਂਝੇ ਰੂਪ ਵਿੱਚ ਕੀਤਾ। ਇਸ ਮੌਕੇ ਚੇਅਰਮੈਨ ਸਾਹਿਬ ਜੀ ਨੇ ਵਿਦਿਆਰਥੀਆਂ ਦੇ ਇਸ ਕਾਰਜ ਦੀ ਸ਼ਲਾਘਾ ਕਰਦਿਆਂ ਹੋਇਆ ਕਿਹਾ ਕਿ ਐਨ.ਐਸ.ਐਸ ਇੱਕ ਅਜਿਹਾ ਪਲੇਟ ਫਾਰਮ ਹੈ ਜਿੱਥੋਂ ਵਿਦਿਆਰਥੀ ਆਪਣੀਆਂ ਖੂਬੀਆਂ ਨੂੰ ਅਜਿਹੇ ਕੈਂਪ ਰਾਹੀਂ ਨਿਖਾਰਦਾ ਹੈ ਅਤੇ ਇੱਕ ਅਜਿਹਾ ਨਾਗਰਿਕ ਬਣਦਾ ਹੈ ਜੋ ਅੱਗੇ ਜਾ ਕੇ ਸਮਾਜ ਨੂੰ ਸੇਧ ਦਿੰਦਾ ਹੈ। ਇਸ ਮੌਕੇ ਡਾਇਰੈਕਟਰ ਪਰਮਿੰਦਰ ਸਿੰਘ ਸਿੱਧੂ ਨੇ ਆਪਣੇ ਕਾਲਜ ਸਮੇਂ ਕੈਂਪਾਂ ਦਾ ਜ਼ਿਕਰ ਕਰਦੇ ਹੋਏ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਅਜਿਹੇ ਕੈਂਪ ਸਾਡੇ ਵਿਦਿਆਰਥੀ ਜੀਵਨ ਦਾ ਅਹਿਮ ਹਿੱਸਾ ਹਨ ਜੋ ਕਿ ਸਾਡੀ ਸਖ਼ਸ਼ੀਅਤਾਂ ਨੂੰ ਹੋਰ ਨਿਖਾਰਦੇ ਹਨ। ਇਸ ਕੈਂਪ ਸੰਬੰਧੀ ਜਾਣਕਾਰੀ ਦਿੰਦੇ ਹੋਏ ਕੈਂਪ ਦੇ ਪ੍ਰੋਗਰਾਮ ਅਫ਼ਸਰ ਪ੍ਰੋ. ਰੁਪਿੰਦਰ ਕੌਰ ਨੇ ਦੱਸਿਆ ਕਿ ਇਸ ਕੈਂਪ ਵਿੱਚ 61 ਵਿਦਿਆਰਥੀਆਂ ਨੇ ਭਾਗ ਲਿਆ। ਉਹਨਾਂ ਨੇ ਆਪਣੇ ਵਿਭਾਗ ਦੀ ਸਫ਼ਾਈ ਤੋਂ ਇਲਾਵਾ ਪੂਰੇ ਕਾਲਜ ਕੈਂਪਸ ਦੇ ਪਾਰਕ, ਗਰਾਊਂਡ, ਕੰਟੀਨ ਦੀ ਸਫ਼ਾਈ ਕੀਤੀ। ਉਹਨਾਂ ਕਿਹਾ ਕਿ ਵਿਦਿਆਰਥੀਆਂ ਦੇ ਵਿੱਚ ਇਸ ਕੈਂਪ ਪ੍ਰਤੀ ਉਤਸ਼ਾਹ ਦੇਖਣਯੋਗ ਸੀ। ਇਸ ਮੌਕੇ ਵਿਦਿਆਰਥੀਆਂ ਨੂੰ ਰਿਫਰੈਸ਼ਮੈਂਟ ਵਿੱਚ ਪੈਟੀਜ਼ ਦੇ ਨਾਲ ਚਾਹ ਦਿੱਤੀ ਗਈ। ਇਸ ਮੌਕੇ ਕੈਂਪ ਵਿੱਚ ਸੰਸਥਾ ਦੇ ਖਜ਼ਾਨਚੀ ਮੈਡਮ ਪ੍ਰਸ਼ੋਤਮ ਕੌਰ, ਕਾਲਜ ਦੇ ਪ੍ਰਿੰਸੀਪਲ ਪ੍ਰੋ. ਰਾਜ ਸਿੰਘ ਬਾਘਾ, ਫਿਜੀਕਲ ਵਿਭਾਗ ਦੇ ਮੁਖੀ ਪ੍ਰੋ. ਜਸਵਿੰਦਰ ਸਿੰਘ, ਐਨ.ਐਸ.ਐਸ ਕੋਆਰਡੀਨੇਟਰ ਪ੍ਰੋ. ਅੰਗਰੇਜ਼ ਸਿੰਘ ਅਤੇ ਨਰਸਿੰਗ ਟਿਊਟਰ ਅਮਨਦੀਪ ਕੌਰ ਆਦਿ ਵੀ ਹਾਜ਼ਿਰ ਸਨ।



# ਅੱਜ ਬਾਬਾ ਗੁਰਦਿੱਤਾ ਪਬਲਿਕ ਸਕੂਲ ਵਿੱਚ ਆਧਾਰ ਕਾਰਡ ਸੋਧ ਕੈਂਪ ਲਗਾਇਆ ਗਿਆ

ਪੰਜਾਬ ਦਾ ਖੁਲਾਸਾ

**ਨੂਰਪੁਰ ਬੇਦੀ 19 ਨਵੰਬਰ ਦਲਜੀਤ ਚਨੌਲੀ**- ਅੱਜ ਬਾਬਾ ਗੁਰਦਿੱਤਾ ਪਬਲਿਕ ਸਕੂਲ ਝੂਮੇਵਾਲ ਵਿਖੇ ਸਕੂਲ ਦੇ ਡਾਇਰੈਕਟਰ ਰਾਜਿੰਦਰ ਕਿਸਾਨਾ ਨੇ ਦੱਸਿਆ ਕਿ ਸੁਵਿਧਾ ਕੇਂਦਰ ਦੀ ਸਹਾਇਤਾ ਨਾਲ ਸਕੂਲ ਕੈਂਪਸ ਅੰਦਰ ਆਧਾਰ ਕਾਰਡ ਅੱਪਡੇਟ ਕਰਨ ਦਾ ਕੈਂਪ ਲਗਾਇਆ ਗਿਆ । ਜਿਸ ਨਾਲ ਬੱਚਿਆਂ ਨੂੰ ਤੇ ਅਧਿਆਪਕਾਂ ਨੂੰ ਬਿਨਾਂ ਸਕੂਲ ਤੋਂ ਛੁੱਟੀ ਕੀਤੇ ਹੋਏ ਆਪਣੇ ਆਧਾਰ ਕਾਰਡ ਅਪਡੇਟ ਕਰਵਾਉਣ ਦਾ ਮੌਕਾ ਮਿਲਿਆ । ਜਿਸ ਨਾਲ ਉਹਨਾਂ ਦੇ ਸਮੇਂ ਦੀ ਬੱਚਤ ਹੋਈ। ਇਸ ਮੌਕੇ ਤੇ ਪ੍ਰਿੰਸੀਪਲ ਰਾਜਿੰਦਰ ਕਿਸਾਨਾਂ ,ਵਾਈਸ ਪ੍ਰਿੰਸੀਪਲ ਮੈਡਮ ਸਿਮਰਨ ਕਿਸਾਨਾਂ, ਤੇ ਹੋਰ ਅਧਿਆਪਕ ਸੰਜੀਵ ਕੁਮਾਰ, ਸੁਖਵੀਰ ਸਿੰਘ ,ਹਰਪ੍ਰੀਤ ਕੌਰ, ਜਸਪ੍ਰੀਤ ਕੌਰ ,ਬਲਵਿੰਦਰ ਕੌਰ, ਹਰਸ਼ਦੀਪ ਕੌਰ ,ਮੀਨਾ ਦੇਵੀ, ਜਸਪ੍ਰੀਤ ਕੌਰ, ਰੁਪਿੰਦਰ ਕੌਰ ਆਦਿ ਹਾਜ਼ਰ ਸਨ।

# ਅਧਿਆਪਕਾ ਰਿੰਪੀ ਰਾਣੀ ਨੂੰ ਸਰਬੋਤਮ ਅਧਿਆਪਕ ਦਾ ਪੁਰਸਕਾਰ ਮਿਲਿਆ

ਪੰਜਾਬ ਦਾ ਖੁਲਾਸਾ




**ਰਾਮਾਂ ਮੰਡੀ, 19 ਨਵੰਬਰ, (ਅਸ਼ੋਕ)** ਸਟਾਰ ਪਲੱਸ ਕਾਨਵੈਂਟ ਸਕੂਲ ਦੀ ਸਾਇੰਸ ਅਧਿਆਪਕਾ ਰਿੰਪੀ ਰਾਣੀ ਨੂੰ ਐਫਏਪੀ ਬੈਸਟ ਟੀਚਰ ਨੈਸ਼ਨਲ ਐਵਾਰਡ ਮਿਲਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੀ ਪ੍ਰਿੰਸੀਪਲ ਮੋਨਿਕਾ ਧੀਮਾਨ ਨੇ ਦੱਸਿਆ ਕਿ ਚੰਡੀਗੜ੍ਹ ਯੂਨੀਵਰਸਿਟੀ ਵਿਖੇ ਐਫਏਪੀ ਵੱਲੋਂ ਨੈਸ਼ਨਲ ਐਵਾਰਡ-2024 ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵੱਖ-ਵੱਖ ਸਕੂਲਾਂ ਦੇ ਅਧਿਆਪਕਾਂ ਨੇ ਹਿੱਸਾ ਲਿਆ ਅਤੇ ਸਟਾਰ ਪਲੱਸ ਕਾਨਵੈਂਟ ਸਕੂਲ ਦੀ ਸਾਇੰਸ ਅਧਿਆਪਕਾ ਰਿੰਪੀ ਰਾਣੀ ਨੇ ਆਪਣੀ ਕਾਬਲੀਅਤ ਦਾ ਪ੍ਰਦਰਸ਼ਨ ਕੀਤਾ ਅਤੇ ਸਰਬੋਤਮ ਜਵਾਬ ਦੇ ਕੇ ਸਰਬੋਤਮ ਅਧਿਆਪਕ ਦਾ ਪੁਰਸਕਾਰ ਜਿੱਤਿਆ। ਉਨ੍ਹਾਂ ਦੱਸਿਆ ਕਿ ਇਹ ਸਮਾਗਮ ਜਗਜੀਤ ਸਿੰਘ ਧੂਰੀ ਦੀ ਯੋਗ ਅਗਵਾਈ ਹੇਠ ਕਰਵਾਇਆ ਗਿਆ। ਜੇਤੂ ਅਧਿਆਪਕ ਨੂੰ ਵਧਾਈ ਦਿੰਦੇ ਹੋਏ ਸਕੂਲ ਦੇ ਚੇਅਰਮੈਨ ਵਿਜੇ ਕੁਮਾਰ ਲਹਿਰੀ ਨੇ ਕਿਹਾ ਕਿ ਅਧਿਆਪਕਾ ਨੂੰ ਮਿਲੇ ਪੁਰਸਕਾਰ ਨੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ ਅਤੇ ਕਿਹਾ ਕਿ ਇਸ ਤੋਂ ਪਹਿਲਾਂ ਵੀ ਉਨ੍ਹਾਂ ਦੇ ਸਕੂਲ ਅਤੇ ਅਧਿਆਪਕਾਂ ਨੂੰ ਰਾਸ਼ਟਰੀ ਪੁਰਸਕਾਰ ਮਿਲ ਚੁੱਕਾ ਹੈ। ਸਿੱਖਿਆ ਦੇ ਖੇਤਰ ਵਿੱਚ ਸਕੂਲ ਨੂੰ ਇੱਕ ਵੱਖਰੀ ਪਛਾਣ ਮਿਲ ਰਹੀ ਹੈ ਅਤੇ ਅਧਿਆਪਕਾਂ ਨੂੰ ਜੋ ਰਾਸ਼ਟਰੀ ਪੱਧਰ 'ਤੇ ਪੁਰਸਕਾਰ ਮਿਲ ਰਹੇ ਹਨ, ਜੋ ਕਿ ਮਾਣ ਵਾਲੀ ਗੱਲ ਹੈ। ਉਨ੍ਹਾਂ ਤੋਂ ਇਲਾਵਾ ਸਕੂਲ ਪ੍ਰਧਾਨ ਤੇਲੂ ਰਾਮ ਲਹਿਰੀ, ਵਿੱਤ ਸਕੱਤਰ ਭੂਸ਼ਣ ਕੁਮਾਰ ਲਹਿਰੀ, ਮੀਤ ਪ੍ਰਧਾਨ ਰਜਤ ਗਰਗ, ਮੀਤ ਪ੍ਰਧਾਨ ਰਘੂ ਨੰਦਨ ਗਰਗ, ਉਪ ਵਿੱਤ ਸਕੱਤਰ ਸ਼ੁਭਮ ਗਰਗ, ਸਕੂਲ ਡਾਇਰੈਕਟਰ ਅਕਾਦਮਿਕ ਕ੍ਰਿਤਿਕਾ ਗਰਗ ਅਤੇ ਪ੍ਰਿੰਸੀਪਲ ਮੈਡਮ ਮੋਨਿਕਾ ਧੀਮਾਨ ਅਤੇ ਸਮੂਹ ਸਟਾਫ ਮੈਂਬਰਾਂ ਨੇ ਅਧਿਆਪਕਾ ਰਿੰਪੀ ਰਾਣੀ ਨੂੰ ਵਧਾਈ ਦਿੱਤੀ।

# ਸਰਕਾਰ ਦੇ ਲਾਰਿਆਂ ਤੋਂ ਅੱਕੇ ਮੋਟੀਵੇਟਰ ਪਹੁੰਚੇ ਜਲ ਸਪਲਾਈ ਮੰਤਰੀ ਦੇ ਧਨਾਨਸੁ ਸਮਾਗਮ ਵਿੱਚ

ਪੰਜਾਬ ਦਾ ਖੁਲਾਸਾ



**ਲੁਧਿਆਣਾ 19 , ਨਵੰਬਰ ( ਪੱਤਰ ਪ੍ਰੇਰਕ )** ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪੰਜਾਬ ਵਿੱਚ ਲੰਮੇ ਸਮੇਂ ਤੋਂ ਆਪਣੀਆਂ ਸੇਵਾਵਾਂ ਨਿਭਾਅ ਰਹੇ ਮੋਟੀਵੇਟਰ ਸਰਕਾਰ ਦੇ ਲਗਾਤਾਰ ਲਗਾਏ ਜਾ ਰਹੇ ਲਾਰਿਆਂ ਤੋਂ ਤੰਗ ਆ ਕੇ ਮੋਟੀਵੇਟਰ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਹਰਦੀਪ ਸਿੰਘ ਮੁੰਡੀਆ ਦੇ 19 ਨਵੰਬਰ ਨੂੰ ਪੰਚ ਸਹੁੰ ਚੁੱਕ ਸਮਾਗਮ ਵਿੱਚ ਪਹੁੰਚ ਗਏ ਤਾਂ ਪ੍ਰਸ਼ਾਸਨ ਵੱਲੋਂ ਮੋਟੀਵੇਟਰ ਯੂਨੀਅਨਆਗੂਆ ਦੀ ਮੀਟਿੰਗ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਨਾਲ ਸਾਮ ਚਾਰ ਵਜੇ ਨਿਸਚਿਤ ਕਰਵਾ ਦਿੱਤੀ। ਇਸ ਉਪਰੰਤ ਬਾਕੀ ਮੋਟੀਵੇਟਰ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਦੇ ਦਫਤਰ ਦੇ ਅੱਗੇ ਧਰਨਾ ਲਾ ਕੇ ਬੈਠ ਗਏ ।

ਇਸ ਸੰਬਧੀ ਜਾਣਕਾਰੀ ਦਿੰਦਿਆਂ ਸਿਕੰਦਰ ਸਿੰਘ ਅਤੇ ਸੂਬਾ ਵਰਕਿੰਗ ਕਮੇਟੀ ਮੋਟੀਵੇਟਰ ਯੂਨੀਅਨ ਰਜਿਸਟਰਡ 71 ਦੇ ਆਗੂਆਂ ਨੇ ਦੱਸਿਆ ਕਿ ਵੱਖ-ਵੱਖ ਸਰਕਾਰਾਂ ਵੱਲੋਂ ਸਮੇਂ ਸਮੇਂ ਤੇ ਉਹਨਾਂ ਨੂੰ ਲਾਰਿਆਂ ਦੇ ਲੋਲੀ ਪੋਪ ਦੇ ਕੇ ਸਮਾਂ ਲੰਘਾਇਆ ਗਿਆ ਅਤੇ ਮੌਜੂਦਾ ਸਰਕਾਰ ਵੱਲੋਂ ਵੀ ਭਗਵੰਤ ਸਿੰਘ ਮਾਨ ਵੱਲੋਂ ਲੋੜੀ ਦਾ ਤੋਹਫਾ ਦਿੰਦਿਆਂ ਮੋਟੀਵੇਟਰਾਂ ਨੂੰ ਪੱਕਾ ਕਰਨ ਦਾ ਵਾਅਦਾ ਕੀਤਾ ਸੀ ਜੋ ਅਜੇ ਤੱਕ ਪੂਰਾ ਨਹੀਂ ਕੀਤਾ ਗਿਆ ।

# ਖੱਡ ਬਠਲੌਰ ਸਕੂਲ ਦੀ ਲੜਕੀਆਂ ਦੀ ਰੱਸਾਕਸੀ ਟੀਮ ਨੇ ਹਾਸਿਲ ਕੀਤਾ ਜ਼ਿਲਾ ਪੱਧਰ 'ਤੇ ਪਹਿਲਾ ਸਥਾਨ

ਪੰਜਾਬ ਦਾ ਖੁਲਾਸਾ



**ਨੂਰਪੁਰਬੇਦੀ, 19 ਨਵੰਬਰ (ਦਲਜੀਤ ਚਨੌਲੀ)**-ਅੱਜ ਸ਼੍ਰੀ ਚਮਕੌਰ ਸਾਹਿਬ ਵਿਖੇ ਹੋਈਆਂ 68ਵੀਆਂ ਜ਼ਿਲਾ ਪੱਧਰੀ ਖੇਡਾਂ ਦੇ ਰੱਸਾਕਸੀ ਮੁਕਾਬਲਿਆਂ 'ਚ ਬਲਾਕ ਨੂਰਪੁਰਬੇਦੀ ਦੇ ਸਰਕਾਰੀ ਹਾਈ ਸਕੂਲ ਖੱਡ ਬਠਲੌਰ ਦੀ ਲੜਕੀਆਂ ਦੀ ਟੀਮ ਨੇ ਅੰਡਰ-17 ਸਾਲ ਉਮਰ ਦੇ 4 ਕੁਇੰਟਲ ਵਜਨ ਵਰਗ 'ਚ ਲਾਮਿਸਾਲ ਖੇਡ ਦਾ ਪ੍ਰਦਰਸ਼ਨ ਕਰਦਿਆਂ ਜ਼ਿਲਾ ਰੂਪਨਗਰ 'ਚੋਂ ਪਹਿਲਾ ਸਥਾਨ ਹਾਸਿਲ ਕੀਤਾ ਹੈ।

ਇਸ ਸੰਬਧ 'ਚ ਖਿਡਾਰੀਆਂ ਦੇ ਕੋਚ ਅਤੇ ਸਕੂਲ ਇੰਚਾਰਜ ਡੀ.ਪੀ.ਈ. ਪੰਕਜ ਵਸ਼ਿਸ਼ਟ ਨੇ ਦੱਸਿਆ ਕਿ ਅੱਜ ਹੋਏ ਉਕਤ ਫਾਈਨਲ ਮੁਕਾਬਲੇ ਦੌਰਾਨ ਸਾਡੇ ਸਕੂਲ ਦੀ ਟੀਮ ਦੀਆਂ ਖਿਡਾਰਨਾਂ ਨੇ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਉਂਦਿਆਂ ਸਕੂਲ ਆਫ ਐਮੀਨੈਂਸ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਸ਼੍ਰੀ ਚਮਕੌਰ ਸਾਹਿਬ ਦੀ ਟੀਮ ਨੂੰ ਹਰਾ ਕੇ ਜ਼ਿਲਾ ਪੱਧਰ 'ਤੇ ਪਹਿਲਾ ਸਥਾਨ ਹਾਸਿਲ ਕਰਦਿਆਂ ਸੂਬਾ ਪੱਧਰੀ ਮੁਕਾਬਲੇ ਲਈ ਆਪਣੀ ਚੋਣ ਕਰਵਾਈ ਹੈ। ਉਨ੍ਹਾਂ ਆਖਿਆ ਕਿ ਟੀਮ ਦੀਆਂ ਸਮੁੱਚੀਆਂ 10 ਖਿਡਾਰਨਾਂ ਜਿਨ੍ਹਾਂ 'ਚ 2 ਸਪੇਅਰ ਵੀ ਸ਼ਾਮਲ ਹਨ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਉਕਤ ਉਪਲੱਬਧੀ ਹਾਸਿਲ ਕਰਕੇ ਆਪਣੇ ਜ਼ਿਲੇ ਅਤੇ ਸਕੂਲ ਦਾ ਨਾਂ ਰੋਸ਼ਨ ਕੀਤਾ ਹੈ . ਸਕੂਲ ਇੰਚਾਰਜ ਡੀ.ਪੀ.ਈ. ਵਸ਼ਿਸ਼ਟ ਨੇ ਆਸ ਪ੍ਰਗਟਾਈ ਉਕਤ ਖਿਡਾਰਨਾਂ ਸੂਬਾ ਪੱਧਰੀ ਮੁਕਾਬਲਿਆਂ 'ਚ ਵੀ ਵਧੀਆ ਖੇਡ ਦਾ ਪ੍ਰਦਰਸ਼ਨ ਦੁਹਰਾਉਣਗੀਆਂ ? ਉਕਤ ਖਿਡਾਰਨਾਂ ਨੂੰ ਅੱਜ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਸ਼੍ਰੀ ਚਮਕੌਰ ਸਾਹਿਬ ਦੇ ਪ੍ਰਿੰਸੀਪਲ ਤੇ ਖੇਡ ਇੰਚਾਰਜ ਜਗਤਾਰ ਸਿੰਘ, ਸਪੋਰਟਸ ਕੁਆਰਡੀਨੇਟਰ ਸ਼ਰਨਜੀਤ ਕੌਰ, ਗੁਰਪ੍ਰੀਤ ਸਿੰਘ ਪੀ.ਟੀ.ਆਈ., ਹਰਮਨਜੀਤ ਸਿੰਘ ਅਤੇ ਸੁਖਵਿੰਦਰ ਸਿੰਘ ਆਦਿ ਖੇਡ ਪ੍ਰਬੰਧਕਾਂ ਨੇ ਇਨਾਮ ਪ੍ਰਦਾਨ ਕੀਤਾ. ਇਸ ਦੌਰਾਨ ਸਕੂਲ ਸਟਾਫ 'ਚ ਸ਼ਾਮਲ ਗੁਰਜੰਟ ਸਿੰਘ, ਸਿਮਰਨਜੋਤ ਕੌਰ, ਕਸ਼ਮੀਰ ਸਿੰਘ, ਦਵਿੰਦਰ ਸਿੰਘ ਅਤੇ ਮੋਨੂੰ ਗਰਗ ਨੇ ਕੋਚ ਤੇ ਸਕੂਲ ਇੰਚਾਰਜ ਡੀ.ਪੀ.ਈ. ਪੰਕਜ ਵਸ਼ਿਸ਼ਟ ਸਮੇਤ ਸਮੂਹ ਖਿਡਾਰਨਾਂ ਨੂੰ ਵਧਾਈ ਦਿੱਤੀ ਤੇ ਸੂਬਾ ਪੱਧਰੀ ਖੇਡਾਂ ਲਈ ਸ਼ੁਭਕਾਮਨਾਵਾਂ ਦਿੱਤੀਆਂ .

ਇਨਾਮ ਹਾਸਿਲ ਕਰਦੀਆਂ ਖੱਡ ਬਠਲੌਰ ਸਕੂਲ ਦੀਆਂ ਖਿਡਾਰਨਾਂ, ਨਾਲ ਖੜ੍ਹੇ ਕੋਚ ਪੰਕਜ ਵਸ਼ਿਸ਼ਟ ।

# ਪਾਣੀ ਦੀ ਕਿੱਲਤ ਸਬੰਧੀ ਵਫਦ ਡਿਪਟੀ ਕਮਿਸ਼ਨਰ ਨੂੰ ਮਿਲਿਆ

## ਪ੍ਰਸ਼ਾਸ਼ਨਿਕ ਅਣਗਿਹਲੀ ਤੇ ਨਿਗਮ ਦੇ ਮਾੜੇ ਪ੍ਰਬੰਧ ਜਿੰਮੇਵਾਰ - ਜਮਹੂਰੀ ਅਧਿਕਾਰ ਸਭਾ ਤੇ ਜਥੇਬੰਦੀਆਂ

ਪੰਜਾਬ ਦਾ ਖੁਲਾਸਾ



**ਬਠਿੰਡਾ , 19 ਨਵੰਬਰ ( ਸੱਤਪਾਲ ਮਾਨ ) : -** ਸਰਹਿੰਦ ਕਨਾਲ ਦੀ ਬਠਿੰਡਾ ਬਰਾਂਚ ਦੇ ਬਿਨਾਂ ਅਗਾਊਂ ਸੂਚਨਾ ਦਿੱਤੇ 28 ਅਕਤੂਬਰ ਤੋਂ ਬੰਦ ਕਰ ਦਿੱਤੇ ਜਾਣ ਕਾਰਨ ਸ਼ਹਿਰ ਚ ਪੀਣ ਵਾਲੇ ਪਾਣੀ ਦੀ ਭਾਰੀ ਕਿੱਲਤ ਪੈਦਾ ਹੋ ਗਈ ਹੈ,ਜਿਸ ਲਈ ਸਰਕਾਰ ਤੇ ਨਗਰ ਨਿਗਮ ਦੋਨੋਂ ਜਿੰਮੇਵਾਰ ਹਨ ♦ ਇਸ ਸਬੰਧੀ ਜਮਹੂਰੀ ਅਧਿਕਾਰ ਸਭਾ ਇਕਾਈ ਬਠਿੰਡਾ ਦੀ ਅਗਵਾਈ ਵਿੱਚ ਜਨਤਕ ਜਥੇਬੰਦੀਆਂ ਦਾ ਇੱਕ ਵਫਦ ਡਿਪਟੀ ਕਮਿਸ਼ਨਰ ਬਠਿੰਡਾ ਨੂੰ ਮਿਲਿਆ ਅਤੇ ਸਮੱਸਿਆ ਨੂੰ ਤੁਰੰਤ ਹੱਲ ਕੀਤੇ ਜਾਣ ਦੀ ਮੰਗ ਕੀਤੀ ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸਭਾ ਦੇ ਪ੍ਰੈੱਸ ਸਕੱਤਰ ਡਾ.ਅਜੀਤਪਾਲ ਸਿੰਘ ਨੇ ਦੱਸਿਆ ਕਿ ਬਠਿੰਡਾ ਸ਼ਹਿਰ ਲਈ 10 ਮਿਲੀਅਨ ਲੀਟਰ ਪ੍ਰਤੀ ਦਿਨ ਪੀਣ ਵਾਲੇ ਪਾਣੀ ਦੀ ਮੰਗ ਹੈ,ਜਿਸ ਨੂੰ ਪੂਰਾ ਕਰਨ ਲਈ ਸੁਚੱਜੇ ਪ੍ਰਬੰਧ ਕੀਤੇ ਜਾਣੇ ਤਾਂ ਇੱਕ ਪਾਸੇ ਰਹੇ ਉਲਟਾ ਪਾਣੀ ਦੀ ਬੂੰਦ-ਬੂੰਦ ਨੂੰ ਲੋਕ ਤਰਸ ਗਏ ਹਨ। ਅੱਜ ਦੇ ਵਫਦ ਵਿੱਚ ਜਮਹੂਰੀ ਅਧਿਕਾਰ ਸਭਾ ਦੇ ਜਿਲ੍ਹਾ ਪ੍ਰਧਾਨ ਪ੍ਰਿੰਸੀਪਲ ਬੱਗਾ ਸਿੰਘ,ਸਕੱਤਰ ਸਦੀਪ ਸਿੰਘ,ਵਿੱਤ ਸਕੱਤਰ ਸੰਤੋਖ ਸਿੰਘ ਮੱਲਣ,ਮਹਿੰਦਰ ਸਿੰਘ,ਗੁਰਤੇਜ ਸਿੰਘ,ਕਰਤਾਰ ਸਿੰਘ,ਹਨੀਸ਼ ਬਾਂਸਲ ਤੇ ਅਮਨਪ੍ਰੀਤ ਕੌਰ ਤੋਂ ਇਲਾਵਾ ਮੈਡੀਕਲ ਪੈਕਟੀਸ਼ਨਰ ਐਸੋਸੀਏਸ਼ਨ ਵੱਲੋਂ ਐਚਐਸ ਰਾਣੂ , ਤਰਕਸ਼ੀਲ ਸੁਸਾਇਟੀ ਵੱਲੋਂ ਹਾਕਮ ਸਿੰਘ,ਕੇਵਲ ਕ੍ਰਿਸ਼ਨ,ਬਿਕਰਮਜੀਤ ਅਤੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਠੇਕਾ ਮੁਲਾਜ਼ਮ ਯੂਨੀਅਨ ਵੱਲੋਂ ਗੁਰਿੰਦਰ ਪੰਨੂ ਤੇ ਗਗਨਦੀਪ ਸ਼ਾਮਲ ਹੋਏ ♦ ਵਫਦ ਨੇ ਡਿਪਟੀ ਕਮਿਸ਼ਨਰ ਨੂੰ ਜਾਣੂ ਕਰਾਇਆ ਕਿ ਮਿਉਂਸਿਪਲ ਕਾਰਪੋਰੇਸ਼ਨ ਨੇ ਸ਼ਹਿਰ ਲਈ ਪਾਣੀ ਦੇ ਸਟੋਰ ਖਾਤਰ ਜੋ ਡਿੱਗੀਆਂ ਤਾਮੀਰ ਕੀਤੀਆਂ ਹਨ ਉਹ ਲੋਕਾਂ ਦੀ ਲੋੜ ਪੂਰੀ ਕਰਨ ਤੋਂ ਅਸਮਰਥ ਹਨ ਅਤੇ ਉਹਨਾਂ ਵਿੱਚ ਜਮਾਂ ਹੋਈ ਗਾਰ ਵੀ ਨਹੀਂ ਕੱਢੀ ਜਾ ਰਹੀ । ਪੀਣ ਵਾਲਾ ਪਾਣੀ ਲੋਕਾਂ ਦੀ ਮੁੱਢਲੀ ਤੇ ਅਣਸਰਦੀ ਦੀ ਲੋੜ ਹੈ,ਜਿਸ ਪ੍ਰਤੀ ਪ੍ਰਸ਼ਾਸਨ ਦਾ ਵਤੀਰਾ ਜਿੰਮੇਵਾਰਾਨਾ ਨਹੀਂ ਹੈ ♦ ਸ਼ਹਿਰ ਦੇ ਲਾਇਨੋ ਪਾਰ ਇਲਾਕਿਆਂ ਜਿਵੇਂ ਲਾਲ ਸਿੰਘ ਬਸਤੀ,ਸੰਗੂਆਣਾ ਬਸਤੀ,ਅਮਰਪੁਰਾ,ਸੰਜੇ ਨਗਰ,ਵਰਧਮਾਨ ਕਲੋਨੀ,ਜਨਤਾ ਨਗਰ,ਪਰਸਰਾਮ ਨਗਰ ਸੁਰਖ਼ਪੀਰ ਰੋਡ,ਮੁਲਤਾਨੀਆ ਰੋਡ ਆਦਿ ਇਲਾਕਿਆਂ ਵਿੱਚ ਤਾਂ ਸਾਰਾ ਸਾਲ ਹੀ ਪਾਣੀ ਦੀ ਕਿੱਲਤ ਚਲਦੀ ਰਹਿੰਦੀ ਹੈ,ਜੋ ਨਹਿਰੀ ਬੰਦੀ ਦੌਰਾਨ ਹੋਰ ਵੱਧ ਗੰਭੀਰ ਹੋ ਜਾਂਦੀ ਹੈ ♦ ਨਹਿਰੀ ਬੰਦੀ ਦੌਰਾਨ ਪਾਣੀ ਸਪਲਾਈ ਦੀ ਕੋਈ ਸਮਾਂਸਾਰਨੀ ਵੀ ਨਿਰਧਾਰਿਤ ਨਹੀਂ ਕੀਤੀ ਜਾਂਦੀ ♦ ਨਹਿਰ ਬੰਦ ਕਰਨ ਤੋਂ ਪਹਿਲਾਂ ਸ਼ਹਿਰ ਨਿਵਾਸੀਆਂ ਜਾਂ ਕਿਸਾਨਾਂ ਤੋਂ ਕੋਈ ਰਾਇ ਨਹੀਂ ਲਈ ਜਾਂਦੀ ♦ ਹੋਰ ਤਾਂ ਹੋਰ ਇਸ ਨਹਿਰਬੰਦੀ ਨੂੰ ਸੰਬੰਧਿਤ ਅਧਿਕਾਰੀ ਹੋਰ ਵਧਾ ਸਕਦੇ ਹਨ ♦ ਥਰਮਲ ਦੀਆਂ ਝੀਲਾਂ ਤੇ ਪਾਣੀ ਨੂੰ ਰੋਜ਼ ਗਾਰਡਨ ਦੀਆਂ ਡਿੱਗੀਆਂ ਨਾਲ ਜੋੜੇ ਜਾਣ ਦਾ ਪ੍ਰੋਜੈਕਟ ਵੀ ਅਜੇ ਅੱਧ ਵਿਚਾਲੇ ਲੜਕਿਆ ਪਿਆ ਹੈ। ਵਫਦ ਨੇ ਮੰਗ ਕੀਤੀ ਕਿ ਸ਼ਹਿਰ ਅੰਦਰ ਪਾਣੀ ਦੀ ਸਪਲਾਈ ਯਕੀਨੀ ਬਣਾਉਣ ਲਈ ਪਾਣੀ ਦੇ ਟੈਂਕਾਂ ਦੀ ਸਮਰਥਾ ਵਧਾਈ ਜਾਵੇ ♦ ਬੇਤਰਤੀਬੇ ਤੇ ਬੇਢੰਗੇ ਤਰੀਕੇ ਨਾਲ ਕੀਤੀ ਨਹਿਰੀਬੰਦੀ ਜਲਦੀ ਖੁਲ੍ਹਵਾ ਕੇ ਲੋਕਾਂ ਦੇ ਘਰਾਂ ਚ ਪਾਣੀ ਪਹੁੰਚਦਾ ਕੀਤਾ ਜਾਵੇ ।

# ਫਤਿਹ ਕਾਲਜ ਰਾਮਪੁਰਾ ਫੂਲ ਵਿਖੇ ਯੂਨੀਵਰਸਿਟੀ ਯੂਥ ਫੈਸਟੀਵਲ ਦੇ ਜੇਤੂ ਵਿਦਿਆਰਥੀ ਕਲਾਕਾਰਾਂ ਦਾ ਸਨਮਾਨ ਸਮਾਰੋਹ ਆਯੋਜਤ

## ਇੰਟਰ ਜੋਨ ਵਿੱਚੋਂ ਲੋਕ ਗੀਤ ਦੂਜੇ , ਜੋਨ ਪੱਧਰ ਤੇ ਲੋਕ ਗੀਤ , ਨਾਟਕ ਤੇ ਸਕਿੱਟ ਚੋਂ ਪਹਿਲਾ, ਗੀਤ-ਗਜ਼ਲ, ਲੋਕ ਸਾਜ਼, ਮਿਮਕੱਰੀ, ਕਵਿਤਾ ਮੁਕਾਬਲਿਆਂ ਵਿੱਚੋਂ ਦੂਜਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀ ਮੈਡਲਾਂ ਨਾਲ ਸਨਮਾਨਿਤ

ਪੰਜਾਬ ਦਾ ਖੁਲਾਸਾ

**ਰਾਮਪੁਰਾ ਫੂਲ, 19 ਨਵੰਬਰ (ਜਸਵੰਤ ਦਰਦ ਪ੍ਰੀਤ)**- ਫਤਿਹ ਗਰੁੱਪ ਆਫ ਇੰਸਟੀਚਿਊਸ਼ਨਜ਼ ਰਾਮਪੁਰਾ ਫੂਲ ਵਿਖੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਆਯੋਜਤ ਯੂਥ ਫੈਸਟੀਬਲ ਦੇ ਵੱਖ ਵੱਖ ਪੱਧਰ ਤੇ ਜੇਤੂ ਵਿਦਿਆਰਥੀਆਂ ਲਈ ਵਿਸ਼ੇਸ਼ ਸਨਮਾਨ ਸਮਾਰੋਹ ਆਯੋਜਤ ਕੀਤਾ ਗਿਆ ਜਿਸ ਵਿੱਚ ਵਿਸ਼ੇਸ਼ ਮਹਿਮਾਨ ਤੌਰ ਤੇ ਸੰਸਥਾ ਦੇ ਚੇਅਰਮੈਨ ਐਸ ਐਸ ਚੱਠਾ ਬਿਰਾਜਮਾਨ ਹੋਏ। ਇਸ ਮੌਕੇ ਵਿਦਿਆਰਥੀਆਂ ਵੱਲੋਂ ਆਪਣੀਆਂ ਖੂਬਸੂਰਤ ਜੇਤੂ ਵੰਨਗੀਆਂ ਦੀਆਂ ਪੇਸ਼ਕਾਰੀਆਂ ਦਿੱਤੀਆਂ ਗਈਆਂ ਜਿੰਨ੍ਹਾਂ ਨੂੰ ਦਰਸ਼ਕਾਂ ਦੀ ਭਰਪੂਰ ਸਲਾਘਾ ਮਿਲੀ। ਸਹਾਇਕ ਡਾਇਰੈਕਟਰ ਹਰਪ੍ਰੀਤ ਸ਼ਰਮਾ ਤੇ ਕੋਆਰਡੀਨੇਟਰ ਪ੍ਰੋ ਰਮਨਪ੍ਰੀਤ ਕੌਰ ਨੇ ਦੱਸਿਆ ਕਿ ਯੂਥ ਫੈਸਟੀਵਲ ਦੇ ਇੰਟਰ ਜੋਨ ਮੁਕਾਬਲਿਆਂ ਵਿੱਚੋਂ ਸੰਸਥਾ ਦੇ ਸਲੀਮ ਖਾਨ ਨੇ ਲੋਕ ਗੀਤ ਮੁਕਾਬਲਿਆਂ ਵਿੱਚੋਂ ਦੂਜਾ ਸਥਾਨ ਤੇ ਜੋਨ ਪੱਧਰੀ ਮੁਕਾਬਲਿਆਂ ਵਿੱਚੋ ਲੋਕ ਗੀਤ ਵਿੱਚੋਂ ਪਹਿਲਾ ਸਥਾਨ ਤੇ ਗੀਤ ਗਜਲ ਵਿੱਚੋਂ ਦੂਜਾ ਸਥਾਨ ਹਾਸਲ ਕੀਤਾ ਗਿਆ। ਇਸੇ ਤਰਾਂ ਬਠਿੰਡਾ ਫਰੀਦਕੋਟ ਜ਼ੋਨ ਪੱਧਰੀ ਖੇਤਰੀ ਯੁਵਕ ਮੇਲੇ ਦੇ ਰੰਗਮੰਚ (ਥੀਏਟਰ) ਮੁਕਾਬਲਿਆਂ ਵਿੱਚੋਂ ਓਵਰਆਲ ਟਰਾਫੀ ਜਿੱਤੀ ਜਿਸ ਵਿੱਚ ਨਾਟਕ , ਸਕਿੱਟ ਵਿੱਚੋਂ ਪਹਿਲਾ ਸਥਾਨ ਤੇ ਮਿਮੱਕਰੀ ਦੂਜਾ ਸਥਾਨ ਹਾਸਲ ਕੀਤਾ । ਇਸੇ ਤਰਾਂ ਗੀਤ ਗਜਲ ਤੇ ਲੋਕ ਸਾਜ਼ ਤੇ ਕਵਿਤਾ ਉਚਾਰਣ ਮੁਕਾਬਲਿਆਂ ਵਿੱਚੋਂ ਵੀ ਜੋਨ ਪੱਧਰ ਤੇ ਦੂਜਾ ਸਥਾਨ ਹਾਸਲ ਕੀਤਾ । ਉਕਤ ਜੇਤੂ ਵਿਦਿਆਰਥੀਆਂ ਲਈ ਸੰਸਥਾ ਵਿੱਚ ਇੱਕ ਵਿਸ਼ੇਸ਼ ਸਨਮਾਨ ਸਮਾਰੋਹ ਤੇ ਰੰਗਾਰੰਗ ਪ੍ਰੋਗਰਾਮ ਆਯੋਜਤ ਕੀਤਾ ਗਿਆ ਜਿਸ ਵਿੱਚ ਸਾਰੇ ਕਲਾਕਾਰ ਵਿਦਿਆਰਥੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਗਾਇਕ ਸਲੀਮ ਖਾਨ, ਗੋਲਡ ਮੈਡਲਿਸਟ ਗਾਇਕ ਪਰਮ ਸਿੱਧੂ ਤੇ ਚੇਅਰਮੈਨ ਐਸ ਐਸ ਚੱਠਾ ਨੇ ਸਭਿਆਚਾਰਕ ਗੀਤ ਗਾ ਕੇ ਦਰਸ਼ਕਾਂ ਦਾ ਦਿਲ ਜਿੱਤਿਆ। ਵਿਦਿਆਰਥੀ ਦਿਲਵਰਜੋਤ ਸਿੰਘ, ਵਿਪੀਤ ਸਿੰਘ, ਅਨਿਲ ਚੌਹਾਨ , ਰੋਹਿਤ, ਹਰਜੋਤ ਕੌਰ, ਸੁਖਜੀਤ ਕੌਰ, ਨਰਿੰਦਰ ਕੁਮਾਰ, ਅਮਨਦੀਪ ਕੌਰ, ਜਸਪ੍ਰੀਤ ਕੌਰ, ਸਲੀਮ ਖਾਨ , ਰੋਹਿਤ , ਅਨਿਲ, ਰਮਨਦੀਪ ਸਿੰਘ, ,ਅਮਨਦੀਪ ਕੌਰ ਤੇ ਸੁਖਜੀਤ ਕੌਰ , ਜਸਪ੍ਰੀਤ ਕੌਰ ਨੂੰ ਮੈਡਲ ਪਾ ਕੇ ਕਾਲਜ ਮੈਨੇਜਮੈਂਟ ਵੱਲੋਂ ਸਨਮਾਨਿਤ ਕੀਤਾ ਗਿਆ । ਸੰਸਥਾ ਦੇ ਚੇਅਰਮੈਨ ਐਸ ਐਸ ਚੱਠਾ ਨੇ ਸ਼ਾਨਦਾਰ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਤੇ ਉਨ੍ਹਾਂ ਨੂੰ ਲਗਾਤਾਰ ਮਿਹਨਤ ਕਰਨ ਲਈ ਪ੍ਰੇਰਿਆ। ਉਨ੍ਹਾਂ ਇਲਾਕੇ ਵਿੱਚ ਨੌਜਵਾਨਾਂ ਨੂੰ ਪੜ੍ਹਾਈ ਦੇ ਨਾਲ ਨਾਲ ਕਾਬਿਲ ਇਨਸਾਨ ਬਣਾਉਣ ਦੀ ਆਪਣੀ ਵੱਚਣਬੱਧਤਾ ਦੁਹਰਾਈ।

ਐਮਡੀ ਮਨਜੀਤ ਕੌਰ ਚੱਠਾ, ਪ੍ਰਿੰਸੀਪਲ ਡਾ ਜਗਵਿੰਦਰ ਸਿੰਘ, ਰਜਿਸਟਰਾਰ ਡਾ ਰਜਿੰਦਰ ਕੁਮਾਰ ਤ੍ਰਿਪਾਠੀ, ਸਹਾਇਕ ਡਾਇਰੈਕਟਰ ਜਸਵਿੰਦਰ ਸਿੰਘ, ਕੋ-ਕੋਆਰਡੀਨੇਟਰ ਸੰਦੀਪ ਕੌਰ, ਕ੍ਰਿਸ਼ਨ ਸਿੰਘ, ਹਰਜੀਤ ਕੌਰ, ਸਾਇੰਸ ਵਿਭਾਗ ਮੁਖੀ ਕਰਮਜੀਤ ਕੌਰ, ਕਾਮਰਸ ਵਿਭਾਗ ਮੁਖੀ ਅਨੀਤਾ ਗਰਗ, ਆਰਟਸ ਵਿਭਾਗ ਮੁਖੀ ਰੋਬਿਨ ਮੰਗਲਾ, ਸਾਇਕਾਲੋਜੀ ਵਿਭਾਗ ਮੁਖੀ ਮਨਦੀਪ ਕੌਰ, ਰਾਜਨੀਤੀ ਸ਼ਾਸ਼ਤਰ ਵਿਭਾਗ ਮੁਖੀ ਜਸਪ੍ਰੀਤ ਕੌਰ, ਐਜੂਕੇਸ਼ਨ ਵਿਭਾਗ ਦੇ ਡਾ ਗੁਰਵਿੰਦਰ ਸਿੰਘ, ਪੂਜਾ ਰਾਣੀ, ਜੋਨੀ ਰਾਣੀ, ਸੁਖਜੀਤ ਕੌਰ, ਪੰਜਾਬੀ ਵਿਭਾਗ ਦੇ ਸੁਖਬੀਰ ਸਿੰਘ, ਰਣਜੀਤ ਸਿੰਘ, ਬੀਬੀਏ ਵਿਭਾਗ ਦੇ ਪ੍ਰੋ ਦੀਪਤੀ, ਅੰਗਰੇਜੀ ਵਿਭਾਗ ਦੇ ਪ੍ਰੋ ਅਨੀਕਾ, ਹਰਪ੍ਰੀਤ ਕੌਰ, ਸਾਇੰਸ ਵਿਭਾਗ ਮੁਖੀ ਚਰਨਜੀਤ ਕੌਰ, ਪ੍ਰੋ ਸੋਨੀਆ, ਪ੍ਰੋ ਸੁਨੀਤਾ , ਫੈਸ਼ਨ ਟੈਕਨਾਲੋਜੀ ਵਿਭਾਗ ਦੇ ਪ੍ਰੋ ਸੁਖਪ੍ਰੀਤ ਕੌਰ, ਪ੍ਰੋ ਗਗਨਦੀਪ ਕੌਰ ਗੁੰਮਟੀ ਕਲ੍ਹਾਂ, ਖੇਡ ਵਿਭਾਗ ਮੁਖੀ ਕੁਲਦੀਪ ਸਿੰਘ, ਵਰਿੰਦਰ ਕੌਰ ਸਮੇਤ ਸਮੂਹ ਸਟਾਫ ਨੇ ਯੂਥ ਫੈਸਟੀਬਲ ਵਿੱਚ ਪੁਜੀਸ਼ਨਾ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ, ਕੋਚ ਪਰਮ ਸਿੱਧੂ, ਗਿੰਨੀ ਖਾਨ, ਸੌਰਵ, ਅਕਸ ਮਹਿਰਾਜ, ਸੋਨੀ ਢਿੱਲੋਂ , ਗਗਨ ਬਠਿੰਡਾ ਨੂੰ ਮੁਬਾਰਕਬਾਦ ਦਿੱਤੀ।

# ਸਿਹਤ ਵਿਭਾਗ ਵਲੋਂ ਟੀਕਾਕਰਨ ਪ੍ਰੋਗਰਾਮ ਅਧੀਨ ਕੋਲਡ ਚੇਨ ਹੈਂਡਲਰ ਨੂੰ ਯੂ-ਵਿਨ ਪੋਰਟਲ ਸਬੰਧੀ ਦਿੱਤੀ ਗਈ ਟਰੇਨਿੰਗ

ਪੰਜਾਬ ਦਾ ਖੁਲਾਸਾ

**ਸ਼੍ਰੀ ਮੁਕਤਸਰ ਸਾਹਿਬ, 19 ਨਵੰਬਰ** - ਸਿਹਤ ਵਿਭਾਗ ਲੋਕਾਂ ਨੂੰ ਤੰਦਰੁਸਤ ਰੱਖਣ ਲਈ ਲਗਾਤਾਰ ਉਪਰਾਲੇ ਕਰ ਰਿਹਾ ਹੈ ।ਇਸ ਸਬੰਧ ਵਿਚ ਸਿਹਤ ਵਿਭਾਗ ਵਲੋਂ ਰੁਟੀਨ ਟੀਕਾਕਰਨ ਦਾ ਪੂਰਾ ਆਨਲਾਇਨ ਰਿਕਾਰਡ ਯੂ-ਵਿਨ ਪੋਰਟਲ ਤੇ ਰੱਖਿਆ ਜਾਂਦਾ ਹੈ ਅਤੇ ਯੂ-ਵਿਨ ਪੋਰਟਲ ਸਬੰਧੀ ਸਿਹਤ ਵਿਭਾਗ ਦੇ ਟੀਕਾਕਰਨ ਨਾਲ ਸਬੰਧਤ ਸਟਾਫ ਨੂੰ ਪਹਿਲਾਂ ਹੀ ਟਰੇਨਿੰਗ ਦਿੱਤੀ ਜਾ ਚੁੱਕੀ ਹੈ।ਇਸ ਸਬੰਧ ਵਿਚ ਅੱਜ ਜਿਲ੍ਹਾ ਸ਼੍ਰੀ ਮੁਕਤਸਰ ਸਾਹਿਬ ਸਾਰੇ ਕੋਲਡ ਚੇਨ ਪੋਆਇੰਟ ਤੇ ਕੰਮ ਕਰਦੇ ਕੋਲਡ ਚੇਨ ਹੈਂਡਲਰਾਂ ਨੂੰ ਯੂ-ਵਿਨ ਪੋਰਟਲ ਦੀ ਟਰੇਨਿੰਗ ਦਫਤਰ ਸਿਵਲ ਸਰਜਨ ਸ਼੍ਰੀ ਮੁਕਤਸਰ ਸਾਹਿਬ ਵਿਖੇ ਡਾ ਜਗਦੀਪ ਚਾਵਲਾ ਸਿਵਲ ਸਰਜਨ ਦੀ ਪ੍ਰਧਾਨਗੀ ਹੇਠ ਕਰਵਾਈ ਗਈ।ਇਸ ਟਰੇਨਿੰਗ ਦੋਰਾਨ ਡਾ ਜਗਦੀਪ ਚਾਵਲਾ ਨੇ ਕਿਹਾ ਕਿ ਸਿਹਤ ਵਿਭਾਗ ਵਲੋਂ ਸਾਰੀਆਂ ਗਰਭਵਤੀ ਔਰਤਾਂ ਅਤੇ ਬੱਚਿਆਂ ਦੇ ਟੀਕਾਕਰਨ ਦਾ ਪੂਰਾ ਰਿਕਾਰਡ ਆਨਲਾਇਨ ਯੂ-ਵਿਨ ਪੋਰਟਲ ਤੇ ਰੱਖਿਆ ਜਾ ਰਿਹਾ ਹੈ ।ਇਸ ਸਬੰਧ ਵਿਚ ਜਿਲ੍ਹੇ ਵਿਚ 24 ਕੋਲਡ ਸਟੋਰੇਜ਼ ਪੋਆਇੰਟ ਬਣਾਏ ਗਏ ਹਨ ਜਿੱਥੇ ਕੇ ਵੈਕਸੀਨ ਦਾ ਰੱਖ ਰਖਾਵ ਵਧੀਆ ਤਰੀਕੇ ਨਾਲ ਕੀਤਾ ਜਾ ਰਿਹਾ ਹੈ ।ਹੁਣ ਹਰ ਇੱਕ ਕੋਲਡ ਸਟੋਰੇਜ਼ ਪੋਆਇੰਟ ਤੇ ਪਈ ਵੈਕਸੀਨ ਅਤੇ ਜਾਰੀ ਕੀਤੀ ਕੀਤੀ ਵੈਕਸੀਨ ਦਾ ਸਟਾਕ ਵੀ ਯੂ-ਵਿਨ ਪੋਰਟਲ ਤੇ ਅੱਪਲੋਡ ਕੀਤਾ ਜਾਵੇਗਾ ਤਾਂ ਜੋ ਵੈਕਸੀਨ ਦੀ ਕਿਤੇ ਵੀ ਘਾਟ ਨਾ ਹੋਵੇ ।ਉਨ੍ਹਾ ਕਿਹਾ ਕਿ ਸਿਹਤ ਵਿਭਾਗ ਵਲੋਂ ਬੱਚਿਆਂ ਦੀ ਮੌਤ ਦਰ ਨੂੰ ਘਟਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਜਿਸ ਵਿਚ ਮਾਂ ਦੀ ਗਰਭ ਦੋਰਾਨ ਦੇਖ ਭਾਲ ਦੇ ਨਾਲ ਨਾਲ ਸਰਕਾਰੀ ਸਿਹਤ ਸੰਸਥਾਵਾਂ ਵਿਚ ਮੁਫਤ ਜਨੇਪੇ ਕੀਤੇ ਜਾ ਰਹੇ ਹਨ ਅਤੇ ਬੱਚਿਆਂ ਨੂੰ ਮਾਰੂ ਬੀਮਾਰੀਆਂ ਤੋਂ ਬਚਾਉਣ ਲਈ ਜਨਮ ਤੋਂ ਹੀ ਮੁਫਤ ਟੀਕਾਕਰਨ ਸ਼ੁਰੂ ਕੀਤਾ ਜਾਂਦਾ ਹੈ ਅਤੇ ਹਰ ਬੁੱਧਵਾਰ ਸਾਰੇ ਜਿਲ੍ਹੇ ਵਿਚ ਪਿੰਡਾਂ ਅਤੇ ਸ਼ਹਿਰਾਂ ਵਿਚ ਵਿਸ਼ੇਸ਼ ਟੀਕਾਕਰਨ ਕੈਂਪ ਲਗਾ ਕੇ ਬੱਚਿਆਂ ਦਾ ਟੀਕਰਕਨ ਕੀਤਾ ਜਾ ਰਿਹਾ ਹੈ।ਉਨ੍ਹਾ ਕਿਹਾ ਕਿ ਸਿਹਤ ਵਿਭਾਗ ਵਲੋਂ 12 ਮਾਰੂ ਬੀਮਾਰੀਆਂ ਦਾ ਮੁਫਤ ਟੀਕਾਕਰਨ ਕੀਤਾ ਜਾ ਰਿਹਾ ਹੈ ਅਤੇ ਟੀਕਾਕਰਨ ਦਾ ਸਾਰਾ ਰਿਕਾਰਡ ਆਨਲਾਇਨ ਰੱਖਿਆ ਜਾ ਰਿਹਾ ਹੈ ।ਇਸ ਮੌਕੇ ਸੁਖਮੰਦਰ ਸਿੰਘ ਜਿਲ੍ਹਾ ਮਾਸ ਮੀਡੀਆ ਅਫਸਰ, ਸਰਬਜੀਤ ਸਿੰਘ ਜਿਲ੍ਹਾ ਕੋਲਡ ਚੇਨ ਅਫਸਰ,ਲਾਲ ਚੰਦ ਜਿਲ੍ਹਾ ਸਿਹਤ ਇਸਪੈਕਟਰ, ਖੁਸ਼ਵੰਤ ਸਿੰਘ ਵੀ.ਸੀ.ਸੀ.ਐਮ., ਰਵਿੰਦਰ ਗਰੋਵਰ, ਭੁਪਿੰਦਰ ਸਿੰਘ ਸਟੈਨੋ ਅਤੇ ਜਿਲ੍ਹੇ ਦੇ ਸਮੂਹ ਕੋਲਡ ਚੇਨ ਹੈਂਡਲਰ ਹਾਜ਼ਰ ਸਨ।



# ਫਗਵਾੜਾ ਪੁਲਿਸ ਨੇ ਗੈਰ ਕਾਨੂੰਨੀ ਢੰਗ ਨਾਲ ਚੱਲਾਏ ਜਾ ਰਹੇ ਪੀ ਜੀਆ ਦੀ ਕੀਤੀ ਚੈਕਿੰਗ

ਪੰਜਾਬ ਦਾ ਖੁਲਾਸਾ

**ਫਗਵਾੜਾ 19 ਨਵੰਬਰ ( ਪ੍ਰੀਤ ਕੌਰ ਪ੍ਰੀਤੀ** ) ਸ੍ਰੀਮਤੀ ਵਤਸਲਾ ਗੁਪਤਾ ਸੀਨੀਅਰ ਪੁਲਿਸ ਕਪਤਾਨ ਕਪੂਰਥਲਾ ਵਲੋ ਪੀ ਜੀਆ ਵਿੱਚ ਬਿਨਾ ਤਸਦੀਕ ਕੀਤੇ ਸਟੂਡੈਂਟ/ਕਿਰਾਏਦਾਰ ਰਹਿਣ ਅਤੇ ਪੀ ਜੀ ਮਾਲਕਾ ਦੇ ਖਿਲਾਫ ਕਾਨੂੰਨੀ ਕਾਰਵਾਈ ਕਰਕੇ ਗ੍ਰਿਫਤਾਰ ਕਰਨ ਲਈ ਚਲਾਈ ਮੁਹਿੰਮ ਤਹਿਤ,ਸ੍ਰੀਮਤੀ ਰੁਪਿੰਦਰ ਕੌਰ ਭੱਟੀ ਪੁਲਿਸ ਕਪਤਾਨ ਸਬ-ਡਵੀਜਨ ਫਗਵਾੜਾ, ਸ੍ਰੀ ਭਾਰਤ ਭੂਸ਼ਨ ਉਪ-ਪੁਲਿਸ ਕਪਤਾਨ ਸਬ ਡਵੀਜਨ ਫਗਵਾੜਾ ਅਤੇ ਇੰਸਪੈਕਟਰ ਗੌਰਵ ਧੀਰ 411/ਜੇ ਆਰ ਮੁੱਖ ਅਫਸਰ ਥਾਣਾ ਸਤਨਾਮਪੁਰਾ ਫਗਵਾੜਾ ਦੀ ਯੋਗ ਅਗਵਾਈ ਹੇਠ ਏ.ਐਸ.ਆਈ ਦਰਸ਼ਨ ਸਿੰਘ ਨੰਬਰ

119/ਕਪੂ: ਸਮੇਤ ਸਾਥੀ ਕਰਮਚਾਰੀਆ ਦੀ ਮਦਦ ਨਾਲ ਲਵਲੀ ਯੂਨੀਵਰਸਿਟੀ ਮਹੇੜੂ ਦੇ ਨੇੜੇ ਵੱਖ-ਵੱਖ ਟੀਮਾ ਬਣਾ ਕੇ ਪੀ ਜੀਆ ਦੀ ਚੈਕਿੰਗ ਕੀਤੀ ਗਈ ਦੋਰਾਨੇ ਚੈਕਿੰਗ ਰਾਧੇ ਸ਼ਾਮ ਪੀਜੀ ਦੇ ਮਾਲਕ ਦੇ ਖਿਲਾਫ ਮੁਕੱਦਮਾ ਨੰਬਰ 147 ਮਿਤੀ 18.11.2024 ਅ/ਧ 223 BNS (188 :) ਥਾਣਾ

ਸਤਨਾਮਪੁਰਾ ਫਗਵਾੜਾ ਜ਼ਿਲ੍ਹਾ ਕਪੂਰਥਲਾ, ਸਪੈਸ਼ਰ ਪੀ ਜੀ ਦੇ ਮਾਲਕ ਖਿਲਾਫ ਮੁਕੱਦਮਾ ਨੰਬਰ 148 ਮਿਤੀ 18.11.2024 ਅ/ਧ 223 BNS (188 ਭ:ਦ) ਥਾਣਾ ਸਤਨਾਮਪੁਰਾ ਫਗਵਾੜਾ ਜ਼ਿਲ੍ਹਾ ਕਪੂਰਥਲਾ ਅਤੇ ਐਸ.ਡੀ ਗੈਸ਼ਟ ਹਾਉਸ ਪੀਜੀ ਮਹੇੜੂ ਦੇ ਮਾਲਕ ਖਿਲਾਫ ਮੁਕੱਦਮਾ ਨੰਬਰ 149 ਮਿਤੀ18.11.2024 ਅ/ਧ 223 BNS (188 ਭ:ਦ) ਥਾਣਾ ਸਤਨਾਮਪੁਰਾ ਫਗਵਾੜਾ ਦਰਜ਼ ਰਜਿਸਟਰ ਕੀਤੇ ਗਏ। ਮੁਕੱਦਮਾ ਹਜਾ ਵਿਚ ਮਾਲਕਾ ਦੀਆ ਤਸਦੀਕਾ ਕਰਕੇ ਮੁਕੱਦਮਾ ਹਜਾ ਵਿੱਚ ਨਾਮਜਦ ਕਰਕੇ ਅਗੇਰਲੀ ਕਾਰਵਾਈ ਅਮਲ ਵਿੱਚ ਲਿਆਦੀ ਜਾਵੇਗੀ ਤੇ ਹੋਰ ਪੀਜੀਆਂ ਦੇ ਮਾਲਕਾ ਨੂੰ ਹਦਾਇਤ ਕੀਤੀ ਗਈ ਕਿ ਸਟੂਡੈਂਟ/ਕਿਰਾਏਦਾਰ ਰੱਖਣ ਤੋ ਪਹਿਲਾ ਸੀ ਫਾਰਮ ਅਤੇ ਆਪਣੇ ਪੀਜੀ ਦੇ ਰਜਿਸਟ੍ਰੇਸ਼ਨ ਸਰਟੀਫਿਕੇਟ ਬਣਾਉਣ ਅਤੇ ਅੱਗੇ ਤੋ ਵੀ ਸਮੇ-ਸਮੇ ਸਿਰ ਪੀਜੀਆ ਦੀ ਚੈਕਿੰਗ ਕੀਤੀ ਜਾਵੇਗੀ ਗੈਰ ਕਾਨੂੰਨੀ ਪੀਜੀਆ ਦੇ ਮਾਲਕਾ ਖਿਲਾਫ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਦੀ ਜਾਵੇਗੀ।



# ਸ਼੍ਰੀ ਮਹਾਵੀਰ ਜੈਨ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੇ ਕਾਮਰਸ ਲੈਕਚਰਾਰ ਨੂੰ ਸਰਵੋਤਮ ਅਧਿਆਪਕ ਦਾ ਪੁਰਸਕਾਰ ਮਿਲਿਆ

ਪੰਜਾਬ ਦਾ ਖੁਲਾਸਾ

**ਫਗਵਾੜਾ, 19 ਨਵੰਬਰ (ਪ੍ਰੀਤ ਕੌਰ ਪ੍ਰੀਤੀ)** ਸ਼੍ਰੀ ਮਹਾਵੀਰ ਜੈਨ ਮਾਡਲ ਸੀਨੀਅਰ ਸੈਕੰਡਰੀ ਸਕੂਲ, ਹੁਸ਼ਿਆਰਪੁਰ ਰੋਡ, ਫਗਵਾੜਾ ਦੇ ਸੁਨਹਿਰੀ ਇਤਿਹਾਸ ਵਿਚ ਇਕ ਹੋਰ ਨਵਾਂ ਅਧਿਆਏ ਜੋੜਦੇ ਹੋਏ ਸਕੂਲ ਦੇ ਸ਼ਾਨਦਾਰ ਪ੍ਰਤਿਭਾਸ਼ਾਲੀ ਸੀਨੀਅਰ ਕਾਮਰਸ ਪ੍ਰੋਫੈਸਰ ਪ੍ਰਦੀਪ ਸਿੰਘ ਨੂੰ ਰਾਸ਼ਟਰੀ ਪੱਧਰ ‘ਤੇ ਚੁਣਿਆ ਗਿਆ ਹੈ ਅਤੇ ਉਨ੍ਹਾਂ ਨੂੰ ਸਰਵੋਤਮ ਅਧਿਆਪਕ ਦਾ ਪੁਰਸਕਾਰ ਮਿਲਿਆ ਹੈ। ਪੁਰਸਕਾਰ ਜਾਣਕਾਰੀ ਦਿੰਦਿਆਂ ਸਕੂਲ ਦੇ ਪ੍ਰਿੰਸੀਪਲ ਜਗਪਾਲ ਸਿੰਘ ਨੇ ਦੱਸਿਆ ਕਿ ਐਫ.ਏ.ਪੀ. ਸਕੂਲ ਦੇ ਤਜਰਬੇਕਾਰ ਕਾਮਰਸ ਲੈਕਚਰਾਰ ਪ੍ਰਦੀਪ ਸਿੰਘ ਨੂੰ ਨੈਸ਼ਨਲ ਅਵਾਰਡ 2024 ਦੇ ਤਹਿਤ ਇਹ ਸਨਮਾਨ ਅਤੇ ਸਨਮਾਨ ਸਿੱਖਿਆ ਦੇ ਖੇਤਰ ਵਿੱਚ ਉਨ੍ਹਾਂ ਦੀਆਂ ਸਫਲਤਾਵਾਂ ਅਤੇ ਪ੍ਰਾਪਤੀਆਂ ਦਾ ਪੱਕਾ ਪ੍ਰਮਾਣ ਹੈ। ਉਨ੍ਹਾਂ ਦੱਸਿਆ ਕਿ ਕਾਮਰਸ ਲੈਕਚਰਾਰ ਪ੍ਰਦੀਪ ਸਿੰਘ ਨੇ ਲਗਪਗ 25 ਸਾਲਾਂ ਦੀ ਲਗਨ, ਕੁਰਬਾਨੀ, ਨਿਰਸਵਾਰਥ ਮਿਹਨਤ ਅਤੇ ਲਗਨ ਨਾਲ ਨਿਭਾਈਆਂ ਅਣਥੱਕ ਸੇਵਾਵਾਂ ਦੇ ਨਤੀਜੇ ਵਜੋਂ ਇਸ ਵੱਕਾਰੀ ਅਤੇ ਸਰਵਉੱਚ ਰਾਸ਼ਟਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਉਨ੍ਹਾਂ ਨੂੰ ਪੰਜਾਬ ਭਰ ਦੀਆਂ ਵੱਖ-ਵੱਖ ਸਮਾਜਿਕ ਅਤੇ ਵਿੱਦਿਅਕ ਸੰਸਥਾਵਾਂ ਵੱਲੋਂ ਕਈ ਵਾਰ ਸਨਮਾਨਿਤ ਕੀਤਾ ਜਾ ਚੁੱਕਾ ਹੈ। ਇਸ ਦੌਰਾਨ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੇ ਉਨ੍ਹਾਂ ਨੂੰ ਸਿੱਖਿਆ ਦੇ ਖੇਤਰ ਵਿੱਚ ਪਾਏ ਵਿਲੱਖਣ ਯੋਗਦਾਨ ਲਈ ਰਾਸ਼ਟਰੀ ਪੱਧਰ ‘ਤੇ ਸਰਵੋਤਮ ਅਧਿਆਪਕ ਦਾ ਐਵਾਰਡ ਮਿਲਣ ‘ਤੇ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਚੰਗੀ ਸਿਹਤ ਅਤੇ ਲੰਬੀ ਉਮਰ ਦੀ ਕਾਮਨਾ ਕੀਤੀ ? ਖੁਸ਼ੀ ਦੇ ਇਨ੍ਹਾਂ ਵਿਸ਼ੇਸ਼ ਪਲਾਂ ਨੂੰ ਰੌਸ਼ਨ ਕਰਦੇ ਹੋਏ ਵਿਸ਼ੇਸ਼ ਤੌਰ ‘ਤੇ ਹਾਜ਼ਰ ਸਕੂਲ ਮੈਨੇਜਮੈਂਟ ਕਮੇਟੀ ਦੇ ਮੁਖੀ ਸ਼੍ਰੀ ਅਜੇ ਜੈਨ, ਸਕੱਤਰ ਅਤੁਲ ਜੈਨ ਅਤੇ ਖਜ਼ਾਨਚੀ ਅਜੀਤ ਜੈਨ ਨੇ ਸਕੂਲ ਵਿਚ ਲੰਬੇ ਸਮੇਂ ਤੋਂ ਸੇਵਾ ਨਿਭਾਅ ਰਹੇ ਲੈਕਚਰਾਰ ਪ੍ਰਦੀਪ ਸਿੰਘ ਨੂੰ ਵਧਾਈ ਦਿੰਦੇ ਹੋਏ ਉਨ੍ਹਾਂ ਨੂੰ ਮਾਣ, ਮਾਣ ਅਤੇ ਮਾਣ ਦੱਸਿਆ। ਸਕੂਲ ਦਾ ਮਾਣ ਤੁਹਾਡੀ ਸ਼ਾਨਦਾਰ ਸਫਲਤਾ ਲਈ ਸ਼ੁਭਕਾਮਨਾਵਾਂ। ਉਨ੍ਹਾਂ ਕਿਹਾ ਕਿ ਸਿੱਖਿਆ ਜਗਤ ਵਿੱਚ ਉਨ੍ਹਾਂ ਦਾ ਵਡਮੁੱਲਾ ਯੋਗਦਾਨ ਸ਼ਲਾਘਾਯੋਗ ਹੈ। ਪ੍ਰਬੰਧਕ ਕਮੇਟੀ ਨੇ ਕਿਹਾ ਕਿ ਸਕੂਲ ਲਈ ਇਹ ਬਹੁਤ ਹੀ ਮਾਣ ਵਾਲਾ ਮੌਕਾ ਹੈ। ਇਸ ਦੌਰਾਨ ਸਕੂਲ ਪ੍ਰਬੰਧਕ ਕਮੇਟੀ ਵੱਲੋਂ ਉਨ੍ਹਾਂ ਨੂੰ ਇਸ ਪ੍ਰਾਪਤੀ ਲਈ ਵਿਸ਼ੇਸ਼ ਤੌਰ ‘ਤੇ ਸਨਮਾਨਿਤ ਵੀ ਕੀਤਾ ਗਿਆ।

# ਬਾਸਮਤੀ ਵਾਲੇ ਖੇਤਾਂ ਵਿਚ ਕਣਕ ਦੀ ਬਿਜਾਈ ਤੋਂ ਪਹਿਲਾਂ ਕੀਟਨਾਸ਼ਕਾਂ ਨਾਲ ਬੀਜ ਨੂੰ ਸੋਧਣਾ ਜ਼ਰੂਰੀ

ਪੰਜਾਬ ਦਾ ਖੁਲਾਸਾ

**ਫ਼ਰੀਦਕੋਟ 19 ਨਵੰਬਰ (ਗੁਰਦੀਪ ਸਿੰਘ ਢਿੱਲੋਂ)** ਬਹੁਤਾਤ ਰਕਬੇ ਵਿੱਚ ਕਣਕ ਦੀ ਬਿਜਾਈ ਸੁਪਰ/ਹੈਪੀ , ਸਮਾਰਟ ਜਾਂ ਸਰਫੇਸ ਸੀਡਰ ਨਾਲ ਕੀਤੀ ਜਾਂਦੀ ਹੈ ਪਰ ਕਿਸਾਨਾਂ ਦੇ ਮਨ ਅੰਦਰ ਡਰ ਬਣਿਆ ਰਹਿੰਦਾ ਹੈ ਕਿ ਸੁਪਰ ਸੀਡਰ ਨਾਲ ਕਣਕ ਦੀ ਬਿਜਾਈ ਕਰਨ ਨਾਲ ਫਸਲ ਨੂੰ ਗੁਲਾਬੀ ਸੁੰਡੀ ਨੁਕਸਾਨ ਕਰਦੀ ਹੈ ਜਿਸ ਕਾਰਨ ਝੋਨੇ ਦੀ ਪਰਾਲੀ ਜਾਂ ਕੰਬਾਈਨ ਦੇ ਕਟਾਈ ਉਪਰੰਤ ਲਾਈਨਾਂ ਵਿਚ ਫੂਸ ਨੂੰ ਅੱਗ ਲਗਾ ਕੇ ਕਣਕ ਦੀ ਬਿਜਾਈ ਸੁਪਰ , ਹੈਪੀ ਸੀਡਰ ਜਾਂ ਸਮਾਰਟ ਸੀਡਰ ਨਾਲ ਕਣਕ ਦੀ ਬਿਜਾਈ ਕਰਦੇ ਹਨ ,ਅਜਿਹਾ ਕਰਨ ਨਾਲ ਹਵਾ ਦਾ ਪ੍ਰਦੂਸ਼ਣ ਤਾਂ ਵਧਦਾ ਹੀ ਸਗੋਂ ਜ਼ਮੀਨ ਨੂੰ ਮਿਲਣ ਵਾਲੇ ਖੁਰਾਕੀ ਤੱਤਾਂ ਦਾ ਭਾਰੀ ਨੁਕਸਾਨ ਹੋ ਜਾਂਦਾ ਹੈ।

ਇਸ ਬਾਰੇ ਜਾਣਕਾਰੀ ਦਿੰਦਿਆਂ ਡਾ. ਅਮਰੀਕ ਸਿੰਘ ਮੁੱਖ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਗੁਲਾਬੀ ਸੁੰਡੀ ਤਾਂ ਹਰੇਕ ਤਰ੍ਹਾਂ ਦੀ ਤਕਨੀਕ ਨਾਲ ਬਿਜਾਈ ਕੀਤੀ ਗਈ ਕਣਕ ਦੀ ਫਸਲ ਉੱਪਰ ਹਮਲਾ ਸਕਦੀ ਹੈ। ਕਣਕ ਤੋਂ ਇਲਾਵਾ ਇਹ ਸੁੰਡੀ ਮੱਕੀ,ਝੋਨਾ ,ਬਾਸਮਤੀ ਅਤੇ ਜਵਾਰ ਵਿਚ ਵੀ ਹਮਲਾ ਕਰਦੀ ਹੈ, ਇਸ ਲਈ ਗੁਲਾਬੀ ਸੁੰਡੀ ਤੋਂ ਡਰਨ ਦੀ ਨਹੀਂ ਸਗੋਂ ਸਮੇਂ ਸਿਰ ਸਿਫਾਰਸ਼ਸ਼ੁਦਾ ਤਕਨੀਕਾਂ ਵਰਤ ਕੇ ਇਲਾਜ ਕਰਨ ਦੀ ਜ਼ਰੂਰਤ ਹੈ। ਉਨ੍ਹਾਂ ਦੱਸਿਆ ਕਿ ਗੁਲਾਬੀ ਸੁੰਡੀ, ਜਦੋਂ ਝੋਨੇ ਦੀ ਫਸਲ ਵਿੱਚ ਹੁੰਦੀ ਹੈ ਤਾਂ ਫਸਲ ਦੀ ਕਟਾਈ ਉਪਰੰਤ ਝੋਨੇ ਦੇ ਮੁੱਢਾਂ ਵਿੱਚ ਲੁਕ ਕੇ ਮਿੱਟੀ ਵਿੱਚ ਨਿਵਾਸ ਕਰਦੀ ਹੈ। ਇਸ ਸੁੰਡੀ ਦੇ ਮਾਦਾ ਪਤੰਗੇ ਤਣੇ ਦੁਆਲੇ ਪੱਤੇ ਵਿਚ ਅੰਡੇ ਦਿੰਦੀਆਂ ਹਨ ਜਿਸ ਵਿਚੋਂ ਮੌਸਮ ਦੇ ਹਿਸਾਬ ਨਾਲ 6-7 ਦਿਨਾਂ ਬਾਅਦ ਸੁੰਡੀਆਂ ਨਿਕਲ ਕੇ ਤਣੇ ਵਿਚ ਮੋਰੀ ਕਰਕੇ ਤਣੇ ਅੰਦਰਲਾ ਮਾਦਾ ਖਾਂਦੀਆਂ ਹਨ । ਸੁੰਡੀਆਂ ਦੁਆਰਾ ਤਣੇ ਅੰਦਰਲਾ ਮਾਦਾ ਖਾਣ ਨਾਲ ਮੁੱਖ ਸ਼ਾਖ਼ ਸੁੱਕ ਜਾਂਦੀ ਹੈ ਅਤੇ ਬੂਟਾ ਪੀਲਾ ਪੈ ਕੇ ਸੁੱਕ ਜਾਂਦਾ ਹੈ।



ਉਨ੍ਹਾਂ ਕਿਹਾ ਕਿ ਇਸ ਗੱਲ ਦਾ ਖਾਸ ਖਿਆਲ ਰੱਖਿਆ ਜਾਵੇ ਕਿ ਸੁੰਡੀ ਦਾ ਹਮਲਾ ਆਰਥਿਕ ਕਗਾਰ ਤੋਂ ਉੱਪਰ ਨਾ ਜਾਵੇ ਮਤਲਬ ਕਿ ਜੇਕਰ ਹਮਲਾ ਜ਼ਿਆਦਾ ਹੈ ਤਾਂ ਕੀਟਨਾਸ਼ਕਾਂ ਦੀ ਵਰਤੋਂ ਕਰੋ। ਕਈ ਵਾਰ ਜੇਕਰ ਸਮੇਂ ਸਿਰ ਇਲਾਜ ਨਾ ਕੀਤਾ ਜਾਵੇ ਤਾਂ ਸੁੰਡੀ ਕਣਕ ਦੀ ਫਸਲ ਦਾ ਕਾਫੀ ਨੁਕਸਾਨ ਕਰ ਦਿੰਦੀ ਹੈ। ਉਨ੍ਹਾਂ ਦੱਸਿਆ ਕਿ ਕਣਕ ਦੀ ਗੁਲਾਬੀ ਸੁੰਡੀ ਤੋਂ ਘਬਰਾਉਣ ਦੀ ਨਹੀਂ ਸਗੋਂ ਸਮੇਂ ਸਿਰ ਸਿਫਾਰਸ਼ਸ਼ੁਦਾ ਤਕਨੀਕਾਂ ਵਰਤ ਕੇ ਇਲਾਜ ਕਰਨ ਦੀ ਜ਼ਰੂਰਤ ਹੈ। ਗੁਲਾਬੀ ਸੁੰਡੀ ਦੀ ਰੋਕਥਾਮ ਬਾਰੇ ਉਨ੍ਹਾਂ ਦਸਿਆ ਕਿ ਕਣਕ ਦੀ ਫਸਲ ਨੂੰ ਗੁਲਾਬੀ ਸੁੰਡੀ ਤੋਂ ਬਚਾਅ ਕਰਨ ਦਾ ਇੱਕੋ ਇੱਕ ਸੌਖਾ ਅਤੇ ਸਸਤਾ ਤਰੀਕਾ ਬੀਜ ਦੀ ਸੋਧ ਹੈ ਜਿਸ ਨਾਲ ਕਣਕ ਦੀ ਫਸਲ ਨੂੰ ਨਾਂ ਕੇਵਲ ਗੁਲਾਬੀ ਸੁੰਡੀ ਦੇ ਹਮਲੇ ਤੋਂ ਬਚਾਇਆ ਜਾ ਸਕਦਾ ਹੈ ਸਗੋਂ ਕਣਕ ਦੇ ਬੀਜ ਦੀ ਉੱਗਣ ਸ਼ਕਤੀ ਵਿੱਚ ਵਾਧਾ ਵੀ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਜਿੰਨਾ ਕਿਸਾਨਾਂ ਨੇ ਬਾਸਮਤੀ ਵਾਲੇ ਖੇਤਾਂ ਵਿੱਚ ਕਣਕ ਦੀ ਬਿਜਾਈ ਕਰਨੀ ਹੈ ,ਉਹ ਬੀਜ ਨੂੰ ਬਿਜਾਈ ਤੋਂ ਪਹਿਲਾਂ ਜ਼ਰੁਰ ਸੋਧ ਲੈਣ ।

ਉਨ੍ਹਾਂ ਦੱਸਿਆ ਕਿ ਬੀਜ ਸੋਧਣ ਲਈ ਬੀਜ ਨੂੰ ਬਿਜਾਈ ਤੋਂ ਪਹਿਲਾਂ ਕੀਟਨਾਸ਼ਕਾਂ ਜਿਵੇਂ 160 ਮਿਲੀ ਲਿਟਰ ਕਲੋਰੋਪਾਈਰੋਫਾਸ ਜਾਂ 80 ਮਿਲੀ ਲਿਟਰ ਇਮਿਡਾਕਲੋਪ੍ਰਿਡ+ ਹੈਕਸਾਕੋਨਾਜ਼ੋਲ ਪ੍ਰਤੀ 40 ਕਿਲੋ ਬੀਜ ਨਾਲ ਸੋਧ ਕੇ ਬਿਜਾਈ ਕਰੋ । ਇਨ੍ਹਾਂ ਕੀਟਨਾਸ਼ਕਾਂ ਵਿੱਚੋਂ ਕਿਸੇ ਇੱਕ ਕੀਟਨਾਸ਼ਕ ਨੂੰ ਇੱਕ ਲਿਟਰ ਪਾਣੀ ਵਿੱਚ ਘੋਲ ਕੇ 40 ਕਿਲੋ ਬੀਜ ਦੀ ਪੱਕੇ ਫਰਸ਼ ਜਾਂ ਤਰਪਾਲ ਜਾਂ ਪਲਾਸਟਿਕ ਦੀ ਸ਼ੀਟ ਤੇ ਪਤਲੀ ਤਹਿ ਵਿਛਾਅ ਕੇ ਛਿੜਕਾਅ ਕਰੋ ਅਤੇ ਸੁਕਾਉਣ ਉਪਰੰਤ ਬਿਜਾਈ ਕਰ ਦਿਉ।

ਉਨ੍ਹਾਂ ਦੱਸਿਆ ਕਿ ਕਣਕ ਦੀ ਫ਼ਸਲ ਨੂੰ ਪਹਿਲਾ ਪਾਣੀ ਲਾਉਣ ਤੋਂ ਪਹਿਲਾਂ ਫ਼ਸਲ ਦਾ ਨਿਰੰਤਰ ਨਿਰੀਖਣ ਕਰੋ ,ਜੇਕਰ ਕਣਕ ਦੀ ਫ਼ਸਲ ਉੱਪਰ ਗੁਲਾਬੀ ਸੁੰਡੀ ਦਾ ਹਮਲਾ ਆਰਥਿਕ ਕਗਾਰ ਤੋਂ ਜ਼ਿਆਦਾ ਹੋਵੇ ਤਾਂ ਪਹਿਲਾ ਪਾਣੀ ਲਾਉਣ ਤੋਂ ਪਹਿਲਾਂ 7 ਕਿਲੋ ਫਿਪਰੋਨਿਲ ਜਾਂ ਇੱਕ ਲਿਟਰ ਕਲੋਰੋਪਾਈਰੀਫਾਸ ਨੂੰ 20 ਈ ਸੀ ਨੂੰ 20 ਕਿਲੋ ਸਿੱਲੀ ਮਿੱਟੀ ਵਿੱਚ ਰਲਾ ਕੇ ਛੱਟਾ ਦੇ ਦਿਉ।ਉਨ੍ਹਾਂ ਦੱਸਿਆ ਕਿ ਕਣਕ ਦੀ ਫਸਲ ਨੂੰ ਦਿਨ ਸਮੇਂ ਪਹਿਲਾਂ ਪਾਣੀ ਲਗਾਉਣ ਨੂੰ ਤਰਜ਼ੀਹ ਦਿਉ ਤਾਂ ਜੋ ਪੰਛੀ ਵੱਧ ਤੋਂ ਵੱਧ ਸੁੰਡੀਆਂ ਦਾ ਸ਼ਿਕਾਰ ਕਰ ਸਕਣ। ਉਨ੍ਹਾਂ ਦੱਸਿਆ ਕਿ ਜੇਕਰ ਪਹਿਲਾ ਪਾਣੀ ਲਾਉਣ ਤੋਂ ਬਾਅਦ ਸੁੰਡੀ ਦਾ ਹਮਲਾ ਦਿਖਾਈ ਦਿੰਦਾ ਹੈ ਤਾਂ 50 ਮਿਲੀ ਲਿਟਰ ਕਲੋਰਐਂਟਰਾਨਿਲੀਪਰੋਲ 18.5 ਐਸ ਸੀ ਨੂੰ 100 ਲਿਟਰ ਪਾਣੀ ਵਿੱਚ ਘੋਲ ਕੇ ਨੂਪ ਸੈਕ ਛਿੜਕਾਅ ਪੰਪ ਵਰਤ ਕੇ ਗੋਲ ਨੋਜ਼ਲ ਨਾਲ ਛਿੜਕਾਅ ਕਰੋ।

# ਪੰਚਾਇਤਾਂ ਨਸ਼ਿਆਂ, ਸਮਾਜਿਕ ਅਲਾਮਤਾਂ ਦੇ ਖਾਤਮੇ ਤੇ ਸਮੁੱਚੇ ਵਿਕਾਸ ਲਈ ਕੰਮ ਕਰਨ- ਸਪੀਕਰ ਸੰਧਵਾਂ

ਪੰਜਾਬ ਦਾ ਖੁਲਾਸਾ

**ਫ਼ਰੀਦਕੋਟ 19 ਨਵੰਬਰ (ਗੁਰਦੀਪ ਸਿੰਘ ਢਿੱਲੋਂ):-** ਅੱਜ ਜ਼ਿਲ੍ਹੇ ਦੇ ਨਵੇਂ ਚੁਣੇ ਗਏ ਪੰਚਾਂ ਤੇ ਸਹੁੰ ਚੁੱਕ ਦਾ ਜ਼ਿਲ੍ਹਾ ਪੱਧਰੀ ਸਮਾਗਮ ਇਥੋਂ ਦੇ ਨਹਿਰੂ ਸਟੇਡੀਅਮ ਵਿਖੇ ਹੋਇਆ, ਜਿਸ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ । ਇਸ ਮੌਕੇ ਫ਼ਰੀਦਕੋਟ ਦੇ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ, ਐਮ.ਐਲ.ਏ ਜੈਤੋ ਸ. ਅਮੋਲਕ ਸਿੰਘ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਅਤੇ ਐਸ.ਐਸ.ਪੀ ਡਾ. ਪ੍ਰੱਗਿਆ ਜੈਨ ਵੱਲੋਂ ਸਪੀਕਰ ਅਤੇ ਐਮ.ਐਲ.ਏ ਸਹਿਬਾਨਾਂ ਨੂੰ ਬੁੱਕੇ ਦੇ ਕੇ ਉਨ੍ਹਾਂ ਨੂੰ ਜੀ ਆਇਆ ਕਿਹਾ ਗਿਆ। ਇਸ ਮੌਕੇ ਜ਼ਿਲ੍ਹੇ ਦੇ ਨਵੇਂ ਚੁਣੇ ਪੰਚਾਂ ਨੂੰ ਸੰਬੋਧਨ ਕਰਦਿਆਂ ਸ. ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਵਿਧਾਨ ਸਭਾ ਨੇ ਸੱਦਾ ਦਿੱਤਾ ਕਿ ਉਹ ਪਿੰਡਾਂ ਵਿੱਚੋਂ ਸਮਾਜਿਕ ਅਲਾਮਤਾਂ ਤੇ ਨਸ਼ਿਆਂ ਦੇ ਖਾਤਮੇ ਅਤੇ ਵਾਤਾਵਰਨ ਦੀ ਸੰਭਾਲ ਲਈ ਅੱਗੇ ਆਉਣ ਅਤੇ ਆਪਣੇ ਆਪਣੇ ਪਿੰਡਾਂ ਨੂੰ ਮਾਡਲ ਪਿੰਡ ਵਜੋਂ ਵਿਕਸਿਤ ਕਰਨ । ਉਨ੍ਹਾਂ ਕਿਹਾ ਕਿ ਫੰਡਾਂ ਦੀ ਸਹੀ ਢੰਗ ਨਾਲ ਵਰਤੋਂ ਯਕੀਨੀ ਬਣਾਉਣ ਲਈ ਪਿੰਡਾਂ ਦੇ ਵਿਕਾਸ ਨਾਲ ਸਬੰਧਤ ਫੈਸਲੇ ਗ੍ਰਾਮ ਸਭਾਵਾਂ ਵਿੱਚ ਲਏ ਜਾਣੇ ਯਕੀਨੀ ਬਣਾਏ ਜਾਣ । ਉਨ੍ਹਾਂ ਸਰਬਸੰਮਤੀ ਨਾਲ ਪੰਚਾਇਤਾਂ ਚੁਣਨ ਲਈ ਪਿੰਡਾਂ ਦੇ ਲੋਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਜ਼ਿਲ੍ਹੇ ਦੇ 44 ਸਰਪੰਚ ਅਤੇ 953 ਪੰਚਾਂ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ ਹੈ ਅਤੇ ਜ਼ਿਲ੍ਹੇ ਲਈ ਸਰਕਾਰ ਗਰਾਂਟਾਂ ਦੇ ਕੇ ਪੰਚਾਇਤਾਂ ਰਾਹੀਂ ਪਿੰਡਾਂ ਦਾ ਸਰਵਪੱਖੀ ਵਿਕਾਸ ਕਰੇਗੀ ।

ਸਪੀਕਰ ਸ.ਸੰਧਵਾਂ ਨੇ ਕਿਹਾ ਕਿ ਪੰਚਾਇਤਾਂ ਲੋਕਤੰਤਰ ਦੀ ਮੁੱਢਲੀ ਇਕਾਈ ਹਨ ਤੇ ਇਨ੍ਹਾਂ ਨੂੰ ‘ਲੋਕਤੰਤਰ ਦੇ ਥੰਮ੍ਹ’ ਵਜੋਂ ਜਾਣਿਆ ਜਾਂਦਾ ਹੈ ਕਿਉਂਕਿ ਉਨ੍ਹਾਂ ਕੋਲ ਅਥਾਹ ਸ਼ਕਤੀ ਹੁੰਦੀ ਹੈ ਅਤੇ ਉਸ ਦੇ ਫੈਸਲੇ ਨੂੰ ਪੂਰਾ ਪਿੰਡ ਸਤਿਕਾਰ ਨਾਲ ਮੰਨਦਾ ਹੈ। ਜਦੋਂ ਸੂਬੇ ਦੇ ਲੋਕਾਂ ਨੇ ਸਰਪੰਚਾਂ ਨੂੰ ਇਹ ਸ਼ਕਤੀਆਂ ਦਿੱਤੀਆਂ ਹਨ ਤਾਂ ਉਨ੍ਹਾਂ ਦੇ ਹਿੱਤਾਂ ਦੀ ਰਾਖੀ ਅਤੇ ਉਨ੍ਹਾਂ ਦੀਆਂ ਇੱਛਾਵਾਂ ਦੀ ਕਦਰ ਕਰਨਾ ਪੰਚਾਇਤਾਂ ਦਾ ਮੁੱਢਲਾ ਫ਼ਰਜ਼ ਹੈ।ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਨ ਲਈ ਸਰਪੰਚਾਂ ਨੂੰ ਆਪਣੇ ਪਿੰਡਾਂ ਨੂੰ ਨਸ਼ਾ ਮੁਕਤ ਬਣਾਉਣ ਉੱਤੇ ਜ਼ੋਰ ਦੇਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਅਕਤੂਬਰ ਵਿੱਚ ਹੋਈਆਂ ਇਨ੍ਹਾਂ ਪੰਚਾਇਤੀ ਚੋਣਾਂ ਵਿੱਚ ਜ਼ਿਲ੍ਹੇ ਦੇ 1653 ਪੰਚ ਅਤੇ 241 ਸਰਪੰਚ ਚੁਣੇ ਗਏ ਹਨ।

ਹਲਕਾ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਜੋ ਨੀਤੀਆਂ ਬਣਾਈਆਂ ਜਾਂਦੀਆਂ ਹਨ ਅਤੇ ਇਨ੍ਹਾਂ ਨੂੰ ਜ਼ਮੀਨੀ ਪੱਧਰ ‘ਤੇ ਲਾਗੂ ਕਰਨ ਵਿੱਚ ਸਰਪੰਚਾਂ-ਪੰਚਾਂ ਦੀ ਵੱਡੀ ਭੂਮਿਕਾ ਹੁੰਦੀ ਹੈ। ਉਨ੍ਹਾਂ ਸਮੂਹ ਸਰਪੰਚਾਂ ਨੂੰ ਅੱਜ ਤੋਂ ਹੀ ਵਿਕਾਸ ਕਾਰਜਾਂ ਲਈ ਸਮਰਪਿਤ ਹੋਣ ਦੀ ਅਪੀਲ ਕੀਤੀ। ਉਨ੍ਹਾਂ ਸਰਪੰਚਾਂ ਨੂੰ ਪਿੰਡਾਂ ਨੂੰ ਸਾਫ਼-ਸੁਥਰਾ, ਹਰਿਆ ਭਰਿਆ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਲਈ ਸਖ਼ਤ ਮਿਹਨਤ ਕਰਨ ਲਈ ਵੀ ਕਿਹਾ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਵਿਕਾਸ ਲਈ ਪੰਜਾਬ ਸਰਕਾਰ ਵੱਲੋਂ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ । ਉਨ੍ਹਾਂ ਕਿਹਾ ਕਿ ਪਾਰਟੀਬਾਜੀ ਤੋਂ ਉੱਪਰ ਉੱਠ ਕੇ ਸਰਪੰਚ ਨੂੰ ਪਿੰਡ ਦੇ ਹਰ ਵਸਨੀਕ ਨਾਲ ਬਰਾਬਰ ਦਾ ਸਲੂਕ ਕਰਨਾ ਚਾਹੀਦਾ ਹੈ ਅਤੇ ਨਿਰਪੱਖਤਾ ਨਾਲ ਫੈਸਲੇ ਲੈਣੇ ਚਾਹੀਦੇ ਹਨ।

ਐਮ.ਐਲ.ਏ ਜੈਤੋ ਸ.ਅਮੋਲਕ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਅਤੇ ਤਰੱਕੀ ਲਈ ਵਚਨਬੱਧ ਹੈ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਸਰਪੰਚ ਸਰਕਾਰ ਅਤੇ ਪਿੰਡਾਂ ਵਿਚਕਾਰ ਪੁਲ ਦਾ ਕੰਮ ਕਰਦੇ ਹਨ ਅਤੇ ਪਿੰਡਾਂ ਦੇ ਵਿਕਾਸ ਵਿੱਚ ਵੱਡਾ ਰੋਲ ਅਦਾ ਕਰਦੇ ਹਨ । ਉਨ੍ਹਾਂ ਕਿਹਾ ਕਿ ਸਰਪੰਚਾਂ ਨੂੰ ਪਿੰਡਾਂ ਵਿੱਚੋਂ ਧੜੇਬੰਦੀ ਨੂੰ ਖ਼ਤਮ ਕਰਨ ਨੂੰ ਪਹਿਲ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸਭ ਨੇ ਰਲ ਕੇ ਆਪਣੇ ਆਪਣੇ ਪਿੰਡ ਦਾ ਵਿਕਾਸ ਕਰਨਾ ਹੈ ।

ਇਸ ਮੌਕੇ ਸਵੱਛ ਭਾਰਤ ਮਿਸ਼ਨ ਤਹਿਤ ਸਫਾਈ ਨੂੰ ਯਕੀਨੀ ਬਣਾਉਣ ਲਈ ਵਿਸ਼ਵ ਪਖਾਨਾ ਦਿਵਸ ਸਬੰਧੀ ਪੋਸਟਰ ਵੀ ਜਾਰੀ ਕੀਤਾ ਗਿਆ। ਜਿਸ ਦਾ ਮੁੱਖ ਉਦੇਸ਼ ਖੁੱਲੇ ਵਿੱਚ ਸ਼ੌਚ ਨੂੰ ਖਤਮ ਕਰਨਾ ਹੈ। ਇਸ ਮੌਕੇ ਡਾ.ਮਹਿੰਦਰ ਸਿੰਘ ਸਾਂਭੀ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਵੱਲੋਂ ਰਾਸ਼ਟਰੀ ਗੀਤ ਗਾਇਆ ਗਿਆ ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ(ਜ) ਓਜਸਵੀ ਅਲੰਕਾਰ, ਵਧੀਕ ਡਿਪਟੀ ਕਮਿਸ਼ਨਰ(ਵਿ) ਸ.ਨਰਭਿੰਦਰ ਸਿੰਘ ਗਰੇਵਾਲ, ਸ. ਸੁਖਜੀਤ ਸਿੰਘ ਢਿੱਲਵਾਂ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ, ਸ. ਗੁਰਤੇਜ ਸਿੰਘ ਖੋਸਾ ਚੇਅਰਮੈਨ ਨਗਰ ਸੁਧਾਰ ਟਰੱਸਟ, ਸ.ਅਮਨਦੀਪ ਸਿੰਘ ਬਾਬਾ ਚੇਅਰਮੈਨ ਮਾਰਕਿਟ ਕਮੇਟੀ ਫ਼ਰੀਦਕੋਟ, ਸ. ਗੁਰਮੀਤ ਸਿੰਘ ਚੇਅਰਮੈਨ ਮਾਰਕਿਟ ਕਮੇਟੀ ਕੋਟਕਪੂਰਾ,ਸ. ਰਮਨਦੀਪ ਸਿੰਘ ਚੇਅਰਮੈਨ ਮਾਰਕਿਟ ਕਮੇਟੀ ਸਾਦਿਕ, ਸ. ਸੁਖਵੰਤ ਸਿੰਘ ਪੱਕਾ ਪ੍ਰਧਾਨ ਯੂਥ ਵਿੰਗ,ਸ. ਮਨਪ੍ਰੀਤ ਸਿੰਘ ਧਾਲੀਵਾਲ,ਅਮਨਦੀਪ ਸਿੰਘ, ਜਸਬੀਰ ਜੱਸੀ ਮੰਚ ਸੰਚਾਲਕ ਤੋਂ ਇਲਾਵਾ ਪਿੰਡਾਂ ਦੇ ਪੰਚ ਸਰਪੰਚ ਹਾਜ਼ਰ ਸਨ।




# ਕੈਂਬਰਿਜ ਸਕੂਲ ਦੀ ਹੋਣਹਾਰ ਵਿਦਿਆਰਥਣ ਅਮਨਪ੍ਰੀਤ ਨੇ ਜਿੱਤਿਆ ਐਫ.ਏ.ਪੀ. ਨੈਸ਼ਨਲ ਅਵਾਰਡ

ਪੰਜਾਬ ਦਾ ਖੁਲਾਸਾ

**ਫਗਵਾੜਾ 19 ਨਵੰਬਰ (ਪ੍ਰੀਤ ਕੌਰ ਪ੍ਰੀਤੀ)** ਕੈਂਬਰਿਜ ਇੰਟਰਨੈਸ਼ਨਲ ਪਬਲਿਕ ਸਕੂਲ ਫਗਵਾੜਾ ਦੀ ਹੋਣਹਾਰ ਵਿਦਿਆਰਥਣ ਅਮਨਪ੍ਰੀਤ ਕੌਰ ਨੂੰ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਜ਼ ਵੱਲੋਂ ਐਫਏਪੀ ਐਵਾਰਡ-2024 ਨਾਲ ਸਨਮਾਨਿਤ ਕੀਤਾ ਗਿਆ ਹੈ। ਜਾਣਕਾਰੀ ਦਿੰਦਿਆਂ ਅਮਨਪ੍ਰੀਤ ਕੌਰ ਦੇ ਪਿਤਾ ਅਤੇ ‘ਆਪ’ ਪਾਰਟੀ ਦੇ ਸੀਨੀਅਰ ਆਗੂ ਦਲਜੀਤ ਰਾਜੂ ਦਰਵੇਸ਼ ਪਿੰਡ ਨੇ ਦੱਸਿਆ ਕਿ ਉਨ੍ਹਾਂ ਦੀ ਹੋਣਹਾਰ ਧੀ ਨੇ 10+2 ਦੀ ਸਾਲਾਨਾ ਪ੍ਰੀਖਿਆ ‘ਚ 97.8% ਅੰਕ ਪ੍ਰਾਪਤ ਕਰਕੇ ਜ਼ਿਲ੍ਹਾ ਪੱਧਰ ‘ਤੇ ਪਹਿਲਾ ਸਥਾਨ ਹਾਸਲ ਕੀਤਾ ਸੀ। ਉਨ੍ਹਾਂ ਆਪਣੀ ਪੁੱਤਰੀ ਦੀ ਇਸ ਪ੍ਰਾਪਤੀ ‘ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਆਪਣੀ ਹੋਣਹਾਰ ਬੇਟੀ ‘ਤੇ ਹਮੇਸ਼ਾ ਮਾਣ ਸੀ ਅਤੇ ਰਹੇਗਾ। ਉਨ੍ਹਾਂ ਕਿਹਾ ਕਿ ਅਮਨਪ੍ਰੀਤ ਕੌਰ ਨੇ ਨਾ ਸਿਰਫ਼ ਆਪਣੇ ਸਕੂਲ ਅਤੇ ਪਰਿਵਾਰ ਦਾ ਨਾਂ ਰੌਸ਼ਨ ਕੀਤਾ ਹੈ ਸਗੋਂ ਫਗਵਾੜਾ ਸਮੇਤ ਪੂਰੇ ਜ਼ਿਲ੍ਹੇ ਨੂੰ ਮਾਣ ਮਹਿਸੂਸ ਕਰਨ ਦਾ ਮੌਕਾ ਦਿੱਤਾ ਹੈ। ਦਲਜੀਤ ਰਾਜੂ ਨੇ ਭਰੋਸਾ ਪ੍ਰਗਟਾਇਆ ਕਿ ਉਨ੍ਹਾਂ ਦੀ ਧੀ ਜੀਵਨ ਵਿੱਚ ਸਫ਼ਲਤਾ ਦੀਆਂ ਸਿਖਰਾਂ ਛੂਹ ਕੇ ਪੂਰੇ ਪੰਜਾਬ ਦਾ ਨਾਂ ਰੌਸ਼ਨ ਕਰੇਗੀ। ਜਿਕਰਯੋਗ ਹੈ ਕਿ ਐਫ.ਏ.ਪੀ. ਪੁਰਸਕਾਰ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਜ਼ ਵਲੋਂ ਦਿੱਤਾ ਜਾਣ ਵਾਲਾ ਰਾਸ਼ਟਰੀ ਪੁਰਸਕਾਰ ਹੈ। ਜਿਸ ਦਾ ਉਦੇਸ਼ ਅਕਾਦਮਿਕ, ਖੇਡਾਂ ਅਤੇ ਸੱਭਿਆਚਾਰਕ ਖੇਤਰਾਂ ਵਿੱਚ ਪ੍ਰਾਈਵੇਟ ਸਕੂਲਾਂ ਦੇ ਵਿਦਿਆਰਥੀਆਂ ਦੇ ਯੋਗਦਾਨ ਨੂੰ ਮਾਨਤਾ ਦੇਣਾ ਹੈ। ਇਹ ਪੁਰਸਕਾਰ ਦੂਜੇ ਸਕੂਲਾਂ ਨੂੰ ਵੀ ਸਿੱਖਿਆ, ਖੇਡਾਂ, ਸੱਭਿਆਚਾਰਕ ਵਿਰਾਸਤ ਅਤੇ ਬੁਨਿਆਦੀ ਢਾਂਚੇ ਦੇ ਖੇਤਰਾਂ ਵਿੱਚ ਬਿਹਤਰ ਪ੍ਰਦਰਸ਼ਨ ਕਰਨ ਲਈ ਉਤਸ਼ਾਹਿਤ ਕਰਦਾ ਹੈ। ਦਲਜੀਤ ਰਾਜੂ ਨੂੰ ਹੋਣਹਾਰ ਧੀ ਦੀ ਇਸ ਪ੍ਰਾਪਤੀ ‘ਤੇ ਵਧਾਈਆਂ ਦੇਣ ਦਾ ਸਿਲਸਿਲਾ ਜਾਰੀ ਹੈ।




# ਸਿੱਧ ਪੀਠ ਮੰਦਰ ਮਨਸਾ ਦੇਵੀ ਸਤਨਾਮਪੁਰਾ ਵਿਖੇ ਵਿਨਾਇਕ ਚਤੁਰਥੀ ਮੌਕੇ ਇਸਤਰੀ ਸੰਕੀਰਤਨ ਹੋਇਆ

ਪੰਜਾਬ ਦਾ ਖੁਲਾਸਾ

**ਫਗਵਾੜਾ 19 ਨਵੰਬਰ (ਪ੍ਰੀਤ ਕੌਰ ਪ੍ਰੀਤੀ)** ਮਨਸਾ ਦੇਵੀ ਮਹਿਲਾ ਸੰਕੀਰਤਨ ਮੰਡਲੀ ਵੱਲੋਂ ਮੰਗਲਵਾਰ ਨੂੰ ਪ੍ਰਾਚੀਨ ਸਿੱਧ ਪੀਠ ਮਾਤਾ ਜਵਾਲਾ ਜੀ ਮੰਦਿਰ ਮਾਨਸਾ ਦੇਵੀ ਮੰਦਿਰ ਹਦੀਆਬਾਦ ਵਿਖੇ ਵਿਨਾਇਕ ਚਤੁਰਥੀ ਮੌਕੇ ਸੰਕੀਰਤਨ ਕੀਤਾ ਗਿਆ। ਜਿਸ ਵਿੱਚ ਮਹਿਲਾ ਸਮੂਹ ਨੇ ਮਾਤਾ ਭਗਵਤੀ ਦੇ ਨਾਲ-ਨਾਲ ਭਗਵਾਨ ਸ਼੍ਰੀ ਗਣੇਸ਼ ਦੀ ਮਹਿਮਾ ਦਾ ਗੁਣਗਾਨ ਕੀਤਾ। ਸ਼ਰਧਾਲੂਆਂ ਨੇ ਵੀ ਪੂਰੀ ਸ਼ਰਧਾ ਭਾਵਨਾ ਨਾਲ ਰੁਕਾਵਟਾਂ ਦੂਰ ਕਰਨ ਵਾਲੇ ਭਗਵਾਨ ਗਣੇਸ਼ ਦੀ ਪੂਜਾ ਕੀਤੀ। ਉਪਰੰਤ ਮਹਾਂ ਆਰਤੀ ਕਰਵਾਈ ਗਈ। ਮੰਦਰ ਦੇ ਪੁਜਾਰੀ ਰਾਮਚਰਨ ਪੋਖਰਿਆਲ ਨੇ ਕਿਹਾ ਕਿ ਵਿਨਾਇਕ ਚਤੁਰਥੀ ‘ਤੇ ਵਰਤ ਰੱਖਣ ਨਾਲ ਪਰਿਵਾਰ ‘ਚ ਖੁਸ਼ਹਾਲੀ ਅਤੇ ਖੁਸ਼ਹਾਲੀ ਆਉਂਦੀ ਹੈ। ਇਸ ਦਿਨ ਭਗਵਾਨ ਗਣੇਸ਼ ਦੀ ਪੂਜਾ ਕਰਨ ਨਾਲ ਸ਼ਰਧਾਲੂਆਂ ਦੀਆਂ ਸਾਰੀਆਂ ਮਨੋਕਾਮਨਾਵਾਂ ਪੂਰੀਆਂ ਹੁੰਦੀਆਂ ਹਨ। ਇਸ ਦੇ ਨਾਲ ਹੀ ਮਨੁੱਖ ਨੂੰ ਹਰ ਤਰ੍ਹਾਂ ਦੀਆਂ ਪ੍ਰੇਸ਼ਾਨੀਆਂ ਤੋਂ ਛੁਟਕਾਰਾ ਮਿਲਦਾ ਹੈ ਅਤੇ ਗਿਆਨ ਦੀ ਪ੍ਰਾਪਤੀ ਹੁੰਦੀ ਹੈ। ਇਸ ਦੇ ਨਾਲ ਹੀ ਦੌਲਤ ਵੀ ਵਧਦੀ ਹੈ। ਇਹ ਸਨਾਤਨ ਹਿੰਦੂ ਧਰਮ ਦਾ ਇੱਕ ਮਹੱਤਵਪੂਰਨ ਤਿਉਹਾਰ ਹੈ, ਜਿਸ ਨੂੰ ਗਣੇਸ਼ ਚਤੁਰਥੀ ਵਜੋਂ ਜਾਣਿਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਭਾਰਤ ਦੇ ਵੱਖ-ਵੱਖ ਹਿੱਸਿਆਂ ਵਿੱਚ ਇਹ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਜਾਂਦਾ ਹੈ। ਇਸ ਦੌਰਾਨ ਸ੍ਰੀ ਸਵਾਮੀ ਸ਼ੰਕਰ ਨਾਥ ਪਰਵਤ ਚੈਰੀਟੇਬਲ ਐਂਡ ਵੈਲਫੇਅਰ ਟਰੱਸਟ ਨਕੋਦਰ ਰੋਡ ਹਦੀਆਬਾਦ ਫਗਵਾੜਾ ਦੇ ਟਰੱਸਟੀ ਮੈਂਬਰਾਂ ਨੇ ਮਾਤਾ ਰਾਣੀ ਦੇ ਸ਼ਰਧਾਲੂ ਅਮਿਤ ਸੁਧੀਰ (ਸੁਧੀਰ ਸਵੀਟਸ) ਸਤਨਾਮਪੁਰਾ ਦੇ ਸਹਿਯੋਗ ਨਾਲ ਸੰਗਤਾਂ ਨੂੰ ਛੋਲੇ-ਚੌਲ, ਹਲਵਾ ਪ੍ਰਸਾਦ ਵਜੋਂ ਵੰਡਿਆ। ਮੰਦਰ ਪਰਿਸਰ ਵਿੱਚ ਆਏ ਸ਼ਰਧਾਲੂਆਂ ਨੂੰ ਛੋਲਿਆਂ ਦਾ ਪ੍ਰਸ਼ਾਦ ਵੰਡਿਆ ਗਿਆ। ਸੇਵਾ ਨਿਭਾਉਣ ਵਾਲਿਆਂ ਵਿਚ ਮੁੱਖ ਤੌਰ ‘ਤੇ ਬ੍ਰਿਜ ਭੂਸ਼ਣ ਜਲੋਟਾ, ਰਣਬੀਰ ਦੁੱਗਲ, ਅਸ਼ੋਕ ਚੱਢਾ, ਲਲਿਤ ਤਿਵਾੜੀ, ਵਿਸ਼ਾਲ ਸ਼ਰਮਾ, ਸੰਜੀਵ ਕੁਮਾਰ, ਡਾ: ਵਰਿੰਦਰ ਵਰਮਾ, ਸੰਦੀਪ ਕੁਮਾਰ ਹਾਂਡਾ, ਪਵਨ ਕਸ਼ਯਪ, ਪ੍ਰਕਾਸ਼ ਯਾਦਵ ਅਤੇ ਮਹਿਲਾ ਸੰਕੀਰਤਨ ਮੰਡਲੀ ਤੋਂ ਸੁਮਨ ਸੇਠ, ਡਾ. ਰਮਾ ਸ਼ਰਮਾ, ਕੁਲਵੰਤ ਕੌਰ, ਮਾਧੁਰੀ ਸ਼ਰਮਾ, ਕਵਿਤਾ ਸ਼ਰਮਾ, ਪਰਵੀਨ ਸ਼ਰਮਾ, ਬਲਵਿੰਦਰ ਕੌਰ, ਰੂਹਾਨੀ ਵਰਮਾ, ਰਜਨੀ. ਹਾਂਡਾ ਆਦਿ ਹਾਜ਼ਰ ਸਨ।



# ਸਿਹਤ ਵਿਭਾਗ ਵਲੋਂ ਚਲਾਈ ਜਾਵੇਗੀ ਡੇਂਗੂ ਵਿਰੁੱਧ ਹਰ ਰੋਜ ਵਿਸ਼ੇਸ਼ ਮੁਹਿੰਮ : ਡਾ ਜਗਦੀਪ ਚਾਵਲਾ ਸਿਵਲ ਸਰਜਨ

ਪੰਜਾਬ ਦਾ ਖੁਲਾਸਾ

**ਸ਼੍ਰੀ ਮੁਕਤਸਰ ਸਾਹਿਬ, 19 ਨਵੰਬਰ (ਮਨਪ੍ਰੀਤ ਮੋਨੂੰ)** - ਸਿਹਤ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਡੇਂਗੂ ਵਿਰੋਧੀ ਵਿਸ਼ੇਸ਼ ਕੰਪੈਨ ਨੂੰ ਮੁੱਖ ਰੱਖਦੇ ਹੋਏ ਸ਼੍ਰੀ ਮੁਕਤਸਰ ਸਾਹਿਬ ਦੇ ਮੈਡੀਕਲ ਕਾਲਜਾਂ ਅਤੇ ਨਰਸਿੰਗ ਕਾਲਜਾਂ ਦੇ ਨੁਮਾਇੰਦਿਆਂ ਨਾਲ ਡਾ ਜਗਦੀਪ ਚਾਵਲਾ ਸਿਵਲ ਸਰਜਨ ਸ਼੍ਰੀ ਮੁਕਤਸਰ ਸਾਹਿਬ ਦੀ ਪ੍ਰਧਾਨਗੀ ਹੇਠ ਦਫਤਰ ਸਿਵਲ ਸਰਜਨ ਵਿਖੇ ਮੀਟਿੰਗ ਕੀਤੀ ਗਈ ਜਿਸ ਵਿਚ ਗੁਰੂ ਨਾਨਕ ਅਯੁਰਵੈਦਿਕ ਮੈਡੀਕਲ ਕਾਲਜ, ਮਾਈ ਭਾਗੋ ਅਯੁਰਵੈਦਿਕ ਮੈਡੀਕਲ ਕਾਲਜ,ਆਦੇਸ਼ ਨਰਸਿੰਗ ਕਾਲਜ, ਸੈਂਟ ਸਹਾਰਾ ਨਰਸਿੰਗ ਇੰਸਟੀਟਿਊਟ, ਮਾਤਾ ਜਰਨੈਲ ਕੌਰ ਨਰਸਿੰਗ ਇੰਸਟੀਟਿਊਟ ਦੇ ਨੁਮਾਇੰਦਿਆਂ ਨੇ ਭਾਗ ਲਿਆ ।ਇਸ ਮੌਕੇ ਡਾ ਜਗਦੀਪ ਚਾਵਲਾ ਸਿਵਲ ਸਰਜਨ ਨੇ ਕਿਹਾ ਕਿ ਪੰਜਾਬ ਰਾਜ ਵਿਚ ਡੇਂਗੂ ਦੇ ਵਧ ਰਹੇ ਕੇਸਾਂ ਕਾਰਨ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਜੀ ਵਲੋਂ ਦਿਸ਼ਾ ਨਿਰਦੇਸ਼ ਦਿੱਤੇ ਗਏ ਹਨ ਕਿ ਡੇਂਗੂ ਦੀ ਬੀਮਾਰੀ ਦੇ ਫੈਲਣ ਤੋਂ ਬਚਾਉਣ ਲਈ ਹਰ ਸ਼ੁੱਕਰਵਾਰ ਦੀ ਥਾਂ ਤੇ ਰੋਜਾਨਾ ਸਿਹਤ ਵਿਭਾਗ ਦੀ ਟੀਮਾਂ ਦੇ ਨਾਲ ਨਾਲ ਨਰਸਿੰਗ ਵਿਦਆਰਥੀਆਂ ਦੀ ਸ਼ਮੂਲੀਅਤ ਕਰਵਾਈ ਜਾਵੇ ਅਤੇ ਡੇਂਗੂ ਵਿਰੋਧੀ ਗਤੀਵਿਧੀਆਂ ਵੱਡੇ ਪੱਧਰ ਤੇ ਰੋਜਾਨਾ ਕੀਤੀਆ ਜਾਣ ।ਇਸ ਸਬੰਧ ਵਿਚ ਸਾਰੇ ਨਰਸਿੰਗ ਵਿਦਆਰਥੀਆਂ ਨੂੰ ਮੱਛਰਾਂ ਦਾ ਲਾਰਵਾ ਕਿਵੇਂ ਪੈਦਾ ਹੁੰਦਾ ਹੈ ਬਾਰੇ ਦੱਸਿਆ ਜਾਵੇਗਾ ਅਤੇ ਲਾਰਵੇ ਦੀ ਪਹਿਚਾਣ, ਲਾਰਵਾ ਨਸ਼ਟ ਕਰਨ ਦੇ ਢੰਗ ਤਰੀਕੇ ਅਤੇ ਡੇਂਗੂ ਵਿਰੋਧੀ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ ।ਉਨ੍ਹਾ ਨਰਸਿੰਗ ਕਾਲਜਾਂ ਦਾ ਨੁਮਾਇੰਦਿਆਂ ਨੂੰ ਕਿਹਾ ਕਿ ਰੋਜਾਨਾ ਇੱਕ ਕਾਲਜ ਤੋਂ 20 ਨਰਸਿੰਗ ਵਿਦਆਰਥੀਆਂ ਦੀ ਸ਼ਮੂਲਿਅਤ ਸ਼ਹਿਰ ਸ਼੍ਰੀ ਮੁਕਤਸਰ ਸਾਹਿਬ ਵਿਖੇ ਸਵੇਰੇ 9 ਵਜੇ ਤੋਂ 12 ਵਜੇ ਤੱਕ ਸਿਹਤ ਵਿਭਾਗ ਦੀ ਟੀਮਾਂ ਨਾਲ ਕਰਵਾਈ ਜਾਵੇ ਤਾਂ ਜੋ ਡੇਂਗੂ ਵਿਰੋਧੀਆਂ ਗਤੀਵਿਧੀਆਂ ਪ੍ਰਭਾਸ਼ਾਲੀ ਤਰੀਕੇ ਨਾਲ ਕੀਤੀਆ ਜਾ ਸਕਣ ਅਤੇ ਡੇਂਗੂ ਤੇ ਕਾਬੂ ਪਾਇਆ ਜਾ ਸਕੇ।ਇਸ ਮੌਕੇ ਸਮੂਹ ਕਾਲਜਾਂ ਦੇ ਨੁਮਾਇੰਦਿਆਂ ਨੇ ਸਿਹਤ ਵਿਭਾਗ ਨਾਲ ਪੂਰਨ ਤੋਰ ਤੇ ਸਹਿਯੋਗ ਦੇਣ ਲਈ ਵਿਸ਼ਵਾਸ ਦਵਾਇਆ ।

ਇਸ ਮੌਕੇ ਡਾ ਜਗਦੀਪ ਚਾਵਲਾ ਨੇ ਦੱਸਿਆ ਕਿ ਡੇਂਗੂ ਵਿਰੋਧੀ ਗਤੀਵਿਧੀਆਂ ਕਰਨ ਲਈ ਸਿਹਤ ਵਿਭਾਗ ਵਲੋਂ ਪਹਿਲਾਂ ਹੀ ਟੀਮਾਂ ਬਣਾਈਆਂ ਗਈਆਂ ਹਨ ਜੋ ਕਿ ਰੋਜਾਨਾ ਸ਼ਹਿਰ ਸ਼੍ਰੀ ਮੁਕਤਸਰ ਸਾਹਿਬ ਵਿਚ ਘਰ ਘਰ ਜਾ ਕੇ ਡੇਂਗੂ ਅਤੇ ਮਲੇਰੀਆ ਦੇ ਫੈਲਣ ਤੋਂ ਬਚਾਅ ਸਬੰਧੀ ਲੋਕਾਂ ਨੂੰ ਜਾਗਰੁਕ ਕਰ ਰਹੀਆਂ ਹਨ ਅਤੇ ਨਾਲ ਹੀ ਡੇਂਗੂ ਵਿਰੋਧੀ ਗਤੀਵਿਧੀਆਂ ਕਰ ਰਹੀਆਂ ਹਨ ਅਤੇ ਲੋਕਾਂ ਨੂੰ ਜਾਗਰੁਕ ਕਰਨ ਲਈ ਪੈਫਲਿਟ ਵੰਡੇ ਜਾ ਰਹੇ ਹਨ ।ਇਸ ਮੌਕੇ ਡਾ ਹਰਕੀਰਤਨ ਸਿੰਘ ਜਿਲ੍ਹਾ ਐਪੀਡੀਮੋਲੋਜਿਸਟ ਨੇ ਦੱਸਿਆ ਕਿ ਡੇਂਗੂ ਬੁਖਾਰ ਏਡੀਜ਼ ਅਜੈਪਟੀ ਨਾਂ ਦੇ ਮੱਛਰ ਦੇ ਕੱਟਣ ਨਾਲ ਫੈਲਦਾ ਹੈ। ਇਹ ਮੱਛਰ ਦਿਨ ਵੇਲੇ ਕੱਟਦਾ ਹੈ ਅਤੇ ਸਾਫ਼ ਪਾਣੀ ਵਿੱਚ ਪੈਦਾ ਹੁੰਦਾ ਹੈ। ਇਸ ਲਈ ਸਾਨੂੰ ਸਾਰਿਆਂ ਨੂੰ ਮੱਛਰ ਪੈਦਾ ਹੋਣ ਵਾਲੇ ਸੋਮਿਆਂ ਨੂੰ ਨਸ਼ਟ ਕਰਨਾ ਚਾਹੀਦਾ ਹੈ। ਘਰਾਂ ਵਿੱਚ ਵਾਧੂ ਪਏ ਬਰਤਨ ਜਿਵੇਂ ਕਿ ਟਾਇਰ, ਟੁੱਟੇ ਘੜੇ ਅਤੇ ਗਮਲੇ ਆਦਿ ਵਿੱਚ ਪਾਣੀ ਖੜਣ ਨਹੀਂ ਦੇਣਾ ਚਾਹੀਦਾ।ਮੱਛਰਦਾਨੀਆ ਅਤੇ ਮੱਛਰ ਭਜਾਉਣ ਵਾਲੀਆਂ ਕਰੀਮਾਂ ਦੀ ਵਰਤੋਂ ਕਰੋ, ਸਾਰੇ ਸਰੀਰ ਨੂੰ ਢੱਕਦੇ ਕੱਪੜੇ ਪਾਓ, ਘਰਾਂ ਦੇ ਆਲੇ ਦੁਆਲੇ ਪਾਣੀ ਨਾ ਖੜ੍ਹਾ ਹੋਣ ਦਿਓ, ਘਰ ਵਿੱਚ ਪਾਣੀ ਵਾਲੀਆਂ ਟੈਂਕੀਆਂ ਨੂੰ ਢੱਕ ਕੇ ਰੱਖੋ।ਉਨ੍ਹਾ ਕਿਹਾ ਕਿ ਜੇਕਰ ਕਿਸੇ ਵਿਅਕਤੀ ਨੂੰ ਇਸ ਸਬੰਧੀ ਕੋਈ ਲੱਛਣ ਜਿਵੇਂ ਤੇਜ ਬੁਖਾਰ ਹੋਣਾ, ਸਿਰ ਦਰਦ, ਅੱਖਾਂ, ਜੋੜਾਂ ਅਤੇ ਸਰੀਰ ਵਿੱਚ ਦਰਦ, ਭੁੱਖ ਘੱਟ ਲੱਗਣਾ ਆਦਿ ਲੱਛਣ ਆਉਣ ਤਾਂ ਨੇੜੇ ਦੇ ਸਿਵਲ ਹਸਪਤਾਲ ਵਿਚ ਜਾ ਕੇ ਮਾਹਿਰ ਡਾਕਟਰ ਨਾਲ ਸੰਪਰਕ ਕੀਤਾ ਜਾਵੇ ਅਤੇ ਡੇਂਗੂ ਦਾ ਟੈਸਟ ਜਰੂਰ ਕਰਵਾਇਆ ਜਾਵੇ ਅਤੇ ਡੇਂਗੂ ਪਾਜੇਟਿਵ ਆਉਣ ਦੀ ਸੂਰਤ ਵਿੱਚ ਮਾਹਿਰ ਡਾਕਟਰ ਤੋਂ ਸੰਪੂਰਨ ਇਲਾਜ ਕਰਵਾਇਆ ਜਾਵੇ।ਸਾਰੇ ਸਿਵਲ ਹਸਪਤਾਲਾਂ ਵਿਚ ਡੇਂਗੂ ਅਤੇ ਮਲੇਰੀਆ ਦਾ ਟੈਸਟ ਅਤੇ ਇਲਾਜ ਮੁਫਤ ਉਪਲੱਬਧ ਹਨ।ਇਸ ਮੌਕੇ ਸੁਖਮੰਦਰ ਸਿੰਘ ਜਿਲ੍ਹਾ ਮਾਸ ਮੀਡੀਆ ਅਫਸਰ,ਭਗਵਾਨ ਦਾਸ, ਲਾਲ ਚੰਦ ਜਿਲ੍ਹਾ ਸਿਹਤ ਇੰਸਪੈਕਟਰ, ਰਵੀ ਕੁਮਾਰ, ਭੁਪਿੰਦਰ ਸਿੰਘ ਸਟੈਨੋ।

